ਪੰਜਾਬ / ਹਰਿਆਣਾ / ਹਿਮਾਚਲ ਪ੍ਰਦੇਸ਼ / ਜੰਮੂ ਕਸ਼ਮੀਰ
ਰਾਜਸਥਾਨ/ ਚੰਡੀਗੜ੍ਹ / ਦਿੱਲੀ / ਐਨਸੀਆਰ

ਸਾਂਝੀ ਖ਼ਬਰ

RNI No. - PUNPUN / 2014 / 59059

ਮੁੱਖ ਸੰਪਾਦਕ :- ਪੀ ਐਸ ਮਿੱਠਾ

ਰੋਜ਼ਾਨਾ

# ਸਾਂਝੀ ਖ਼ਬਰ

ਸਾਂਝ ਪੰਜਾਬੀਆਂ ਦੀ

ਸ਼ੁੱਕਰਵਾਰ, 16 ਅਕਤੂਬਰ / 2026 / ਅੰਕ 276 / ਪੰਨੇ 08 / ਮੁੱਲ 7 ਰੁ:

www.sanjhikhabar.com E-mail : khabarsanjhi@gmail.com sanjhikhabar sanjhikahbar




## 11 ਘੰਟੇ ਬੰਦ ਰਿਹਾ ਪੰਜਾਬ: 1 ਨੌਜਵਾਨ ਦੀ ਮੌਤ, ਕਈ ਪ੍ਰਦਰਸ਼ਨਕਾਰੀ ਡਿਟੇਨ

ਸਾਂਝੀ ਖ਼ਬਰ

(ਕੁਲਦੀਪ ਸਿੰਘ)
ਬਰਨਾਲਾ, 15 ਅਕਤੂਬਰ

ਨਸ਼ਿਆਂ ਖ਼ਿਲਾਫ਼ ਲੜਾਈ ਲੜਣ ਵਾਲੇ ਸੋਸ਼ਲ ਐਕਟਿਵਿਸਟ ਪਰਵਿੰਦਰ ਸਿੰਘ ਝੋਟਾ ਦੇ ਸ਼ਰੇਆਮ ਗੋਲ਼ੀਆਂ ਮਾਰ ਕੇ ਕਤਲ ਕੀਤੇ ਜਾਣ ਦੇ ਵਿਰੋਧ ਵਿਚ ਪੰਜਾਬ ਸਵੇਰੇ 6 ਵਜੇ ਤੋਂ ਲੈ ਕੇ ਸ਼ਾਮ 5 ਵਜੇ ਤਕ, ਯਾਨੀ 11 ਘੰਟਿਆਂ ਲਈ ਬੰਦ ਰੱਖਿਆ ਗਿਆ। ਪਰਵਿੰਦਰ ਸਿੰਘ ਝੋਟੇ ਦੇ ਪਰਿਵਾਰ ਅਤੇ ਉਨ੍ਹਾਂ ਨੂੰ ਇਨਸਾਫ਼ ਦਿਵਾਉਣ ਲਈ ਬਣਾਈ ਗਈ ਸੰਘਰਸ਼ ਕਮੇਟੀ ਵੱਲੋਂ ਆਪਣੀਆਂ ਮੰਗਾਂ ਸਬੰਧੀ ਦਿੱਤੇ



ਪੰਜਾਬ ਬੰਦ ਦੇ ਸੱਦੇ ਨੂੰ ਸੂਬੇ ਦੇ ਹਰ ਹਿੱਸੇ ਤੋਂ ਪੂਰਨ ਸਮਰਥਨ ਮਿਲਿਆ। ਇੱਕਾ-ਦੁੱਕਾ ਘਟਨਾਵਾਂ ਤੋਂ ਇਲਾਵਾ ਲੋਕਾਂ ਨੇ ਆਪ-ਮੁਹਾਰੇ ਹੀ ਦੁਕਾਨਾਂ ਬੰਦ ਰੱਖੀਆਂ ਤੇ ਇਸ ਮਾਮਲੇ ਵਿਚ ਇਨਸਾਫ਼ ਦੀ ਮੰਗ ਕੀਤੀ। ਕਈ ਨਿੱਜੀ ਸਕੂਲਾਂ ਵੱਲੋਂ ਵਿਦਿਆਰਥੀਆਂ ਦੀ ਸੁਰੱਖਿਆ ਨੂੰ ਮੁੱਖ ਰਖਦਿਆਂ ਬੀਤੇ ਦਿਨੀਂ ਹੀ ਛੁੱਟੀ ਦਾ ਐਲਾਨ ਕਰ ਦਿੱਤਾ ਗਿਆ ਸੀ। ਸੂਬੇ ਦੇ ਸਾਰੇ ਸਰਕਾਰੀ ਸਕੂਲ ਖੁੱਲ੍ਹੇ ਸਨ, ਪਰ ਬਹੁਤੇ ਸਕੂਲਾਂ ਵਿਚ ਵਿਦਿਆਰਥੀਆਂ ਦੀ ਗਿਣਤੀ ਬਹੁਤ ਘੱਟ ਰਹੀ। ਪ੍ਰਦਰਸ਼ਨਕਾਰੀਆਂ ਵੱਲੋਂ ਹਾਈਵੇਅ ਵੀ ਜਾਮ ਕੀਤੇ ਗਏ।

ਟੋਲ ਪਲਾਜ਼ਾ ਦੇ ਮੁਲਾਜ਼ਮਾਂ ਵੱਲੋਂ ਗੱਡੀਆਂ ਤੋਂ ਕੋਈ ਟੈਕਸ ਨਹੀਂ ਲਿਆ ਗਿਆ ਤੇ ਟੋਲ ਪਲਾਜ਼ੇ ਫ਼ਰੀ ਰੱਖੇ ਗਏ। ਇਸ ਦੌਰਾਨ ਸਾਰੇ ਸ਼ਹਿਰਾਂ ਵਿਚ ਹੀ ਭਾਰੀ ਪੁਲਸ ਫ਼ੋਰਸ ਵੀ ਤਾਇਨਾਤ ਰਿਹਾ ਤੇ ਕਈ ਥਾਈਂ ਪ੍ਰਦਰਸ਼ਨਕਾਰੀਆਂ ਨੂੰ ਹਿਰਾਸਤ ਵਿਚ ਵੀ ਲਿਆ ਗਿਆ।

ਲੁਧਿਆਣਾ ਵਿਚ ਰੋਸ ਪ੍ਰਦਰਸ਼ਨ ਦੌਰਾਨ ਇਕ ਨੌਜਵਾਨ ਦੀ ਮੌਤ ਹੋਣ ਦੀ ਮੰਦਭਾਗੀ ਖ਼ਬਰ ਸਾਹਮਣੇ ਆਈ। ਦਰਅਸਲ, ਇਹ ਨੌਜਵਾਨ ਵਿਰੋਧ ਪ੍ਰਦਰਸ਼ਨ ਦੌਰਾਨ 11 ਹਜ਼ਾਰ ਵੋਲਟੇਜ ਤਾਰਾਂ ਦੀ ਲਪੇਟ ਵਿਚ ਆ ਗਿਆ। ਉਸ ਨੂੰ ਤੁਰੰਤ ਹਸਪਤਾਲ ਵੀ ਲਿਜਾਇਆ ਗਿਆ, ਪਰ ਉਹ ਰਾਹ ਵਿਚ ਹੀ ਦਮ ਤੋੜ ਗਿਆ। ਜਵਾਨ ਪੁੱਤ ਦੀ ਮੌਤ ਮਗਰੋਂ ਪਰਿਵਾਰ ਦਾ ਰੋ-ਰੋ ਕੇ ਬੁਰਾ ਹਾਲ ਸੀ।

ਜ਼ਿਆਦਾਤਰ ਇਲਾਕਿਆਂ ਵਿਚ ਬੰਦ ਨੂੰ ਪੂਰਨ ਸਮਰਥਨ ਮਿਲਿਆ। ਹਾਲਾਂਕਿ ਕੁਝ ਦੁਕਾਨਾਂ ਖੁੱਲ੍ਹੀਆਂ ਤੇ ਬਾਜ਼ਾਰ ਬੰਦ ਕਰਵਾਉਣ ਆਏ ਪ੍ਰਦਰਸ਼ਨਕਾਰੀਆਂ ਤੇ ਦੁਕਾਨਦਾਰਾਂ ਵਿਚਾਲੇ ਹਲਕੀ ਬਹਿਸਬਾਜ਼ੀ ਵੀ ਹੋਈ। ਇਸ ਦੌਰਾਨ ਕੁਝ ਦੁਕਾਨਦਾਰਾਂ ਨੇ ਦੁਕਾਨਾਂ ਬੰਦ ਕਰਵਾਉਣ ਦੇ ਤਰੀਕੇ ਦਾ ਵਿਰੋਧ ਕੀਤਾ। ਦੁਕਾਨਦਾਰਾਂ ਦਾ ਕਹਿਣਾ ਸੀ ਕਿ ਪ੍ਰਦਰਸ਼ਨਕਾਰੀ ਉਨ੍ਹਾਂ ਨਾਲ ਧੱਕਾ-ਮੁੱਕੀ ਤੇ ਕੁੱਟਮਾਰ ਕਰ ਕੇ ਦੁਕਾਨਾਂ ਬੰਦ ਕਰਨ ਲਈ ਮਜਬੂਰ ਕਰ ਰਹੇ ਸਨ। ਦੁਕਾਨਦਾਰਾਂ ਨੇ ਕਿਹਾ ਕਿ ਜੇਕਰ ਬੰਦ ਦਾ ਸੱਦਾ ਦੇਣਾ ਹੈ ਤਾਂ ਇਹ ਸ਼ਾਂਤੀਪੂਰਨ ਢੰਗ ਨਾਲ ਕੀਤਾ ਜਾਣਾ ਚਾਹੀਦਾ ਹੈ। ਘਟਨਾ ਦੀ ਜਾਣਕਾਰੀ ਮਿਲਣ 'ਤੇ ਪੁਲਸ ਅਫ਼ਸਰ ਮੌਕੇ 'ਤੇ ਪਹੁੰਚੇ ਅਤੇ ਸਥਿਤੀ ਨੂੰ ਕਾਬੂ ਵਿਚ ਲਿਆਂਦਾ। ਇਸ ਮੌਕੇ ਪੁਲਿਸ ਦੇ ਉੱਚ ਅਧਿਕਾਰੀਆ ਨੇ ਕਿਹਾ ਕਿ ਕਿਸੇ ਨੂੰ ਵੀ ਕਾਨੂੰਨ ਦੀ ਉਲੰਘਣਾ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਜੇਕਰ ਕੋਈ ਕਾਨੂੰਨ ਨੂੰ ਆਪਣੇ ਹੱਥ ਵਿੱਚ ਲੈਂਦਾ ਹੈ ਜਾਂ ਸ਼ਾਂਤੀ ਭੰਗ ਕਰਨ ਦੀ ਕੋਸ਼ਿਸ਼ ਕਰਦਾ ਹੈ, ਤਾਂ ਉਸ ਵਿਰੁੱਧ ਨਿਯਮਾਂ ਅਨੁਸਾਰ ਕਾਰਵਾਈ ਕੀਤੀ ਜਾਵੇਗੀ। ਪੁਲਸ ਅਧਿਕਾਰੀਆਂ ਨੇ ਲੋਕਾਂ ਨੂੰ ਸ਼ਾਂਤੀ ਬਣਾਈ ਰੱਖਣ ਅਤੇ ਕਿਸੇ ਵੀ ਵਿਵਾਦ ਨੂੰ ਕਾਨੂੰਨ ਦੇ ਦਾਇਰੇ ਵਿੱਚ ਹੱਲ ਕਰਨ ਦੀ ਅਪੀਲ ਕੀਤੀ। ਇਸੇ ਤਰ੍ਹਾਂ ਹੋਰ ਇਲਾਕਿਆਂ ਤੋਂ ਵੀ ਪ੍ਰਦਰਸ਼ਨਕਾਰੀਆਂ ਨੂੰ ਹਿਰਾਸਤ ਵਿਚ ਲਏ ਜਾਣ ਦੀਆਂ ਖ਼ਬਰਾਂ ਸਾਹਮਣੇ ਆਈਆਂ। ਇਸ ਪ੍ਰਦਰਸ਼ਨ ਨੂੰ ਭਾਰਤੀ ਜਨਤਾ ਪਾਰਟੀ, ਸ਼੍ਰੋਮਣੀ ਅਕਾਲੀ ਦਲ, ਕਾਂਗਰ, ਅਕਾਲੀ ਦਲ ਵਾਰਿਸ ਪੰਜਾਬ ਦੇ ਸਣੇ ਹੋਰ ਕਈ ਸਿਆਸੀ, ਸਮਾਜਿਕ ਤੇ ਕਿਸਾਨ ਜਥੇਬੰਦੀਆਂ ਦਾ ਵੀ ਸਮਰਥਨ ਮਿਲਿਆ। ਕੁੱਲ ਮਿਲਾ ਕੇ ਪੰਜਾਬ ਬੰਦ ਦੇ ਸੱਦੇ ਨੂੰ ਪੂਰੇ ਪੰਜਾਬ ਤੋਂ ਹੁੰਗਾਰਾ ਮਿਲਿਆ ਤੇ ਸਾਰਿਆਂ ਨੇ ਇਕਜੁੱਟ ਹੋ ਕੇ ਪਰਵਿੰਦਰ ਸਿੰਘ ਝੋਟੇ ਲਈ ਇਨਸਾਫ਼ ਦੀ ਮੰਗ ਕੀਤੀ।

## ''ਪੰਜਾਬ ਬੰਦ'' ਮਗਰੋਂ ਪਰਵਿੰਦਰ ਸਿੰਘ ਝੋਟੇ ਦੇ ਪਿਤਾ ਤੇ ਸੰਘਰਸ਼ ਕਮੇਟੀ ਦਾ ਵੱਡਾ ਫ਼ੈਸਲਾ

(ਸੰਦੀਪ ਸਿੰਘ)
ਮਾਨਸਾ, 15 ਅਕਤੂਬਰ

ਨਸ਼ਿਆਂ ਖ਼ਿਲਾਫ਼ ਲੜਾਈ ਲੜਣ ਵਾਲੇ ਪਰਵਿੰਦਰ ਸਿੰਘ ਝੋਟੇ ਦੇ ਕਤਲ ਦੇ ਵਿਰੋਧ ਵਿਚ ਦਿੱਤੇ ਗਏ 'ਪੰਜਾਬ ਬੰਦ' ਦੇ ਸੱਦੇ ਨੂੰ ਸਫ਼ਲ ਬਣਾਉਣ ਲਈ ਪੀੜਤ ਪਰਿਵਾਰ ਤੇ ਸੰਘਰਸ਼ ਕਮੇਟੀ ਵੱਲੋਂ ਲੋਕਾਂ ਦਾ ਧੰਨਵਾਦ ਕੀਤਾ ਗਿਆ। ਕਮੇਟੀ ਦੇ ਆਗੂਆਂ ਨੇ ਕਿਹਾ ਕਿ ਪੰਜਾਬ ਤੋਂ ਇਲਾਵਾ ਹਰਿਆਣਾ-ਹਿਮਾਚਲ ਦੇ ਲੋਕਾਂ ਨੇ ਵੀ ਉਨ੍ਹਾਂ ਦਾ ਸਾਥ ਦਿੱਤਾ। ਪਰਵਿੰਦਰ ਸਿੰਘ ਝੋਟੇ ਦੇ ਪਿਤਾ ਭੀਮ ਸਿੰਘ ਨੇ ਕਿਹਾ ਕਿ ਮਾਨਸਾ ਲਗਾਤਾਰ 3 ਦਿਨ ਬੰਦ ਰਿਹਾ। ਉਨ੍ਹਾਂ ਨੇ ਕੱਲ੍ਹ ਤੋਂ ਸਾਰੇ ਬਾਜ਼ਾਰ ਤੇ ਦੁਕਾਨਾਂ ਆਮ ਵਾਂਗ ਖੋਲ੍ਹਣ ਦੀ ਅਪੀਲ ਕੀਤੀ। ਇਸ ਦੇ ਨਾਲ ਹੀ ਇਹ ਐਲਾਨ ਵੀ ਕੀਤਾ ਗਿਆ ਕਿ ਮਾਨਸਾ ਵਿਚ ਚੱਲ ਰਿਹਾ ਧਰਨਾ ਲਗਾਤਾਰ ਜਾਰੀ ਰਹੇਗਾ ਤੇ ਅੱਗੇ ਦੇ ਪ੍ਰੋਗਰਾਮ ਨੂੰ ਲੈ ਕੇ ਭਲਕੇ ਮੀਟਿੰਗ ਤੋਂ ਬਾਅਦ ਐਲਾਨ ਕੀਤਾ ਜਾਵੇਗਾ। ਕਮੇਟੀ ਦੇ ਆਗੂਆਂ ਨੇ ਮੰਗ ਕੀਤੀ ਕਿ ਸਿਰਫ਼ ਐੱਸ. ਐੱਚ. ਓ. ਨੂੰ ਸਸਪੈਂਡ ਕਰਨ ਨਾਲ ਗੱਲ ਨਹੀਂ ਬਣੇਗੀ, ਸਗੋਂ ਜ਼ਿੰਮੇਵਾਰ SHO, DSP, SP ਡਰੱਗ



ਇੰਸਪੈਕਟਰ ਸਣੇ ਤਮਾਮ ਅਫ਼ਸਰਾਂ ਨੂੰ ਨਾ ਸਿਰਫ਼ ਡਿਸਮਿਸ ਕੀਤਾ ਜਾਵੇ, ਸਗੋਂ ਇਨ੍ਹਾਂ ਖ਼ਿਲਾਫ਼ ਪਰਚਾ ਵੀ ਦਰਜ ਕੀਤਾ ਜਾਵੇ। ਕਮੇਟੀ ਵੱਲੋਂ ਮਾਮਲੇ ਦੀ ਸੀ. ਬੀ. ਆਈ. ਜਾਂਚ ਦੀ ਮੰਗ ਨੂੰ ਵੀ ਦੁਹਰਾਇਆ ਗਿਆ। ਉਨ੍ਹਾਂ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਅਪੀਲ ਕੀਤੀ ਕਿ ਪਰਵਿੰਦਰ ਸਿੰਘ ਝੋਟੇ ਨੂੰ ਸ਼ਹੀਦ ਦਾ ਦਰਜਾ ਦਿੱਤਾ ਜਾਵੇ। ਉਨ੍ਹਾਂ ਇਹ ਵੀ ਮੰਗ ਰੱਖੀ ਕਿ ਜਿਸ ਦੁਕਾਨ 'ਚ ਝੋਟੇ ਨੂੰ ਗੋਲ਼ੀਆਂ ਮਾਰ ਕੇ ਕਤਲ ਕੀਤਾ ਗਿਆ, ਉਸ ਜਗ੍ਹਾ 'ਤੇ ਉਸ ਦਾ ਬੁੱਤ ਬਣਾਇਆ ਜਾਵੇ। ਇਸ ਤੋਂ ਇਲਾਵਾ ਜਿਨ੍ਹਾਂ-ਜਿਨ੍ਹਾਂ ਨੂੰ ਅੱਜ ਪੁਲਸ ਨੇ ਹਿਰਾਸਤ ਵਿਚ ਲਿਆ ਹੈ, ਉਨ੍ਹਾਂ ਨੂੰ ਤੁਰੰਤ ਰਿਹਾਅ ਕਰਨ ਦੀ ਮੰਗ ਵੀ ਕੀਤੀ ਗਈ। ਕਮੇਟੀ ਨੇ ਚੇਤਾਵਨੀ ਦਿੱਤੀ ਕਿ ਜੇਕਰ ਉਨ੍ਹਾਂ ਦੀਆਂ ਮੰਗਾਂ ਨਾ ਮੰਨੀਆ ਗਈਆਂ ਤਾਂ ਪੰਜਾਬ ਬੰਦ ਤੋਂ ਬਾਅਦ ਹੁਣ ਕੋਈ ਵੱਡੀ ਕਾਲ ਵੀ ਦਿੱਤੀ ਜਾ ਸਕਦੀ ਹੈ।

ਕਮੇਟੀ ਆਗੂਆਂ ਨੇ ਕਿਹਾ ਕਿ ਭਲਕੇ ਕਿਸਾਨ ਜਥੇਬੰਦੀਆਂ ਤੇ ਵਪਾਰ ਮੰਡਲ ਦੇ ਮੈਂਬਰਾਂ ਨਾਲ ਮੀਟਿੰਗ ਕੀਤੀ ਜਾਵੇਗੀ ਤੇ ਉਨ੍ਹਾਂ ਦੇ ਨੁਮਾਇੰਦਿਆਂ ਨੂੰ ਵੀ ਕਮੇਟੀ ਵਿਚ ਸ਼ਾਮਲ ਕੀਤਾ ਜਾਵੇਗਾ। ਇਸ ਮੀਟਿੰਗ ਤੋਂ ਬਾਅਦ ਅੱਗੇ ਦੀ ਰਣਨੀਤੀ ਬਾਰੇ ਐਲਾਨ ਕੀਤਾ ਜਾਵੇਗਾ। ਕਮੇਟੀ ਨੇ ਅੱਜ ਲੁਧਿਆਣਾ ਵਿਚ ਰੋਸ ਪ੍ਰਦਰਸ਼ਨ ਦੌਰਾਨ ਕਰੰਟ ਲੱਗਣ ਕਾਰਨ ਜਾਨ ਗੁਆਉਣ ਵਾਲੇ ਜਸ਼ਨਦੀਪ ਸਿੰਘ ਦੀ ਮੌਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਵੀ ਕੀਤਾ।

## ਪਰਵਿੰਦਰ ਝੋਟੇ ਦਾ ਕਤਲ ਕਰਨ ਵਾਲੇ ਅਸ਼ਵਨੀ ਕੁਮਾਰ ਨੂੰ ਲੈ ਕੇ ਵੱਡਾ ਖ਼ੁਲਾਸਾ

ਸਾਂਝੀ ਖ਼ਬਰ

(ਸੁਖਜੀਤ ਕੌਰ)
ਮਾਨਸਾ/ਬਰਨਾਲਾ,15 ਅਕਤੂਬਰ

ਮਾਨਸਾ ਵਿਚ ਪਰਵਿੰਦਰ ਸਿੰਘ ਝੋਟੇ ਦਾ ਗੋਲੀਆਂ ਮਾਰ ਕੇ ਕਤਲ ਕਰਨ ਵਾਲੇ ਅਸ਼ਵਨੀ ਕੁਮਾਰ ਵੱਲੋਂ ਵਰਤੇ ਗਏ ਹਥਿਆਰ ਨੂੰ ਲੈ ਕੇ ਵੱਡਾ ਖ਼ੁਲਾਸਾ ਹੋਇਆ ਹੈ। ਪਤਾ ਲੱਗਾ ਹੈ ਕਿ ਜ਼ਿਲ੍ਹਾ ਪ੍ਰਸ਼ਾਸਨ ਨੇ ਮੁਲਜ਼ਮ ਅਸ਼ਵਨੀ ਕੁਮਾਰ ਨੂੰ ਹੱਥੋਂ ਹੱਥ ਅਸਲਾ ਲਾਇਸੈਂਸ ਜਾਰੀ ਕੀਤਾ ਸੀ ਤੇ ਮੁਲਜ਼ਮ 'ਤੇ ਦਰਜ ਪੰਜ ਪੁਲਸ ਕੇਸਾਂ ਦੀ ਵੀ ਅਣਦੇਖੀ ਕੀਤੀ ਗਈ। ਵਧੀਕ ਡਿਪਟੀ ਕਮਿਸ਼ਨਰ ਮਾਨਸਾ ਨੇ 21 ਅਗਸਤ 2024 ਨੂੰ ਅਸ਼ਵਨੀ ਕੁਮਾਰ ਨੂੰ ਅਸਲਾ ਲਾਇਸੈਂਸ ਜਾਰੀ ਕੀਤਾ ਸੀ। ਇਸੇ ਅਸਲਾ ਲਾਇਸੈਂਸ ਦੇ ਅਧਾਰ 'ਤੇ ਨਸ਼ਾ ਵਿਰੋਧੀ ਕਾਰਕੁਨ ਪਰਵਿੰਦਰ ਸਿੰਘ ਝੋਟਾ ਦਾ ਕਤਲ ਕਰਨ ਵਾਲੇ ਅਸ਼ਵਨੀ ਕੁਮਾਰ ਨੇ ਦੋ ਲਾਇਸੈਂਸੀ ਹਥਿਆਰ ਰੱਖੇ ਹੋਏ ਹਨ। ਜ਼ਿਲ੍ਹਾ ਮੈਜਿਸਟਰੇਟ ਮਾਨਸਾ ਨੇ ਮੁਲਜ਼ਮ ਅਸ਼ਵਨੀ ਕੁਮਾਰ ਨੂੰ ਜ਼ਿਲ੍ਹਾ ਪੁਲਸ ਦੀ ਸਿਫ਼ਾਰਸ਼ 'ਤੇ ਅਸਲਾ ਲਾਇਸੈਂਸ ਜਾਰੀ ਕੀਤਾ।

ਸੂਤਰਾਂ ਦਾ ਕਹਿਣਾ ਹੈ ਕਿ ਅਸ਼ਵਨੀ ਕੋਲ ਇਕ ਪਿਸਟਲ (7.62 ਐੱਮ. ਐੱਮ) ਅਤੇ ਇਕ ਬਾਰਾਂ ਬੋਰ ਦੀ ਗੰਨ ਸੀ। ਮੁਲਜ਼ਮ ਦੇ ਲਾਇਸੈਂਸ ਦੀ ਮਿਆਦ 21 ਅਗਸਤ 2024 ਤੋਂ 20 ਅਗਸਤ 2029 ਤੱਕ ਦੀ ਸੀ। ਪਰਵਿੰਦਰ ਸਿੰਘ ਝੋਟਾ ਦਾ ਕਤਲ ਕਰਨ ਲਈ ਅਸ਼ਵਨੀ ਕੁਮਾਰ ਨੇ ਇਸੇ ਲਾਇਸੈਂਸੀ ਹਥਿਆਰ ਦੀ ਵਰਤੋਂ ਕੀਤੀ ਸੀ। ਜ਼ਿਲ੍ਹਾ ਮੈਜਿਸਟਰੇਟ ਵੱਲੋਂ ਅਸ਼ਵਨੀ ਕੁਮਾਰ ਨੂੰ ਇੱਕੋ ਸਮੇਂ 50 ਕਾਰਤੂਸ ਖ਼ਰੀਦਣ ਅਤੇ ਇਕ ਸਾਲ 'ਚ 100 ਕਾਰਤੂਸ ਖ਼ਰੀਦਣ ਦਾ ਅਧਿਕਾਰ ਵੀ ਦਿੱਤਾ ਹੋਇਆ ਸੀ। ਐੱਸ ਐੱਸ ਪੀ ਨੇ ਅਸ਼ਵਨੀ ਕੁਮਾਰ ਨੂੰ ਅਸਲਾ ਲਾਇਸੈਂਸ ਜਾਰੀ ਕਰਨ ਦੀ ਸਿਫ਼ਾਰਸ਼ 9 ਅਗਸਤ 2024 ਨੂੰ





ਨੰਬਰ 91/ਐੱਨ ਏ ਐੱਲ ਤਹਿਤ ਕੀਤੀ ਅਤੇ ਵਧੀਕ ਡਿਪਟੀ ਕਮਿਸ਼ਨਰ ਨੇ 21 ਅਗਸਤ 2024 ਨੂੰ ਅਸਲਾ ਲਾਇਸੈਂਸ ਜਾਰੀ ਕਰ ਦਿੱਤਾ।

ਨਸ਼ਾ ਵਿਰੋਧੀ ਕਾਰਕੁਨ ਪਰਵਿੰਦਰ ਸਿੰਘ ਝੋਟਾ ਦੇ ਕਤਲ ਮਾਮਲੇ ਨੂੰ ਲੈ ਕੇ ਜਿੱਥੇ 'ਪੰਜਾਬ ਬੰਦ' ਕੀਤਾ ਗਿਆ ਹੈ, ਉੱਥੇ ਹੀ ਕਤਲਕਾਂਡ ਦੇ ਮੁੱਖ ਮੁਲਜ਼ਮ ਅਸ਼ਵਨੀ ਕੁਮਾਰ ਨੂੰ ਲੈ ਕੇ ਅਹਿਮ ਖ਼ਬਰ ਸਾਹਮਣੇ ਆਈ ਹੈ। ਦੱਸਿਆ ਜਾ ਰਿਹਾ ਹੈ ਕਿ ਮਾਨਸਾ ਅਦਾਲਤ ਨੇ ਅਸ਼ਵਨੀ ਕੁਮਾਰ ਨੂੰ 10 ਦਿਨਾਂ ਦੇ ਪੁਲਸ ਰਿਮਾਂਡ 'ਤੇ ਭੇਜ ਦਿੱਤਾ ਹੈ।ਇਸ ਦੇ ਨਾਲ ਹੀ ਅਸ਼ਵਨੀ ਕੁਮਾਰ ਨੂੰ ਭੱਜਣ 'ਚ ਮਦਦ ਕਰਨ ਵਾਲੇ ਵਿਪਨ ਕੁਮਾਰ ਨੂੰ ਵੀ ਰਿਮਾਂਡ 'ਤੇ ਭੇਜਿਆ ਗਿਆ ਹੈ। ਇਨ੍ਹਾਂ ਦੋਹਾਂ ਨੂੰ ਵੀਡੀਓ ਕਾਨਫਰੰਸਿੰਗ ਰਾਹੀਂ ਮਾਨਸਾ ਦੀ ਅਦਾਲਤ 'ਚ ਪੇਸ਼ ਕੀਤਾ ਗਿਆ ਸੀ। ਪੁਲਸ ਵੱਲੋਂ ਮੁਲਜ਼ਮਾਂ ਤੋਂ ਪੁੱਛਗਿੱਛ ਕਰਕੇ ਕਤਲ ਮਾਮਲੇ ਨਾਲ ਜੁੜੇ ਤੱਥਾਂ ਅਤੇ ਘਟਨਾ ਦੇ ਵੱਖ-ਵੱਖ ਪਹਿਲੂਆਂ ਦੀ ਜਾਂਚ ਕੀਤੀ ਜਾਵੇਗੀ। ਜਾਂਚ ਦੌਰਾਨ ਇਹ ਵੀ ਪਤਾ ਲਗਾਉਣ ਦੀ ਕੋਸ਼ਿਸ਼ ਕੀਤੀ ਜਾਵੇਗੀ ਕਿ ਮੁੱਖ ਮੁਲਜ਼ਮ ਨੂੰ ਪਨਾਹ ਦੇਣ ਦੇ ਮਾਮਲੇ ਵਿੱਚ ਵਿਪਨ ਗਰਗ ਦੀ ਕੀ ਭੂਮਿਕਾ ਰਹੀ ਅਤੇ ਘਟਨਾ ਤੋਂ ਬਾਅਦ ਮੁਲਜ਼ਮਾਂ ਦੀਆਂ ਗਤੀਵਿਧੀਆਂ ਕੀ ਸਨ। ਪੁਲਸ ਰਿਮਾਂਡ ਦੌਰਾਨ ਜਾਂਚ ਨੂੰ ਅੱਗੇ ਵਧਾਉਂਦਿਆਂ ਮਾਮਲੇ ਨਾਲ ਸਬੰਧਤ ਹੋਰ ਅਹਿਮ ਜਾਣਕਾਰੀਆਂ ਇਕੱਠੀਆਂ ਕਰਨ ਦੀ ਕੋਸ਼ਿਸ਼ ਕਰੇਗੀ।

ਹੁਣ ਤੱਕ ਇਸ ਮਾਮਲੇ 'ਚ ਮਾਨਸਾ ਸਿਟੀ ਦੇ ਥਾਣਾ-2 ਦੀ ਐੱਸ. ਐੱਚ. ਓ. ਬੇਅੰਤ ਕੌਰ ਨੂੰ ਮੁਅੱਤਲ ਕਰ ਦਿੱਤਾ ਗਿਆ ਹੈ। ਪਰਵਿੰਦਰ ਦੇ ਪਿਤਾ ਭੀਮ ਸਿੰਘ ਨੇ ਆਪਣੇ ਪੁੱਤਰ ਦਾ ਅੰਤਿਮ ਸਸਕਾਰ ਕਰਨ ਤੋਂ ਇਨਕਾਰ ਕਰ ਦਿੱਤਾ ਹੈ। ਉਨ੍ਹਾਂ ਨੇ ਇਸ ਕਤਲਕਾਂਡ ਦੀ ਸੀ. ਬੀ. ਆਈ. ਜਾਂਚ ਕਰਾਉਣ ਦੀ ਮੰਗ ਕੀਤੀ ਹੈ।

## ਪਰਵਿੰਦਰ ਸਿੰਘ ਝੋਟਾ ਦੇ ਦੋਸ਼ੀਆਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ: ਭਗਵੰਤ ਮਾਨ

(ਸੰਦੀਪ ਸਿੰਘ)
ਚੰਡੀਗੜ੍ਹ, 15 ਅਕਤੂਬਰ

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਨਸ਼ਿਆਂ ਖ਼ਿਲਾਫ਼ ਆਵਾਜ਼ ਬੁਲੰਦ ਕਰਨ ਵਾਲੇ ਕਾਰਕੁਨ ਪਰਵਿੰਦਰ ਸਿੰਘ ਝੋਟਾ ਦੇ ਕਤਲ ਨੂੰ ਬੇਹੱਦ ਦੁਖਦਾਈ ਕਰਾਰ ਦਿੰਦਿਆਂ ਕਿਹਾ ਕਿ ਇਸ ਘਟਨਾ ਲਈ ਜ਼ਿੰਮੇਵਾਰ ਕਿਸੇ ਵੀ ਵਿਅਕਤੀ ਨੂੰ ਬਖ਼ਸ਼ਿਆ ਨਹੀਂ ਜਾਵੇਗਾ। ਉਨ੍ਹਾਂ ਵਿਰੋਧੀ ਪਾਰਟੀਆਂ 'ਤੇ ਆਪਣੇ ਸਿਆਸੀ ਹਿੱਤਾਂ ਦੀ ਪੂਰਤੀ ਲਈ ਇਸ ਮਾਮਲੇ 'ਤੇ ਸਿਆਸਤ ਕਰਨ ਦੇ ਦੋਸ਼ ਵੀ ਲਾਏ।

ਮੁੱਖ ਮੰਤਰੀ ਨੇ ਕਿਹਾ ਕਿ ਮਾਨਸਾ ਵਿੱਚ ਵਾਪਰੀ ਇਹ ਘਟਨਾ ਬੇਹੱਦ ਦੁਖਦਾਈ ਹੈ ਅਤੇ ਇਸ ਲਈ ਜ਼ਿੰਮੇਵਾਰ ਸਾਰੇ ਵਿਅਕਤੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਕਤਲ ਵਿੱਚ ਸਿੱਧੇ ਤੌਰ 'ਤੇ ਸ਼ਾਮਲ ਲੋਕਾਂ ਦੇ ਨਾਲ-ਨਾਲ ਜੇ ਕਿਸੇ ਨੇ ਇਸ ਦੀ ਯੋਜਨਾ ਬਣਾਈ ਜਾਂ ਸਾਜ਼ਿਸ਼ ਘੜੀ ਹੈ ਤਾਂ ਉਸ ਨੂੰ ਵੀ ਕਾਨੂੰਨ ਦੇ ਘੇਰੇ ਵਿੱਚ ਲਿਆਂਦਾ ਜਾਵੇਗਾ।

ਮਾਨ ਨੇ ਕਿਹਾ ਕਿ ਇਹ ਮੰਦਭਾਗਾ ਹੈ ਕਿ ਵਿਰੋਧੀ ਪਾਰਟੀਆਂ ਇਸ ਮਾਮਲੇ 'ਤੇ ਸਿਆਸਤ ਕਰ ਰਹੀਆਂ ਹਨ ਅਤੇ ਇਸ ਦੁਖਾਂਤ ਨੂੰ ਆਪਣੇ ਸਿਆਸੀ ਹਿੱਤਾਂ ਲਈ ਵਰਤ ਰਹੀਆਂ ਹਨ। ਉਨ੍ਹਾਂ ਕਿਹਾ ਕਿ ਸਰਕਾਰ ਦੀ



ਪਹਿਲ ਜ਼ਿੰਮੇਵਾਰ ਵਿਅਕਤੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕਰਨਾ ਅਤੇ ਕਾਨੂੰਨ ਦਾ ਰਾਜ ਕਾਇਮ ਰੱਖਣਾ ਹੈ।

ਪਰਵਿੰਦਰ ਸਿੰਘ ਝੋਟਾ ਨਸ਼ਿਆਂ ਦੀ ਦੁਰਵਰਤੋਂ ਅਤੇ ਕੈਮਿਸਟਾਂ ਦੀਆਂ ਦੁਕਾਨਾਂ 'ਤੇ ਨਸ਼ੀਲੇ ਪਦਾਰਥਾਂ ਦੀ ਕਥਿਤ ਗ਼ੈਰਕਾਨੂੰਨੀ ਵਿਕਰੀ ਖ਼ਿਲਾਫ਼ ਆਵਾਜ਼ ਉਠਾਉਣ ਲਈ ਜਾਣਿਆ ਜਾਂਦਾ ਸੀ। ਮੰਗਲਵਾਰ ਨੂੰ ਪੰਜਾਬ ਦੇ ਮਾਨਸਾ ਬਾਜ਼ਾਰ ਵਿੱਚ ਉਸ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ ਸੀ।

ਕਤਲ ਦੇ ਮਾਮਲੇ ਵਿੱਚ ਮੁੱਖ ਮੁਲਜ਼ਮ ਮੈਡੀਕਲ ਸਟੋਰ ਦੇ ਮਾਲਕ ਨੂੰ ਬੁੱਧਵਾਰ ਨੂੰ ਰਾਜਸਥਾਨ ਦੇ ਸਾਲਾਸਰ ਤੋਂ ਗ੍ਰਿਫ਼ਤਾਰ ਕਰ ਲਿਆ ਗਿਆ ਸੀ। ਇਸ ਘਟਨਾ ਮਗਰੋਂ ਲੋਕਾਂ ਵਿੱਚ ਰੋਸ ਫੈਲ ਗਿਆ ਸੀ। ਭੀੜ ਨੇ ਕੈਮਿਸਟ ਦੀ ਦੁਕਾਨ ਨੂੰ ਅੱਗ ਲਾ ਦਿੱਤੀ ਸੀ, ਜਦਕਿ ਪ੍ਰਸ਼ਾਸਨ ਨੇ ਉਸ ਦੇ ਘਰ ਦਾ ਇੱਕ ਹਿੱਸਾ ਢਾਹ ਦਿੱਤਾ ਸੀ।

## 'ਐਂਟੀ ਡਰੋਨ ਬੱਸ' ਦਾ ਸਿਪਾਹੀ ਨਸ਼ੇ ਦਾ ਸੌਦਾਗਰ..!




ਸਾਂਝੀ ਖ਼ਬਰ

(ਸੰਦੀਪ ਸਿੰਘ)
ਚੰਡੀਗੜ੍ਹ, 15 ਅਕਤੂਬਰ

ਪੰਜਾਬ ਪੁਲੀਸ ਲਈ ਇਹ ਕਾਰਨਾਮਾ ਸ਼ਰਮਸਾਰ ਕਰਨ ਵਾਲਾ ਹੈ ਕਿ ਸਰਹੱਦ ਪਾਰੋਂ ਨਸ਼ਾ ਤਸਕਰੀ ਰੋਕਣ ਲਈ ਲਾਏ 'ਐਂਟੀ ਡਰੋਨ ਸਿਸਟਮ' 'ਤੇ ਤਾਇਨਾਤ ਪੰਜਾਬ ਪੁਲੀਸ ਦਾ ਸਿਪਾਹੀ ਹੀ ਨਸ਼ਾ ਤਸਕਰੀ ਕਰਦਾ ਫੜਿਆ ਗਿਆ। 'ਬਾਜ ਅੱਖ' ਬੈਨਰ ਹੇਠ ਕੌਮਾਂਤਰੀ ਸਰਹੱਦ 'ਤੇ ਖੜ੍ਹੀ ਕੀਤੀ 'ਐਂਟੀ ਡਰੋਨ ਸਿਸਟਮ' ਵਾਲੀ ਬੱਸ 'ਤੇ ਤਾਇਨਾਤ ਪੰਜਾਬ ਪੁਲੀਸ ਦੇ ਸਿਪਾਹੀ ਕਰਮ ਸਿੰਘ (729) ਨੂੰ ਨਾਰਕੋਟਿਕਸ ਕੰਟਰੋਲ ਬਿਊਰੋ ਅਤੇ ਬੀ.ਐੱਸ.ਐੱਫ਼. ਨੇ ਲੰਘੀ ਰਾਤ ਫੜਿਆ ਹੈ।

ਤਰਨ ਤਾਰਨ ਪੁਲੀਸ ਦਾ ਸਿਪਾਹੀ ਕਰਮ ਸਿੰਘ ਪਿੰਡ ਭੂਸੇ ਦਾ ਰਹਿਣ ਵਾਲਾ ਹੈ ਅਤੇ ਥਾਣਾ ਖਾਲੜਾ ਦੇ ਖੇਤਰ ਵਿੱਚ ਕੌਮਾਂਤਰੀ ਸਰਹੱਦ 'ਤੇ ਐਂਟੀ ਡਰੋਨ ਸਿਸਟਮ 'ਤੇ ਉਸ ਦੀ ਤਾਇਨਾਤੀ ਸੀ। ਉਸ ਕੋਲੋਂ 15 ਕਿੱਲੋ ਹੈਰੋਇਨ ਫੜੀ ਗਈ ਹੈ। ਪੰਜਾਬ ਪੁਲੀਸ ਨੇ ਜਿਸ ਸਿਪਾਹੀ ਨੂੰ ਸਰਹੱਦ ਪਾਰੋਂ ਨਸ਼ਾ ਤਸਕਰੀ ਰੋਕਣ ਲਈ ਤਾਇਨਾਤ ਕੀਤਾ, ਉਹ ਸਿਪਾਹੀ ਹੀ ਨਸ਼ੇ ਦਾ ਸੌਦਾਗਰ ਨਿਕਲਿਆ। ਵੇਰਵਿਆਂ ਅਨੁਸਾਰ ਲੰਘੀ ਰਾਤ ਉਸ ਨੂੰ ਉਦੋਂ ਕਾਬੂ ਕੀਤਾ ਗਿਆ ਜਦੋਂ ਉਹ ਡਿਊਟੀ ਖ਼ਤਮ ਹੋਣ ਮਗਰੋਂ ਆਪਣੇ ਪਿੰਡ ਆ ਰਿਹਾ ਸੀ।

ਸੂਤਰ ਦੱਸਦੇ ਹਨ ਕਿ ਸਿਪਾਹੀ ਕਰਮ ਸਿੰਘ ਖ਼ੁਦ ਵੀ ਨਸ਼ਾ ਕਰਦਾ ਹੈ। ਹੁਣ ਪੁੱਛਗਿੱਛ ਕੀਤੀ ਜਾ ਰਹੀ ਹੈ ਕਿ ਉਸ ਨੇ 15 ਕਿੱਲੋ ਦੀ ਇਹ ਖੇਪ ਕਿਵੇਂ ਪ੍ਰਾਪਤ ਕੀਤੀ। ਜਾਣਕਾਰੀ ਅਨੁਸਾਰ 'ਐਂਟੀ ਡਰੋਨ ਸਿਸਟਮ' ਜ਼ਰੀਏ ਪਾਕਿਸਤਾਨ ਵਿੱਚੋਂ ਡਰੋਨ ਰਾਹੀਂ ਆਉਣ ਵਾਲੇ ਨਸ਼ੇ ਦਾ ਪਤਾ ਲਗਾਇਆ ਜਾਂਦਾ ਹੈ। ਤਰਨ ਤਾਰਨ ਦੇ ਡੀ.ਐੱਸ.ਪੀ. ਸੁਖਬੀਰ ਸਿੰਘ ਨੇ ਦੱਸਿਆ ਕਿ ਅੱਜ ਸਵੇਰ ਵਕਤ ਨਾਰਕੋਟਿਕਸ ਕੰਟਰੋਲ ਬਿਊਰੋ ਨੇ ਇਹ ਮਾਮਲਾ ਫੜਿਆ ਹੈ, ਜਿਸ ਦੀ ਪ੍ਰਕਿਰਿਆ ਚੱਲ ਰਹੀ ਹੈ।

## ਪੰਜਾਬ ''ਚ ਮਾਰੂ ਹਥਿਆਰਾਂ ਸਮੇਤ ਫੜੇ ਗਏ 3 ਮੁਲਜ਼ਮ! ਮਾਡਿਊਲ ਦਾ ਹੋਇਆ ਪਰਦਾਫ਼ਾਸ਼

ਸਾਂਝੀ ਖ਼ਬਰ

(ਗੁਰਜੀਤ ਕੌਰ)
ਮੋਹਾਲੀ, 15 ਅਕਤੂਬਰ

ਮੋਹਾਲੀ ਪੁਲਸ ਵੱਲੋਂ ਇਕ ਵੱਡੀ ਸਫ਼ਲਤਾ ਹਾਸਲ ਕਰਦੇ ਇਕ ਗ਼ੈਰ-ਕਾਨੂੰਨੀ ਹਥਿਆਰ ਸਪਲਾਈ ਕਰਨ ਵਾਲੇ ਮਾਡਿਊਲ ਦਾ ਪਰਦਾਫਾਸ਼ ਕੀਤਾ ਗਿਆ ਹੈ। ਇਸ ਦੌਰਾਨ ਇਕ ਹਰਿਆਣਾ ਆਧਾਰਿਤ ਹਥਿਆਰ ਸਪਲਾਇਰ ਸਮੇਤ ਤਿੰਨ ਮੁਲਜ਼ਮਾਂ ਨੂੰ ਕਾਬੂ ਕੀਤਾ ਗਿਆ ਅਤੇ ਉਨ੍ਹਾਂ ਕੋਲੋਂ ਇਕ ਗਲੌਕ ਸਮੇਤ 10 ਆਧੁਨਿਕ ਪਿਸਤੌਲ ਅਤੇ ਕਾਰਤੂਸ ਬਰਾਮਦ ਕੀਤੇ ਗਏ।

ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਮੁਲਜ਼ਮ ਕਥਿਤ ਤੌਰ 'ਤੇ ਦੂਰ-ਦੁਰਾਡੇ ਦੇ ਇਲਾਕਿਆਂ ਵਿਚੋਂ ਦੇਸੀ ਹਥਿਆਰਾਂ ਦੀ ਤਸਕਰੀ ਕਰਕੇ ਮੋਟਾ ਮੁਨਾਫ਼ਾ ਕਮਾਉਣ ਲਈ ਕਾਲਜ ਜਾਣ ਵਾਲੇ ਨੌਜਵਾਨਾਂ ਨੂੰ ਵੇਚਦੇ ਸਨ। ਮੁਲਜ਼ਮਾਂ ਖ਼ਿਲਾਫ਼ ਪਹਿਲਾਂ ਵੀ ਅਪਰਾਧਿਕ ਮਾਮਲੇ ਦਰਜ ਹਨ।

ਇਸ ਸਬੰਧੀ ਐੱਫ਼. ਆਈ. ਆਰ. ਦਰਜ ਕਰ ਲਈ ਗਈ ਹੈ ਅਤੇ ਇਸ ਗ਼ੈਰ-ਕਾਨੂੰਨੀ ਹਥਿਆਰ ਸਪਲਾਈ ਨੈੱਟਵਰਕ ਦੇ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਉਣ ਅਤੇ ਇਸ 'ਚ ਸ਼ਾਮਲ ਹੋਰ ਵਿਅਕਤੀਆਂ ਦੀ ਪਛਾਣ ਕਰਨ ਲਈ ਅਗਲੇਰੀ ਜਾਂਚ ਜਾਰੀ ਹੈ। ਪੰਜਾਬ ਪੁਲਸ ਸੂਬੇ 'ਚ ਅਮਨ-ਕਾਨੂੰਨ ਅਤੇ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਗ਼ੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਅਤੇ ਸੰਗਠਿਤ ਅਪਰਾਧਿਕ ਗਿਰੋਹਾਂ ਵਿਰੁੱਧ ਸਖ਼ਤ ਕਾਰਵਾਈ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ।




## ਪੰਜਾਬ ਦੇ ਇਸ ਇਲਾਕੇ 'ਚੋਂ 2 ਹੈਂਡ ਗ੍ਰਨੇਡ ਤੇ ਵਿਦੇਸ਼ੀ ਹਥਿਆਰ ਬਰਾਮਦ, 5 ਮੁਲਜ਼ਮ ਚੜ੍ਹੇ ਪੁਲਸ ਅੜਿੱਕੇ

ਸਾਂਝੀ ਖ਼ਬਰ

(ਸੰਦੀਪ ਸਿੰਘ)
ਚੰਡੀਗੜ੍ਹ, 15 ਅਕਤੂਬਰ

ਕਾਊਂਟਰ ਇੰਟੈਲੀਜੈਂਸ (ਸੀ. ਆਈ.) ਅੰਮ੍ਰਿਤਸਰ ਨੇ ਸਰਹੱਦ ਪਾਰੋਂ ਹਥਿਆਰਾਂ ਅਤੇ ਧਮਾਕਾਖੇਜ਼ ਪਦਾਰਥਾਂ ਦੀ ਸਮੱਗਲਿੰਗ ਕਰਨ ਵਾਲੇ ਇਕ ਮਾਡਿਊਲ ਦਾ ਪਰਦਾਫਾਸ਼ ਕਰਦਿਆਂ 5 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਗ੍ਰਿਫ਼ਤਾਰ ਮੁਲਜ਼ਮਾਂ 'ਚ ਪਿਓ-ਪੁੱਤ ਵੀ ਸ਼ਾਮਲ ਹਨ। ਪੁਲਸ ਨੇ ਉਨ੍ਹਾਂ ਦੇ ਕਬਜ਼ੇ 'ਚੋਂ ਇਕ .30 ਬੋਰ ਅਸਾਲਟ ਰਾਈਫਲ, 2 ਹੈਂਡ ਗ੍ਰੇਨੇਡ ਅਤੇ 13 ਵਿਦੇਸ਼ 'ਚ ਬਣੇ ਅਤਿ-ਆਧੁਨਿਕ ਪਿਸਤੌਲ ਬਰਾਮਦ ਕੀਤੇ ਹਨ। ਪੰਜਾਬ ਦੇ ਡੀ. ਜੀ. ਪੀ. ਗੌਰਵ ਯਾਦਵ ਨੇ ਇਹ ਜਾਣਕਾਰੀ ਦਿੱਤੀ।

ਗ੍ਰਿਫ਼ਤਾਰ ਮੁਲਜ਼ਮਾਂ ਦੀ ਪਛਾਣ ਅੰਮ੍ਰਿਤਸਰ ਦੇ ਅਜਨਾਲਾ ਸਥਿਤ




ਪਿੰਡ ਬੱਲੜਵਾਲ ਨਿਵਾਸੀ ਗੁਰਪ੍ਰੀਤ ਸਿੰਘ ਅਤੇ ਉਸ ਦੇ ਪੁੱਤਰ ਜਸਕਰਨ ਸਿੰਘ, ਬਟਾਲਾ ਦੇ ਸੱਗਰਪੁਰ ਨਿਵਾਸੀ ਵੀਨੂ, ਪਿੰਡ ਰਸੂਲਪੁਰ ਨਿਵਾਸੀ ਅੰਮ੍ਰਿਤਪਾਲ ਸਿੰਘ ਅਤੇ ਪਿੰਡ ਗੌਂਸਪੁਰਾ ਨਿਵਾਸੀ ਗੌਰਵ ਮਸੀਹ ਵਜੋਂ ਹੋਈ ਹੈ। ਪੁਲਸ ਅਨੁਸਾਰ ਬਰਾਮਦ ਹਥਿਆਰਾਂ 'ਚ ਚਾਰ 9 ਐੱਮ. ਐੱਮ. ਗਲੌਕ ਪਿਸਤੌਲ ਅਤੇ ਨੌਂ .30 ਬੋਰ ਪਿਸਤੌਲ ਸ਼ਾਮਲ ਹਨ। ਇਸ ਤੋਂ ਇਲਾਵਾ 25 ਜ਼ਿੰਦਾ ਕਾਰਤੂਸ ਵੀ ਬਰਾਮਦ ਕੀਤੇ ਗਏ ਹਨ। ਪੁਲਸ ਨੇ ਹਥਿਆਰਾਂ ਅਤੇ ਧਮਾਕਾਖੇਜ਼ ਪਦਾਰਥਾਂ ਦੀ ਖੇਪ ਨੂੰ ਲਿਆਉਣ-ਲਿਜਾਣ 'ਚ ਵਰਤੇ ਜਾ ਰਹੇ 2 ਮੋਟਰਸਾਈਕਲ ਵੀ ਜ਼ਬਤ ਕੀਤੇ ਹਨ। ਉਨ੍ਹਾਂ ਦੱਸਿਆ ਕਿ ਕਾਊਂਟਰ ਇੰਟੈਲੀਜੈਂਸ ਅੰਮ੍ਰਿਤਸਰ ਨੂੰ ਖ਼ੁਫ਼ੀਆ ਜਾਣਕਾਰੀ ਮਿਲੀ ਸੀ ਕਿ ਗੁਰਪ੍ਰੀਤ ਸਿੰਘ ਅਤੇ ਜਸਕਰਨ ਸਿੰਘ ਵਿਦੇਸ਼ 'ਚ ਬੈਠੇ ਇਕ ਸਮੱਗਲਰ ਦੇ ਸੰਪਰਕ 'ਚ ਹਨ। ਦੋਵੇਂ ਸਰਹੱਦ ਪਾਰੋਂ ਡਰੋਨ ਰਾਹੀਂ ਸੁੱਟੀ ਜਾਣ ਵਾਲੀ ਹਥਿਆਰਾਂ, ਅਸਲੇ ਅਤੇ ਧਮਾਕਾਖੇਜ਼ ਪਦਾਰਥਾਂ ਦੀ ਖੇਪ ਚੁੱਕਦੇ ਸਨ। ਇਸ ਤੋਂ ਬਾਅਦ ਇਹ ਹਥਿਆਰ ਆਪਣੇ ਹੋਰ ਸਾਥੀਆਂ ਰਾਹੀਂ ਅੱਗੇ ਪਹੁੰਚਾਉਂਦੇ ਸਨ।

ਜਾਣਕਾਰੀ 'ਚ ਸਾਹਮਣੇ ਆਇਆ ਕਿ ਪਿਓ-ਪੁੱਤ ਅਜਨਾਲਾ ਦੇ ਪਿੰਡ ਠੇਠੀ (ਤੇਰੀ) ਨੇੜੇ ਆਪਣੇ ਸਾਥੀਆਂ ਵੀਨੂ, ਅੰਮ੍ਰਿਤਪਾਲ ਸਿੰਘ ਅਤੇ ਗੌਰਵ ਮਸੀਹ ਨੂੰ ਮਿਲਣ ਵਾਲੇ ਸਨ, ਜਿੱਥੇ ਉਨ੍ਹਾਂ ਨੂੰ ਹਥਿਆਰਾਂ ਅਤੇ ਧਮਾਕਾਖੇਜ਼ ਪਦਾਰਥਾਂ ਦੀ ਖੇਪ ਸੌਂਪਣੀ ਸੀ। ਸੂਚਨਾ ਮਿਲਦਿਆਂ ਹੀ ਕਾਊਂਟਰ ਇੰਟੈਲੀਜੈਂਸ ਦੀ ਟੀਮ ਨੇ ਦੱਸੀ ਗਈ ਜਗ੍ਹਾ 'ਤੇ ਛਾਪਾ ਮਾਰ ਕੇ ਪੰਜਾਂ ਮੁਲਜ਼ਮਾਂ ਨੂੰ ਮੌਕੇ 'ਤੇ ਗ੍ਰਿਫ਼ਤਾਰ ਕਰ ਲਿਆ।

# ਸ੍ਰੀਮਦ ਭਾਗਵਤ ਕਥਾ ਅਤੇ ਤੀਜੇ ਵਰਿੰਦਾਵਨ ਪ੍ਰਾਕਟਯ ਉਤਸਵ ਦਾ ਸ਼ਾਨਦਾਰ ਆਯੋਜਨ ਅੱਜ ਤੋਂ

ਸਾਂਝੀ ਖ਼ਬਰ

**"ਚੰਡੀਗੜ੍ਹ ਹੁਣ ਵਰਿੰਦਾਵਨ ਬਣਨ ਜਾ ਰਿਹਾ ਹੈ, ਸਾਰੇ ਸ਼ਰਧਾਲੂ ਕਥਾ ਸੁਣਨ ਜ਼ਰੂਰ ਪਹੁੰਚਣ" — ਪੰਡਿਤ ਅਨੁਜ ਸ਼ਾਸਤਰੀ**



ਪੀ ਐਸ ਮਿੱਠਾ
ਚੰਡੀਗੜ੍ਹ, 15 ਅਕਤੂਬਰ

ਚੰਡੀਗੜ੍ਹ ਵਿੱਚ ਸ੍ਰੀਮਦ ਭਾਗਵਤ ਕਥਾ ਅਤੇ ਤੀਜੇ ਵਰਿੰਦਾਵਨ ਪ੍ਰਾਕਟਯ ਉਤਸਵ ਨੂੰ ਲੈ ਕੇ ਧਾਰਮਿਕ ਉਤਸ਼ਾਹ ਦਾ ਮਾਹੌਲ ਹੈ। ਇਸ ਵਿਸ਼ਾਲ ਧਾਰਮਿਕ ਸਮਾਗਮ ਸਬੰਧੀ ਕਰਵਾਈ ਗਈ ਪ੍ਰੈੱਸ ਕਾਨਫਰੰਸ ਦੌਰਾਨ ਪ੍ਰਸਿੱਧ ਗਾਇਕ ਬੀ ਪ੍ਰਾਕ, ਮੁਨੀਸ਼ ਬਜਾਜ ਅਤੇ ਪੰਡਿਤ ਅਨੁਜ ਸ਼ਾਸਤਰੀ ਨੇ ਸਮਾਗਮ ਬਾਰੇ ਜਾਣਕਾਰੀ ਸਾਂਝੀ ਕੀਤੀ ਅਤੇ ਸ਼ਰਧਾਲੂਆਂ ਨੂੰ ਇਸ ਪਾਵਨ ਉਤਸਵ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ।

ਪ੍ਰੈੱਸ ਕਾਨਫਰੰਸ ਦੌਰਾਨ ਪ੍ਰਸਿੱਧ ਗਾਇਕ ਬੀ ਪ੍ਰਾਕ ਨੇ ਵਿਸ਼ੇਸ਼ ਤੌਰ 'ਤੇ ਮੁਨੀਸ਼ ਬਜਾਜ ਦਾ ਨਾਮ ਲੈਂਦਿਆਂ ਕਿਹਾ ਕਿ ਇਸ ਸ੍ਰੀਮਦ ਭਾਗਵਤ ਕਥਾ ਅਤੇ ਤੀਜੇ ਵਰਿੰਦਾਵਨ ਪ੍ਰਾਕਟਯ ਉਤਸਵ ਦੇ ਆਯੋਜਨ ਵਿੱਚ ਸਭ ਤੋਂ ਵੱਧ ਯੋਗਦਾਨ ਮੁਨੀਸ਼ ਬਜਾਜ ਜੀ ਦਾ ਹੈ। ਉਨ੍ਹਾਂ ਨੇ ਮੁਨੀਸ਼ ਬਜਾਜ ਦੇ ਯਤਨਾਂ, ਸਮਰਪਣ ਅਤੇ ਇਸ ਵਿਸ਼ਾਲ ਧਾਰਮਿਕ ਸਮਾਗਮ ਨੂੰ ਸਾਕਾਰ ਕਰਨ ਵਿੱਚ ਨਿਭਾਈ ਗਈ ਅਹਿਮ ਭੂਮਿਕਾ ਦੀ ਸ਼ਲਾਘਾ ਕੀਤੀ।ਇਸ ਧਾਰਮਿਕ ਸਮਾਗਮ ਵਿੱਚ ਬਾਗੇਸ਼ਵਰ ਧਾਮ ਦੇ ਪੀਠਾਧੀਸ਼ਵਰ ਪੂਜਨੀਕ ਧੀਰੇਂਦਰ ਕ੍ਰਿਸ਼ਨ ਸ਼ਾਸਤਰੀ ਜੀ ਮਹਾਰਾਜ, ਜੂਨਾ ਅਖਾੜੇ ਦੇ ਆਚਾਰਿਆ ਮਹਾਮੰਡਲੇਸ਼ਵਰ ਸਵਾਮੀ ਅਵਧੇਸ਼ਾਨੰਦ ਗਿਰੀ ਜੀ ਮਹਾਰਾਜ ਅਤੇ ਪ੍ਰਸਿੱਧ ਕਥਾਵਾਚਕ ਅਨਿਰੁੱਧਾਚਾਰਿਆ ਜੀ ਮਹਾਰਾਜ ਦੇ ਵੀ ਸ਼ਾਮਲ ਹੋਣ ਦੀ ਜਾਣਕਾਰੀ ਦਿੱਤੀ ਗਈ ਹੈ।

**ਚੰਡੀਗੜ੍ਹ ਹੁਣ ਵਰਿੰਦਾਵਨ ਬਣਨ ਜਾ ਰਿਹਾ ਹੈ: ਪੰਡਿਤ ਅਨੁਜ ਸ਼ਾਸਤਰੀ**

ਪ੍ਰੈੱਸ ਕਾਨਫਰੰਸ ਦੌਰਾਨ ਪੰਡਿਤ ਅਨੁਜ ਸ਼ਾਸਤਰੀ ਜੀ ਨੇ ਸ਼ਰਧਾਲੂਆਂ ਨੂੰ ਵੱਡੀ ਗਿਣਤੀ ਵਿੱਚ ਸ੍ਰੀਮਦ ਭਾਗਵਤ ਕਥਾ ਸੁਣਨ ਲਈ ਪਹੁੰਚਣ ਦੀ ਅਪੀਲ ਕੀਤੀ। ਉਨ੍ਹਾਂ ਦੱਸਿਆ ਕਿ ਕਥਾ ਵਿਆਸ ਸ੍ਰੀ ਇੰਦਰੈਸ਼ ਜੀ ਉਪਾਧਿਆਏ ਭਗਵਾਨ ਸ੍ਰੀ ਕ੍ਰਿਸ਼ਨ ਦੀਆਂ ਬਾਲ ਲੀਲਾਵਾਂ ਅਤੇ ਉਨ੍ਹਾਂ ਦੇ ਜੀਵਨ ਨਾਲ ਜੁੜੇ ਅਧਿਆਤਮਿਕ ਪ੍ਰਸੰਗਾਂ ਦਾ ਵਰਣਨ ਕਰਨਗੇ।

ਪੰਡਿਤ ਅਨੁਜ ਸ਼ਾਸਤਰੀ ਜੀ ਨੇ ਕਿਹਾ, "ਚੰਡੀਗੜ੍ਹ ਹੁਣ ਵਰਿੰਦਾਵਨ ਬਣਨ ਜਾ ਰਿਹਾ ਹੈ। ਮੈਂ ਸਾਰੇ ਸ਼ਰਧਾਲੂਆਂ ਨੂੰ ਅਪੀਲ ਕਰਦਾ ਹਾਂ ਕਿ ਉਹ ਆਪਣੇ ਪਰਿਵਾਰਾਂ ਅਤੇ ਦੋਸਤਾਂ ਸਮੇਤ ਇਸ ਪਾਵਨ ਸ੍ਰੀਮਦ ਭਾਗਵਤ ਕਥਾ ਵਿੱਚ ਜ਼ਰੂਰ ਪਹੁੰਚਣ ਅਤੇ ਭਗਵਾਨ ਸ੍ਰੀ ਕ੍ਰਿਸ਼ਨ ਦੀਆਂ ਬਾਲ ਲੀਲਾਵਾਂ ਦਾ ਸਰਵਣ ਕਰਕੇ ਭਗਤੀ ਦੇ ਇਸ ਮਾਹੌਲ ਦਾ ਹਿੱਸਾ ਬਣਨ।"

ਉਨ੍ਹਾਂ ਕਿਹਾ ਕਿ ਸ੍ਰੀਮਦ ਭਾਗਵਤ ਕਥਾ ਭਾਰਤੀ ਸੰਸਕ੍ਰਿਤੀ, ਸਨਾਤਨ ਪਰੰਪਰਾਵਾਂ ਅਤੇ ਭਗਵਾਨ ਸ੍ਰੀ ਕ੍ਰਿਸ਼ਨ ਦੇ ਸੰਦੇਸ਼ਾਂ ਨੂੰ ਲੋਕਾਂ ਤੱਕ ਪਹੁੰਚਾਉਣ ਦਾ ਇੱਕ ਮਹੱਤਵਪੂਰਨ ਮਾਧਿਅਮ ਹੈ।

**ਸ੍ਰੀ ਇੰਦਰੈਸ਼ ਜੀ ਉਪਾਧਿਆਏ ਕਰਨਗੇ ਭਗਵਾਨ ਸ੍ਰੀ ਕ੍ਰਿਸ਼ਨ ਦੀਆਂ ਬਾਲ ਲੀਲਾਵਾਂ ਦਾ ਵਰਣਨ**

ਸਮਾਗਮ ਦੌਰਾਨ ਕਥਾ ਵਿਆਸ ਸ੍ਰੀ ਇੰਦਰੈਸ਼ ਜੀ ਉਪਾਧਿਆਏ ਸ੍ਰੀਮਦ ਭਾਗਵਤ ਕਥਾ ਦਾ ਵਾਚਨ ਕਰਨਗੇ। ਕਥਾ ਵਿੱਚ ਭਗਵਾਨ ਸ੍ਰੀ ਕ੍ਰਿਸ਼ਨ ਦੇ ਜਨਮ, ਉਨ੍ਹਾਂ ਦੀਆਂ ਬਾਲ ਲੀਲਾਵਾਂ ਅਤੇ ਜੀਵਨ ਨਾਲ ਜੁੜੇ ਹੋਰ ਅਧਿਆਤਮਿਕ ਪ੍ਰਸੰਗਾਂ ਦਾ ਵਰਣਨ ਕੀਤਾ ਜਾਵੇਗਾ। ਇਸ ਰਾਹੀਂ ਸ਼ਰਧਾਲੂਆਂ ਨੂੰ ਪ੍ਰੇਮ, ਭਗਤੀ, ਧਰਮ ਅਤੇ ਜੀਵਨ ਦੇ ਉੱਚੇ ਮੁੱਲਾਂ ਦਾ ਸੰਦੇਸ਼ ਦਿੱਤਾ ਜਾਵੇਗਾ।

**ਭਜਨ ਸੰਧਿਆ ਵਿੱਚ ਪ੍ਰਸਿੱਧ ਕਲਾਕਾਰ ਦੇਣਗੇ ਪੇਸ਼ਕਾਰੀਆਂ**

ਧਾਰਮਿਕ ਉਤਸਵ ਦੌਰਾਨ ਹਰ ਰੋਜ਼ ਭਜਨ ਸੰਧਿਆ ਦਾ ਆਯੋਜਨ ਵੀ ਕੀਤਾ ਜਾਵੇਗਾ, ਜਿਸ ਵਿੱਚ ਵੱਖ-ਵੱਖ ਪ੍ਰਸਿੱਧ ਕਲਾਕਾਰ ਆਪਣੀਆਂ ਭਗਤੀਮਈ ਪੇਸ਼ਕਾਰੀਆਂ ਨਾਲ ਸ਼ਰਧਾਲੂਆਂ ਨੂੰ ਨਿਹਾਲ ਕਰਨਗੇ।

ਨਿਰਧਾਰਤ ਪ੍ਰੋਗਰਾਮ ਅਨੁਸਾਰ 16 ਅਕਤੂਬਰ ਨੂੰ ਰਸਿਕ ਵਿਨੋਦ, 17 ਅਕਤੂਬਰ ਨੂੰ ਕ੍ਰਿਸ਼ਨਾ ਦਾਸ, 18 ਅਕਤੂਬਰ ਨੂੰ ਅਰੁਸ਼ੀ ਗੰਭੀਰ, 19 ਅਕਤੂਬਰ ਨੂੰ ਮਾਹਿਰ ਸ਼ਰਮਾ, 20 ਅਕਤੂਬਰ ਨੂੰ ਚਿੱਤਰ-ਵਿਚਿੱਤਰ, 21 ਅਕਤੂਬਰ ਨੂੰ ਰਸਰਾਜ ਅਤੇ 22 ਅਕਤੂਬਰ ਨੂੰ ਪ੍ਰਸਿੱਧ ਗਾਇਕ ਬੀ ਪ੍ਰਾਕ ਅਤੇ ਸ੍ਰੀ ਇੰਦਰੈਸ਼ ਜੀ ਉਪਾਧਿਆਏ ਆਪਣੀਆਂ ਪੇਸ਼ਕਾਰੀਆਂ ਦੇਣਗੇ।

ਆਯੋਜਕਾਂ ਵੱਲੋਂ ਸਾਰੇ ਸ਼ਰਧਾਲੂਆਂ ਨੂੰ ਇਸ ਪਾਵਨ ਧਾਰਮਿਕ ਸਮਾਗਮ ਵਿੱਚ ਸ਼ਾਮਲ ਹੋਣ, ਸ੍ਰੀਮਦ ਭਾਗਵਤ ਕਥਾ ਦਾ ਸਰਵਣ ਕਰਨ ਅਤੇ ਭਗਵਾਨ ਸ੍ਰੀ ਕ੍ਰਿਸ਼ਨ ਦੀ ਭਗਤੀ ਦਾ ਆਨੰਦ ਮਾਣਨ ਦੀ ਅਪੀਲ ਕੀਤੀ ਗਈ ਹੈ।

# ਗੁਰਮੇਜ ਸਿੰਘ ਸਾਧੂ ਅਤੇ ਮਾਤਾ ਇੰਦਰ ਕੌਰ ਨੇ ਗੁਰਦੁਆਰਾ ਰਾਜ ਕਰੇਗਾ ਖਾਲਸਾ, ਪਿੰਡ ਡਾਚਰ ਵਿਖੇ ਗੱਡੀ ਦੀ ਸੇਵਾ ਕੀਤੀ

ਸਾਂਝੀ ਖ਼ਬਰ



ਸੁਖਵਿੰਦਰ ਸੋਹੀ
ਨਿਸਿੰਗ

ਗੁਰਦੁਆਰਾ ਰਾਜ ਕਰੇਗਾ ਖਾਲਸਾ, ਪਿੰਡ ਡਾਚਰ ਵਿਖੇ ਗੁਰਮੇਜ ਸਿੰਘ ਸਾਧੂ ਅਤੇ ਮਾਤਾ ਇੰਦਰ ਕੌਰ ਵੱਲੋਂ ਸ਼ਰਧਾ ਅਤੇ ਭਾਵਨਾ ਨਾਲ ਗੱਡੀ ਦੀ ਸੇਵਾ ਕੀਤੀ ਗਈ। ਇਸ ਮੌਕੇ ਬਾਬਾ ਗੁਰਮੀਤ ਸਿੰਘ ਜੀ ਨੇ ਉਨ੍ਹਾਂ ਨੂੰ ਅਸ਼ੀਰਵਾਦ ਦਿੱਤਾ ਅਤੇ ਗੁਰੂ ਘਰ ਦੀ ਸੇਵਾ ਦੇ ਮਹੱਤਵ ਬਾਰੇ ਵਿਚਾਰ ਸਾਂਝੇ ਕੀਤੇ।

ਬਾਬਾ ਗੁਰਮੀਤ ਸਿੰਘ ਜੀ ਨੇ ਕਿਹਾ ਕਿ ਗੁਰੂ ਘਰ ਦੀ ਸੇਵਾ ਕਰਨਾ ਬਹੁਤ ਹੀ ਭਾਗਾਂ ਵਾਲੀ ਗੱਲ ਹੈ। ਸਿੱਖ ਧਰਮ ਵਿੱਚ ਸੇਵਾ ਅਤੇ ਸਿਮਰਨ ਦਾ ਵਿਸ਼ੇਸ਼ ਮਹੱਤਵ ਹੈ। ਗੁਰੂ ਸਾਹਿਬਾਨ ਨੇ ਸਾਨੂੰ ਨਿਸ਼ਕਾਮ ਸੇਵਾ ਕਰਨ, ਨਿਮਰਤਾ ਨਾਲ ਜੀਵਨ ਬਤੀਤ ਕਰਨ ਅਤੇ ਲੋੜਵੰਦਾਂ ਦੀ ਮਦਦ ਕਰਨ ਦੀ ਸਿੱਖਿਆ ਦਿੱਤੀ ਹੈ। ਉਨ੍ਹਾਂ ਕਿਹਾ ਕਿ ਹਰ ਮਨੁੱਖ ਨੂੰ ਆਪਣੀ ਸਮਰੱਥਾ ਅਨੁਸਾਰ ਗੁਰੂ ਘਰ ਦੀ ਸੇਵਾ ਵਿੱਚ ਯੋਗਦਾਨ ਪਾਉਣਾ ਚਾਹੀਦਾ ਹੈ।

ਉਨ੍ਹਾਂ ਨੇ ਕਿਹਾ ਕਿ ਸੇਵਾ ਮਨੁੱਖ ਦੇ ਅੰਦਰ ਨਿਮਰਤਾ, ਪਿਆਰ ਅਤੇ ਪਰਉਪਕਾਰ ਦੀ ਭਾਵਨਾ ਪੈਦਾ ਕਰਦੀ ਹੈ। ਗੁਰੂ ਘਰ ਵਿੱਚ ਸੇਵਾ ਕਰਨ ਨਾਲ ਮਨੁੱਖ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਨਾਲ ਜੁੜਦਾ ਹੈ ਅਤੇ ਉਸ ਨੂੰ ਸਮਾਜ ਪ੍ਰਤੀ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ ਦੀ ਪ੍ਰੇਰਣਾ ਮਿਲਦੀ ਹੈ। ਸੰਗਤ ਨੂੰ ਹਮੇਸ਼ਾ ਆਪਸੀ ਪਿਆਰ, ਏਕਤਾ ਅਤੇ ਭਾਈਚਾਰੇ ਦੀ ਭਾਵਨਾ ਨਾਲ ਰਹਿਣਾ ਚਾਹੀਦਾ ਹੈ।

ਇਸ ਮੌਕੇ ਬਾਬਾ ਗੁਰਮੀਤ ਸਿੰਘ ਜੀ ਨੇ ਗੁਰਮੇਜ ਸਿੰਘ ਸਾਧੂ ਅਤੇ ਮਾਤਾ ਇੰਦਰ ਕੌਰ ਵੱਲੋਂ ਨਿਭਾਈ ਸੇਵਾ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਦੀ ਚੜ੍ਹਦੀ ਕਲਾ ਅਤੇ ਸੁਖ-ਸ਼ਾਂਤੀ ਲਈ ਅਸ਼ੀਰਵਾਦ ਦਿੱਤਾ। ਉਨ੍ਹਾਂ ਨੇ ਗੁਰੂ ਸਾਹਿਬ ਦੀ ਮਿਹਰ ਸਦਾ ਬਣੀ ਰਹਿਣ ਦੀ ਕਾਮਨਾ ਕੀਤੀ।

ਗੁਰਦੁਆਰਾ ਰਾਜ ਕਰੇਗਾ ਖਾਲਸਾ, ਪਿੰਡ ਡਾਚਰ ਵਿਖੇ ਹੋਈ ਇਸ ਸੇਵਾ ਰਾਹੀਂ ਗੁਰੂ ਘਰ ਪ੍ਰਤੀ ਸ਼ਰਧਾ, ਸਮਰਪਣ ਅਤੇ ਸੇਵਾ ਭਾਵਨਾ ਦਾ ਸੰਦੇਸ਼ ਦਿੱਤਾ ਗਿਆ।

# ਕਲਾ ਕਿਰਤੀ ਭਵਨ ਵਿਚ ਕਲਾਕਾਰਾਂ ਨੇ ਕਿਥੇ ਗਏ ਉਹ ਰਿਸ਼ਤੇ ਨਾਟਕ ਖੇਡਿਆ, ਸਮਾਜ ਨੂੰ ਦਿਖਾਇਆ ਸ਼ੀਸ਼ਾ

ਸਾਂਝੀ ਖ਼ਬਰ



ਸਤਨਾਮ ਸਿੰਘ
ਸ਼ਾਹਬਾਦ ਮਾਰਕੰਡਾ

15 ਅਕਤੂਬਰ : ਹਰਿਆਣਾ ਕਲਾ ਪ੍ਰੀਸ਼ਦ ਵਲੋਂ ਹਰ ਹਫਤਾਵਾਰੀ ਸ਼ਾਮ ਦੀ ਲੜੀ ਵਿਚ ਆਯੋਜਿਤ ਹੋਣ ਵਾਲੀ ਲੜੀ ਵਿਚ ਕਲਾ ਕੀਰਤੀ ਭਵਨ ਦੇ ਮੰਚ ਤੇ ਇਕ ਬਹੁਤ ਹੀ ਭਾਵੁਕ ਤੇ ਸੰਦੇਸ਼ ਆਧਾਰਿਤ ਨਾਟਕ ਕਹਾਂ ਗਏ ਵੋ ਰਿਸ਼ਤੇ ਦਾ ਸਫਲਤਾ ਪੂਰਵਕ ਮੰਚਨ ਕੀਤਾ ਗਿਆ। ਕਲਾ ਸ੍ਰਿਸ਼ਟੀ ਮੰਚ ਕੁਰੂਕਸ਼ੇਤਰ ਦੇ ਕਲਾਕਾਰਾਂ ਵਲੋਂ ਇਹ ਨਾਟਕ ਪੇਸ਼ ਕੀਤਾ ਗਿਆ। ਇਸ ਨਾਟਕ ਦਾ ਨਿਰਦੇਸ਼ਨ ਬ੍ਰਿਜ ਕਿਸ਼ੋਰ ਸ਼ਰਮਾ ਵਲੋਂ ਕੀਤਾ ਗਿਆ। ਨਾਟਕ ਨੇ ਡੂੰਘੀ ਸੰਵੇਦਨਸ਼ੀਲਤਾ ਨਾਲ ਆਧੁਨਿਕ ਸਮਾਜ ਵਿਚ ਅਲੋਪ ਹੋ ਰਹੀਆਂ ਸੰਵੇਦਨਾਵਾਂ ਤੇ ਟੁੱਟ ਰਹੇ ਪਰਿਵਾਰਕ ਰਿਸ਼ਤਿਆਂ ਦੀ ਕੌੜੀ ਹਕੀਕਤ ਨੂੰ ਪੇਸ਼ ਕੀਤਾ ,ਜਿਸ ਨਾਲ ਹਰ ਦਰਸ਼ਕ ਦੀਆਂ ਅੱਖਾਂ ਵਿਚ ਹੰਝੂ ਆ ਗਏ। ਸ੍ਰੀ ਕ੍ਰਿਸ਼ਨ ਆਯੂਸ਼ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਕਰਤਾਰ ਸਿੰਘ ਧੀਮਾਨ ਨੇ ਇਸ ਸਭਿਆਚਾਰਕ ਸ਼ਾਮ ਵਿਚ ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ। ਕੁਰੂਕਸ਼ੇਤਰ ਦੇ ਵਧੀਕ ਡਿਪਟੀ ਕਮਿਸ਼ਨਰ ਡਾ ਰਾਮੇਂਦਰ ਸਿੰਘ, ਸਾਬਕਾ ਰਾਜ ਮੰਤਰੀ ਸੁਭਾਸ਼ ਸੁਧਾ ਡਾ ਜੈ ਭਗਵਾਨ ਸਿੰਗਲਾ ਨੇ ਬਤੌਰ ਵਿਸ਼ੇਸ਼ ਮਹਿਮਾਨਾਂ ਵਜੋਂ ਪ੍ਰੋਗਰਾਮ ਦੀ ਸ਼ੋਭਾ ਵਧਾਈ। ਪ੍ਰੋਗਰਾਮ ਸ਼ੁਰੂ ਹੋਣ ਤੋਂ ਪਹਿਲਾਂ ਹਰਿਆਣਾ ਕਲਾ ਪ੍ਰੀਸ਼ਦ ਦੇ ਉਪ ਪ੍ਰਧਾਨ ਮਹੇਸ਼ ਜੋਸ਼ੀ ਨੇ ਸਾਰੇ ਮਹਿਮਾਨਾਂ ਨੂੰ ਸ਼ਾਲ ਤੇ ਇਕ ਇਕ ਪੌਦਾ ਤੇ ਕੇ ਸੁਆਗਤ ਕੀਤਾ ਤੇ ਵਾਤਾਵਰਣ ਸੁਰਖਿੱਆ ਦਾ ਸੰਦੇਸ਼ ਦਿੱਤਾ। ਨਾਟਕ ਦੀ ਕਹਾਣੀ ਸਮਾਜ ਨੂੰ ਸ਼ੀਸ਼ਾ ਦਿਖਾਉਂਦੀ ਹੈ ਕਹਾਂ ਗਏ ਵੋ ਰਿਸ਼ਤੇ ਨਾਟਕ ਦੀ ਕਹਾਣੀ ਇਕ ਬਜੁਰਗ ਜੋੜੇ ਦੇ ਆਲੇ ਦੁਆਲੇ ਘੁੰਮਦੀ ਹੈ । ਜਿਸ ਦੇ ਦੋ ਪੁੱਤਰ ਤੇ ਇਕ ਧੀ ਹੈ ਦੋਵੇਂ ਵਿਆਹੇ ਹੋਏ ਹਨ ਤੇ ਆਪਣੇ ਮਾਂਪਿਆਂ ਤੋਂ ਵੱਖ ਰਹਿੰਦੇ ਹਨ। ਕਹਾਣੀ ਉਦੋਂ ਮੋੜ ਲੈਂਦੀ ਹੈ ਜਦ ਅਚਾਨਕ ਉਨਾਂ ਦੀ ਮਾਂ ਦੀ ਸਿਹਤ ਵਿਗੜ ਜਾਂਦੀ ਹੈ ਤੇ ਸਾਰੇ ਬਚਿੱਆਂ ਨੂੰ ਘਰ ਬੁਲਾਇਆ ਜਾਂਦਾ ਹੈ। ਆਪਣੀ ਵਿਅਸਤ ਜੀਵਨ ਸ਼ੈਲੀ ਤੇ ਸੁਆਰਥ ਦੇ ਕਾਰਨ ਕੋਈ ਵੀ ਬੱਚਾ ਉਸ ਦੀ ਦੇਖ ਭਾਲ ਕਰਨ ਲਈ ਤਿਆਰ ਨਹੀਂ ਹੁੰਦਾ। ਜਿਵੇਂ ਜਿਵੇਂ ਸਥਿਤੀ ਵਿਗੜਦੀ ਹੈ ਮਾਂ ਨੂੰ ਹਸਪਤਾਲ ਦਾਖਲ ਕਰਾਇਆ ਜਾਂਦਾ ਹੈ ਜਿਥੇ ਉਸ ਦੀ ਮੌਤ ਹੋ ਜਾਂਦੀ ਹੈ। ਮਾਂ ਦੀ ਮੌਤ ਤੋਂ ਬਾਅਦ ਵੀ ਬਚਿੱਆਂ ਦੀ ਅਸੰਵੇਦਨਸ਼ੀਲਤਾ ਬਣੀ ਰਹਿੰਦੀ ਹੈ ਤੇ ਉਹ ਚੌਥੇ ਦਿਨ ਹੀ ਜਲਦੀ ਨਾਲ ਸਾਰੀਆਂ ਰਸਮਾਂ ਪੂਰੀਆਂ ਕਰਨ ਤੇ ਜੋਰ ਦਿੰਦੇ ਹਨ। ਦੋਵੇਂ ਪੁੱਤਰ ਤੇ ਨੂੰਹਾਂ ਅੰਤਿਮ ਸੰਸਕਾਰ ਦੇ ਖਰਚਿਆਂ ਨੂੰ ਲੈ ਕੇ ਝਗੜਾ ਕਰਨ ਲੱਗ ਪੈਂਦੇ ਹਨ। ਨਾਟਕ ਦੇ ਡੂੰਘੇ ਭਾਵਨਾਤਮਕ ਅੰਤ ਵਿਚ ਬੇਸਹਾਰਾ ਜਾਪਦਾ ਪਿਤਾ ਹਾਰ ਮੰਨਦਾ ਹੈ ਤੇ ਬਚਿੱਆਂ ਨੂੰ ਸਮਝਾਉਂਦਾ ਹੈ ਕਿ ਉਹ ਅਜੇ ਇੰਨਾ ਵੀ ਬੇਸਹਾਰਾ ਨਹੀ ਂਹੈ ਉਨਾਂ ਨੂੰ ਭਰੋਸਾ ਦਿੰਦਾ ਹੈ। ਜੇਕਰ ਇੱਕਲਾ ਪਿਤਾ ਆਪਣੇ ਸਾਰੇ ਬਚਿੱਆਂ ਦਾ ਪਾਲਣ ਪੋਸ਼ਣ ਕਰ ਸਕਦਾ ਹੈ ਤਾਂ ਉਹ ਆਪਣੇ ਬੁਢਾਪੇ ਵਿਚ ਵੀ ਆਪਣਾ ਪਾਲਣ ਪੋਸ਼ਣ ਕਰ ਸਕਦਾ ਹੈ। ਪਿਤਾ ਆਪਣੇ ਬਚਿੱਆਂ ਨੂੰ ਸਬਕ ਸਿਖਾਉਂਦੇ ਹੋਏ ਆਪਣੀ ਸਾਰੀ ਜਾਇਦਾਦ ਇਕ ਬਿਰਧ ਆਸ਼ਰਮ ਨੂੰ ਸੌਂਪ ਦਿੰਦਾ ਹੈ ਜਿਸ ਨੂੰ ਆਪਣਾ ਸਵੈਭਿਮਾਨ ਕਿਹਾ ਜਾਂਦਾ ਹੈ। ਭਾਵਨਾਤਮਕ ਤੌਰ ਤੇ ਭਰੇ ਇਸ ਨਾਟਕ ਨੇ ਸਮਾਜ ਨੂੰ ਇਕ ਸ਼ਕਤੀਸ਼ਾਲੀ ਸੰਦੇਸ਼ ਦਿੱਤਾ। ਜਿਸ ਨਾਲ ਲੋਕਾਂ ਨੂੰ ਆਤਮ ਨਿਰੀਖਣ ਕਰਨ ਲਈ ਮਜਬੂਰ ਕੀਤਾ ਗਿਆ। ਨਾਟਕ ਦੇ ਅੰਤ ਵਿਚ ਨਿਰਦੇਸ਼ਕ ਬ੍ਰਿਜ ਕਿਸ਼ੋਰ ਨੇ ਮੁੱਖ ਮਹਿਮਾਨ ਕਰਤਾਰ ਸਿੰਘ ਧੀਮਾਨ ਤੇ ਵਾਈ ਪ੍ਰਧਾਨ ਮਹੇਸ਼ ਜੋਸ਼ੀ ਤੇ ਹੋਰ ਮਹਿਮਾਨਾਂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਕਈ ਥੀਏਟਰ ਕਲਾਕਾਰ ਤੇ ਵੱਡੀ ਗਿਣਤੀ ਵਿਚ ਸ਼ਹਿਰ ਦੇ ਲੋਕ ਮੌਜੂਦ ਸਨ।

# ਤੁਹਾਡੇ ਆਲੇ-ਦੁਆਲੇ ਘੜਿਆ ਗਿਆ: ਗਾਹਕਾਂ ਦੀਆਂ ਆਵਾਜ਼ਾਂ Ai+ Smartphone ਦੇ ਅਨੁਭਵ ਨੂੰ ਕਿਵੇਂ ਆਕਾਰ ਦੇ ਰਹੀਆਂ ਹਨ

ਸਾਂਝੀ ਖ਼ਬਰ

**ਸੌਫਟਵੇਅਰ ਸੁਧਾਰਾਂ ਤੋਂ ਲੈ ਕੇ ਵਧੇਰੇ ਤੇਜ਼ ਵਿਕਰੀ-ਤੋਂ-ਬਾਅਦ ਸਹਾਇਤਾ ਤੱਕ, Ai+ Smartphone ਗਾਹਕਾਂ ਦੇ ਅਸਲ ਤਜ਼ਰਬਿਆਂ ਦੀ ਵਰਤੋਂ ਕਰਕੇ ਬਿਹਤਰ ਉਤਪਾਦ ਅਤੇ ਵਧੇਰੇ ਸੁਚਾਰੂ ਮਾਲਕੀ ਦਾ ਸਫ਼ਰ ਤਿਆਰ ਕਰ ਰਿਹਾ ਹੈ।**




ਏਜੰਸੀ
ਅੰਮ੍ਰਿਤਸਰ , 15 ਅਕਤੂਬਰ

Ai+ Smartphone ਅਸਲ ਉਪਭੋਗਤਾਵਾਂ ਦੇ ਫੀਡਬੈਕ ਨੂੰ ਉਤਪਾਦ ਅਤੇ ਸੇਵਾ ਸੁਧਾਰਾਂ ਵਿੱਚ ਸ਼ਾਮਲ ਕਰਕੇ ਆਪਣੀ ਗਾਹਕ-ਪਹਿਲਾਂ ਪਹੁੰਚ ਨੂੰ ਹੋਰ ਮਜ਼ਬੂਤ ਕਰ ਰਿਹਾ ਹੈ। ਗਾਹਕਾਂ ਦੀਆਂ ਸਮੀਖਿਆਵਾਂ, ਰੋਜ਼ਾਨਾ ਡਿਵਾਈਸ ਵਰਤੋਂ ਅਤੇ ਵਿਕਰੀ-ਤੋਂ-ਬਾਅਦ ਦੀ ਗੱਲਬਾਤ ਤੋਂ ਮਿਲੀ ਜਾਣਕਾਰੀ ਦੇ ਆਧਾਰ 'ਤੇ, ਬ੍ਰਾਂਡ ਸੌਫਟਵੇਅਰ ਅੱਪਡੇਟਾਂ, ਵਧੇਰੇ ਡੂੰਘੀ ਜਾਂਚ ਅਤੇ ਵਧੇਰੇ ਤੇਜ਼ ਗਾਹਕ ਸਹਾਇਤਾ ਰਾਹੀਂ ਕੈਮਰਾ ਸਥਿਰਤਾ, ਕਨੈਕਟੀਵਿਟੀ ਅਤੇ ਪਰਫਾਰਮੈਂਸ ਨਾਲ ਸਬੰਧਤ ਚਿੰਤਾਵਾਂ ਨੂੰ ਹੱਲ ਕਰ ਰਿਹਾ ਹੈ। ਇਹ ਪਹੁੰਚ Ai+ Smartphone ਦੀ ਸਿਰਫ਼ ਆਪਣੇ ਉਪਭੋਗਤਾਵਾਂ ਲਈ ਹੀ ਨਹੀਂ, ਸਗੋਂ ਉਨ੍ਹਾਂ ਦੇ ਨਾਲ ਮਿਲ ਕੇ ਉਤਪਾਦ ਬਣਾਉਣ ਦੀ ਵਚਨ-ਬੱਧਤਾ ਨੂੰ ਦਰਸਾਉਂਦੀ ਹੈ।

ਆਪਣੇ ਸਮਾਰਟਫੋਨ ਪੋਰਟਫੋਲੀਓ ਵਿੱਚ, ਗਾਹਕਾਂ ਨੇ Ai+ Smartphone ਦੇ ਡਿਜ਼ਾਈਨ, ਕੈਮਰਾ ਸਮਰੱਥਾਵਾਂ, ਬੈਟਰੀ ਲਾਈਫ, ਪਰਫਾਰਮੈਂਸ ਅਤੇ ਪੈਸੇ ਦੀ ਪੂਰੀ ਕੀਮਤ ਲਈ ਇਸ ਦੀ ਸ਼ਲਾਘਾ ਕੀਤੀ ਹੈ। Nova 2 Neo 5G ਨੂੰ ਇਸ ਦੀ ਬੈਟਰੀ ਪਰਫਾਰਮੈਂਸ ਅਤੇ ਸੁਗਮਤਾ ਲਈ ਸਕਾਰਾਤਮਕ ਫੀਡਬੈਕ ਮਿਲਿਆ ਹੈ, ਜਦਕਿ Nova 2 Power 5G ਦੀ ਸਮੁੱਚੇ ਅਨੁਭਵ ਅਤੇ ਡਿਊਲ-ਟੋਨ ਡਿਜ਼ਾਈਨ, ਖ਼ਾਸ ਕਰਕੇ ਬਲੂ ਫਿਊਜ਼ਨ ਰੰਗ, ਲਈ ਪ੍ਰਸ਼ੰਸਾ ਹੋਈ ਹੈ। Nova 2 Ultra 5G ਨੂੰ ਇਸ ਦੇ ਫੋਟੋਗ੍ਰਾਫੀ ਅਨੁਭਵ, ਪਰਫਾਰਮੈਂਸ ਅਤੇ AMOLED ਡਿਸਪਲੇ ਲਈ ਮਾਨਤਾ ਮਿਲੀ ਹੈ। ਇਸੇ ਤਰ੍ਹਾਂ, Nova 2 5G ਅਤੇ Nova 2 Pro 5G ਨੂੰ ਸਮੁੱਚੇ ਅਨੁਭਵ ਅਤੇ ਕੀਮਤ ਦੇ ਮੁਕਾਬਲੇ ਮੁੱਲ ਲਈ ਉਤਸ਼ਾਹਜਨਕ ਹੁੰਗਾਰਾ ਮਿਲਿਆ ਹੈ, ਜਦਕਿ Ai+ Pulse 2 ਦੀ ਬੈਟਰੀ, ਡਿਸਪਲੇ ਅਤੇ ਡਿਜ਼ਾਈਨ ਲਈ ਸ਼ਲਾਘਾ ਹੋਈ ਹੈ।

ਸਕਾਰਾਤਮਕ ਸਮੀਖਿਆਵਾਂ ਤੋਂ ਅੱਗੇ ਵਧ ਕੇ, Ai+ Smartphone ਸੁਧਾਰ ਵਾਲੇ ਖੇਤਰਾਂ ਦੀ ਪਛਾਣ ਕਰਨ ਅਤੇ ਉਨ੍ਹਾਂ ਨੂੰ ਹੱਲ ਕਰਨ ਲਈ ਗਾਹਕਾਂ ਦੇ ਫੀਡਬੈਕ ਦੀ ਸਰਗਰਮੀ ਨਾਲ ਵਰਤੋਂ ਕਰ ਰਿਹਾ ਹੈ। ਕੈਮਰਾ ਸਥਿਰਤਾ, ਕਨੈਕਟੀਵਿਟੀ ਅਤੇ ਡਿਵਾਈਸ ਪਰਫਾਰਮੈਂਸ ਨਾਲ ਸਬੰਧਤ ਚਿੰਤਾਵਾਂ ਉਤਪਾਦ ਅਤੇ ਤਕਨੀਕੀ ਟੀਮਾਂ ਨਾਲ ਸਾਂਝੀਆਂ ਕੀਤੀਆਂ ਗਈਆਂ ਹਨ, ਜਿਸ ਨਾਲ ਨਿਸ਼ਾਨਾਬੱਧ ਓਵਰ-ਦੀ-ਏਅਰ (OTA) ਅੱਪਡੇਟ ਅਤੇ ਉਤਪਾਦ ਸੁਧਾਰ ਕੀਤੇ ਜਾ ਰਹੇ ਹਨ। ਉਦਾਹਰਣ ਵਜੋਂ, Nova 2 Ultra 5G ਨੂੰ ਕੈਮਰਾ ਸਥਿਰਤਾ ਸੁਧਾਰਨ ਦੇ ਉਦੇਸ਼ ਨਾਲ ਸੌਫਟਵੇਅਰ ਅੱਪਡੇਟ ਮਿਲੇ ਹਨ। ਭਵਿੱਖ ਦੇ ਡਿਵਾਈਸਾਂ ਦੁਆਰਾ ਦਿੱਤੇ ਜਾਣ ਵਾਲੇ ਅਨੁਭਵ ਨੂੰ ਮਜ਼ਬੂਤ ਕਰਨ ਲਈ ਇਨ੍ਹਾਂ ਜਾਣਕਾਰੀਆਂ ਨੂੰ ਉਤਪਾਦ ਸਮੀਖਿਆਵਾਂ ਅਤੇ ਲਾਂਚ ਤੋਂ ਪਹਿਲਾਂ ਦੀ ਜਾਂਚ ਦੌਰਾਨ ਵੀ ਧਿਆਨ ਵਿੱਚ ਰੱਖਿਆ ਜਾ ਰਿਹਾ ਹੈ।

Ai+ Smartphone ਨੇ ਪ੍ਰੋਜੈਕਟ ਓਪਨ ਰਿਵਿਊ (Project Open Review) ਰਾਹੀਂ ਸੁਤੰਤਰ ਲਾਂਚ-ਪੂਰਵ ਮੁਲਾਂਕਣ ਨੂੰ ਆਪਣੀ ਉਤਪਾਦ ਵਿਕਾਸ ਪਹੁੰਚ ਦਾ ਅਨਿੱਖੜਵਾਂ ਹਿੱਸਾ ਬਣਾਇਆ ਹੈ, ਜਿਸ ਵਿੱਚ ਡਿਵਾਈਸਾਂ ਦੇ ਗਾਹਕਾਂ ਤੱਕ ਪਹੁੰਚਣ ਤੋਂ ਪਹਿਲਾਂ ਬਾਹਰੀ ਫੀਡਬੈਕ ਮੰਗਿਆ ਜਾਂਦਾ ਹੈ। ਹੁਣ ਤੱਕ ਸਾਡੇ ਕੋਲ ਸਮੀਖਿਅਕਾਂ, ਕ੍ਰਿਏਟਰਾਂ, ਪੱਤਰਕਾਰਾਂ, ਤਕਨੀਕੀ ਪ੍ਰੇਮੀਆਂ ਅਤੇ ਪਹਿਲੀ ਵਾਰ ਏਥੀਕਲ ਹੈਕਰਾਂ ਵੱਲੋਂ ਸਾਡੇ ਡਿਵਾਈਸਾਂ ਦਾ ਸੁਤੰਤਰ ਮੁਲਾਂਕਣ ਕਰਨ ਲਈ ਇੱਕ ਹਜ਼ਾਰ ਤੋਂ ਵੱਧ ਰਜਿਸਟ੍ਰੇਸ਼ਨਾਂ ਹੋ ਚੁੱਕੀਆਂ ਹਨ। ਇਹ ਪਹਿਲ ਬ੍ਰਾਂਡ ਨੂੰ ਇਮਾਨਦਾਰ, ਬਿਨਾਂ ਸਕ੍ਰਿਪਟ ਵਾਲਾ ਫੀਡਬੈਕ ਇਕੱਠਾ ਕਰਨ ਅਤੇ ਲਾਂਚ ਤੋਂ ਪਹਿਲਾਂ ਲੋੜੀਂਦੇ ਸੁਧਾਰ ਉਤਪਾਦਾਂ ਵਿੱਚ ਸ਼ਾਮਲ ਕਰਨ ਦੇ ਯੋਗ ਬਣਾਉਂਦੀ ਹੈ, ਜੋ 'ਪਾਰਦਰਸ਼ਤਾ ਰਾਹੀਂ ਭਰੋਸਾ' (Trust through Transparency) ਦੀ ਵਚਨਬੱਧਤਾ ਨੂੰ ਹੋਰ ਪੱਕਾ ਕਰਦੀ ਹੈ।

ਇਸ ਪਹੁੰਚ ਬਾਰੇ ਟਿੱਪਣੀ ਕਰਦਿਆਂ, Ai+ Smartphone ਦੇ ਬ੍ਰਾਂਡ, ਮਾਰਕੀਟਿੰਗ ਅਤੇ ਗ੍ਰੋਥ ਮੁਖੀ ਆਰਚੀ ਗੋਗੋਈ ਨੇ ਕਿਹਾ, "Ai+ Smartphone ਵਿੱਚ ਸਾਡਾ ਵਿਸ਼ਵਾਸ ਹੈ ਕਿ ਬਿਹਤਰ ਤਕਨਾਲੋਜੀ ਬਣਾਉਣ ਦੀ ਸ਼ੁਰੂਆਤ ਇਸ ਨੂੰ ਵਰਤਣ ਵਾਲੇ ਲੋਕਾਂ ਦੀ ਗੱਲ ਸੁਣਨ ਨਾਲ ਹੁੰਦੀ ਹੈ। ਗਾਹਕਾਂ ਦਾ ਫੀਡਬੈਕ ਸਾਨੂੰ ਇਹ ਸਮਝਣ ਵਿੱਚ ਮਦਦ ਕਰਦਾ ਹੈ ਕਿ ਅਸੀਂ ਕੀ ਸਹੀ ਕਰ ਰਹੇ ਹਾਂ ਅਤੇ ਕਿੱਥੇ ਸੁਧਾਰ ਦੀ ਲੋੜ ਹੈ। ਭਾਵੇਂ ਸੌਫਟਵੇਅਰ ਅੱਪਡੇਟਾਂ ਰਾਹੀਂ ਹੋਵੇ, ਵਧੇਰੇ ਮਜ਼ਬੂਤ ਉਤਪਾਦ ਜਾਂਚ ਰਾਹੀਂ ਜਾਂ ਵਧੇਰੇ ਤੇਜ਼ ਵਿਕਰੀ-ਤੋਂ-ਬਾਅਦ ਸਹਾਇਤਾ ਰਾਹੀਂ, ਸਾਡਾ ਧਿਆਨ ਇਨ੍ਹਾਂ ਜਾਣਕਾਰੀਆਂ ਨੂੰ ਸਾਰਥਕ ਕਾਰਵਾਈ ਵਿੱਚ ਬਦਲਣ 'ਤੇ ਹੈ। ਜਿਵੇਂ-ਜਿਵੇਂ ਅਸੀਂ ਵਧ ਰਹੇ ਹਾਂ, ਅਸੀਂ ਚਾਹੁੰਦੇ ਹਾਂ ਕਿ ਸਾਡੇ ਗਾਹਕ ਜਾਣਨ ਕਿ Ai+ ਅਨੁਭਵ ਨੂੰ ਆਕਾਰ ਦੇਣ ਵਿੱਚ ਉਨ੍ਹਾਂ ਦੀ ਆਵਾਜ਼ ਦੀ ਅਹਿਮ ਭੂਮਿਕਾ ਹੈ।"

ਬ੍ਰਾਂਡ ਰੋਜ਼ਾਨਾ ਫੀਡਬੈਕ ਇਕੱਠਾ ਕਰਨ, ਬਿਹਤਰ ਕੇਸ ਟਰੈਕਿੰਗ ਅਤੇ ਗਾਹਕ ਸਹਾਇਤਾ ਤੇ ਤਕਨੀਕੀ ਟੀਮਾਂ ਵਿਚਕਾਰ ਨਜ਼ਦੀਕੀ ਤਾਲਮੇਲ ਰਾਹੀਂ ਆਪਣੇ ਵਿਕਰੀ-ਤੋਂ-ਬਾਅਦ ਦੇ ਕੰਮਕਾਜ ਨੂੰ ਵੀ ਮਜ਼ਬੂਤ ਕਰ ਰਿਹਾ ਹੈ। ਸਮਰਪਿਤ ਟੀਮਾਂ ਸੰਭਾਵਿਤ ਸਮੱਸਿਆਵਾਂ ਦੀ ਪਛਾਣ ਕਰਨ ਲਈ ਲਾਂਚ ਤੋਂ ਪਹਿਲਾਂ ਜਾਂਚ ਕਰਦੀਆਂ ਹਨ, ਅਤੇ ਗਾਹਕਾਂ ਨਾਲ ਗੱਲਬਾਤ ਦੌਰਾਨ ਸਾਹਮਣੇ ਆਈਆਂ ਸੌਫਟਵੇਅਰ ਨਾਲ ਸਬੰਧਤ ਸਮੱਸਿਆਵਾਂ ਦਾ ਹੱਲ ਕੀਤਾ ਜਾ ਰਿਹਾ ਹੈ। ਜਿੱਥੇ ਸਪੇਅਰ ਪਾਰਟਸ ਦੀ ਉਪਲਬਧਤਾ ਮੁਰੰਮਤ ਦੇ ਸਮੇਂ ਨੂੰ ਪ੍ਰਭਾਵਿਤ ਕਰਦੀ ਹੈ, ਉੱਥੇ ਗਾਹਕ ਦੀ ਅਸੁਵਿਧਾ ਨੂੰ ਘੱਟ ਕਰਨ ਲਈ ਜਿੱਥੇ ਲੋੜ ਹੋਵੇ ਅਤੇ ਸੰਭਵ ਹੋਵੇ, ਹੈਂਡਸੈੱਟ ਬਦਲ ਕੇ ਦਿੱਤੇ ਜਾਂਦੇ ਹਨ।

ਗਾਹਕ ਸਹਾਇਤਾ ਨੂੰ ਵਧੇਰੇ ਤੇਜ਼ ਅਤੇ ਨਿੱਜੀ ਬਣਾਉਣ ਲਈ, Ai+ Smartphone ਨੇ ਆਪਣੀ ਸੋਸ਼ਲ ਮੀਡੀਆ ਫੀਡਬੈਕ ਅਤੇ ਐਸਕੇਲੇਸ਼ਨ ਪ੍ਰਕਿਰਿਆ ਨੂੰ ਮਜ਼ਬੂਤ ਕੀਤਾ ਹੈ। ਸਮਰਪਿਤ ਟੀਮਾਂ ਗਾਹਕਾਂ ਦੇ ਸੁਨੇਹਿਆਂ, ਟਿੱਪਣੀਆਂ ਅਤੇ ਜ਼ਿਕਰਾਂ 'ਤੇ ਨਿਯਮਿਤ ਨਜ਼ਰ ਰੱਖਦੀਆਂ ਹਨ, ਇਹ ਯਕੀਨੀ ਬਣਾਉਂਦੀਆਂ ਹਨ ਕਿ ਚਿੰਤਾਵਾਂ ਦੀ ਸਮੀਖਿਆ ਹੋਵੇ, ਉਨ੍ਹਾਂ ਨੂੰ ਤਰਜੀਹ ਦਿੱਤੀ ਜਾਵੇ ਅਤੇ ਸਮੇਂ ਸਿਰ ਕਾਰਵਾਈ ਲਈ ਕਸਟਮਰ ਸਰਵਿਸ ਨਾਲ ਤਾਲਮੇਲ ਕੀਤਾ ਜਾਵੇ। ਇਹ ਪ੍ਰਕਿਰਿਆ ਸਰਗਰਮ ਸੰਪਰਕ, ਸੁਚੱਜੇ ਫਾਲੋ-ਅੱਪ ਅਤੇ ਕੇਸ ਦੇ ਹੱਲ ਹੋਣ ਤੱਕ ਉਸ ਨੂੰ ਟਰੈਕ ਕਰਨ 'ਤੇ ਕੇਂਦਰਿਤ ਹੈ, ਜਿਸ ਨਾਲ ਵਧੇਰੇ ਇਕਸਾਰ ਅਤੇ ਜਵਾਬਦੇਹ ਗਾਹਕ ਅਨੁਭਵ ਦੇਣ ਵਿੱਚ ਮਦਦ ਮਿਲਦੀ ਹੈ। Ai+ Smartphone ਇਸ ਸਮੇਂ ਜ਼ਿਆਦਾਤਰ ਸੇਵਾ ਸਬੰਧੀ ਸ਼ਿਕਾਇਤਾਂ ਦਾ ਹੱਲ ਤਿੰਨ ਤੋਂ ਚਾਰ ਦਿਨਾਂ ਵਿੱਚ ਕਰਨ ਦਾ ਟੀਚਾ ਰੱਖਦਾ ਹੈ, ਜੋ ਸਮੱਸਿਆ ਦੀ ਕਿਸਮ ਅਤੇ ਸਪੇਅਰ ਪਾਰਟਸ ਦੀ ਉਪਲ-ਬਧਤਾ 'ਤੇ ਨਿਰਭਰ ਕਰਦਾ ਹੈ।

Ai+ Smartphone ਸੇਵਾ ਦੇ ਹੱਲ ਤੋਂ ਬਾਅਦ ਗਾਹਕਾਂ ਦੀ ਸੰਤੁਸ਼ਟੀ ਨੂੰ ਬਿਹਤਰ ਢੰਗ ਨਾਲ ਸਮਝਣ ਅਤੇ ਸੁਧਾਰ ਦੇ ਮੌਕਿਆਂ ਦੀ ਪਛਾਣ ਕਰਨ ਲਈ ਗਾਹਕ ਅਨੁਭਵ ਵੀਡੀਓ ਸ਼ੁਰੂ ਕਰਨ ਦੀ ਯੋਜਨਾ ਵੀ ਬਣਾ ਰਿਹਾ ਹੈ। ਉਤਪਾਦ ਸਮੀਖਿਆਵਾਂ ਅਤੇ ਸੇਵਾ ਫੀਡਬੈਕ ਦੇ ਨਾਲ, ਇਹ ਜਾਣਕਾਰੀਆਂ ਬ੍ਰਾਂਡ ਨੂੰ ਆਪਣੀਆਂ ਸਹਾਇਤਾ ਪ੍ਰਕਿਰਿਆਵਾਂ ਨੂੰ ਸੁਧਾਰਨ, ਸਮਾਂ ਘਟਾਉਣ ਅਤੇ ਗਾਹਕਾਂ ਤੋਂ ਮਿਲੀਆਂ ਸਿੱਖਿਆਵਾਂ ਨੂੰ ਭਵਿੱਖ ਦੇ ਉਤਪਾਦ ਅਤੇ ਸੇਵਾ ਫੈਸਲਿਆਂ ਵਿੱਚ ਸ਼ਾਮਲ ਕਰਨ ਵਿੱਚ ਮਦਦ ਕਰਨਗੀਆਂ।

ਜਿਵੇਂ-ਜਿਵੇਂ Ai+ Smartphone ਆਪਣੇ ਪੋਰਟ-ਫੋਲੀਓ ਦਾ ਵਿਸਤਾਰ ਕਰ ਰਿਹਾ ਹੈ, ਗਾਹਕਾਂ ਦਾ ਫੀਡਬੈਕ ਬ੍ਰਾਂਡ ਦੇ ਵਿਕਾਸ ਦੇ ਕੇਂਦਰ ਵਿੱਚ ਬਣਿਆ ਰਹੇਗਾ। ਅਸਲ ਤਜ਼ਰਬਿਆਂ ਨੂੰ ਉਤਪਾਦ ਵਿਕਾਸ, ਸੌਫਟਵੇਅਰ ਸੁਧਾਰਾਂ ਅਤੇ ਵਿਕਰੀ-ਤੋਂ-ਬਾਅਦ ਦੇ ਸੁਧਾਰਾਂ ਨਾਲ ਜੋੜ ਕੇ, Ai+ Smartphone ਸਿਰਫ਼ ਆਪਣੇ ਉਪਭੋਗਤਾਵਾਂ ਲਈ ਹੀ ਨਹੀਂ, ਸਗੋਂ ਉਨ੍ਹਾਂ ਦੇ ਨਾਲ ਮਿਲ ਕੇ ਤਕਨਾਲੋਜੀ ਬਣਾਉਣ ਦੀ ਆਪਣੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕਰ ਰਿਹਾ ਹੈ।

# ਸ੍ਰੀ ਮਾਤਾ ਬਾਲਾ ਸੁੰਦਰੀ ਦੇਵਾ ਜੀ ਧਾਮ ਵਿਖੇ ਹੋਵੇਗਾ ਮਾਂ ਬਗਲਾਮੁਖੀ ਦਾ ਹਵਨ-ਯੱਗ, ਨਵਰਾਤਰਿਆਂ ਵਿੱਚ ਵਿਸ਼ੇਸ਼ ਪੂਜਾ ਦੇ ਮਹੱਤਵ ਬਾਰੇ ਦੱਸਿਆ

ਸਾਂਝੀ ਖ਼ਬਰ



ਸੁਖਵਿੰਦਰ ਸੋਹੀ
ਨਿਸਿੰਗ,

ਸ੍ਰੀ ਮਾਤਾ ਬਾਲਾ ਸੁੰਦਰੀ ਦੇਵਾ ਜੀ ਧਾਮ ਵਿਖੇ ਮਾਂ ਬਗਲਾਮੁਖੀ ਦੇ ਹਵਨ-ਯੱਗ ਅਤੇ ਵਿਸ਼ੇਸ਼ ਪੂਜਾ-ਅਰਚਨਾ ਦਾ ਆਯੋਜਨ ਕੀਤਾ ਜਾਵੇਗਾ। ਇਸ ਸਬੰਧੀ ਸਾਧਵੀ ਦੇਵਾ ਠਾਕੁਰ ਨੇ ਸ਼ਰਧਾਲੂਆਂ ਨੂੰ ਮਾਂ ਬਗਲਾਮੁਖੀ ਦੀ ਮਹਿਮਾ ਅਤੇ ਨਵਰਾਤਰਿਆਂ ਦੌਰਾਨ ਉਨ੍ਹਾਂ ਦੀ ਪੂਜਾ ਦੇ ਵਿਸ਼ੇਸ਼ ਮਹੱਤਵ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਮਾਂ ਬਗਲਾਮੁਖੀ ਦੀ ਅਰਾਧਨਾ ਕਰਨ ਨਾਲ ਭਗਤਾਂ ਨੂੰ ਅਧਿਆਤਮਿਕ ਸ਼ਕਤੀ, ਆਤਮ-ਵਿਸ਼ਵਾਸ ਅਤੇ ਮਾਨਸਿਕ ਸ਼ਾਂਤੀ ਪ੍ਰਾਪਤ ਹੁੰਦੀ ਹੈ।

ਸਾਧਵੀ ਦੇਵਾ ਠਾਕੁਰ ਨੇ ਕਿਹਾ ਕਿ ਨਵਰਾਤਰਿਆਂ ਦੇ ਪਵਿੱਤਰ ਮੌਕੇ 'ਤੇ ਮਾਂ ਦੁਰਗਾ ਦੇ ਵੱਖ-ਵੱਖ ਸਰੂਪਾਂ ਦੀ ਪੂਜਾ-ਅਰਚਨਾ ਦਾ ਵਿਸ਼ੇਸ਼ ਮਹੱਤਵ ਹੈ। ਇਸੇ ਤਰ੍ਹਾਂ ਮਾਂ ਬਗਲਾਮੁਖੀ ਦੀ ਉਪਾਸਨਾ ਵੀ ਸ਼ਰਧਾਲੂਆਂ ਲਈ ਵਿਸ਼ੇਸ਼ ਫਲਦਾਇਕ ਮੰਨੀ ਜਾਂਦੀ ਹੈ। ਮਾਂ ਬਗਲਾਮੁਖੀ ਨੂੰ ਸ਼ਕਤੀ ਅਤੇ ਜਿੱਤ ਦੀ ਦੇਵੀ ਵਜੋਂ ਪੂਜਿਆ ਜਾਂਦਾ ਹੈ। ਧਾਰਮਿਕ ਮਾਨਤਾਵਾਂ ਅਨੁਸਾਰ, ਮਾਂ ਦੀ ਕਿਰਪਾ ਨਾਲ ਭਗਤਾਂ ਨੂੰ ਮੁਸ਼ਕਲ ਹਾਲਾਤਾਂ ਦਾ ਸਾਹਮਣਾ ਕਰਨ ਦੀ ਸ਼ਕਤੀ ਮਿਲਦੀ ਹੈ ਅਤੇ ਉਹ ਆਪਣੇ ਜੀਵਨ ਦੀਆਂ ਰੁਕਾਵਟਾਂ ਨੂੰ ਦੂਰ ਕਰਨ ਲਈ ਪ੍ਰੇਰਿਤ ਹੁੰਦੇ ਹਨ।

ਉਨ੍ਹਾਂ ਦੱਸਿਆ ਕਿ ਦੇਵਾ ਜੀ ਧਾਮ ਵਿਖੇ ਮਾਂ ਬਗਲਾਮੁਖੀ ਦਾ ਹਵਨ-ਯੱਗ ਪੂਰੀ ਵਿਧੀ-ਵਿਧਾਨ ਨਾਲ ਕੀਤਾ ਜਾਵੇਗਾ। ਇਸ ਦੌਰਾਨ ਵਿਸ਼ੇਸ਼ ਪੂਜਾ-ਅਰਚਨਾ ਕਰਕੇ ਮਾਂ ਅੱਗੇ ਸਾਰਿਆਂ ਦੀ ਭਲਾਈ, ਸੁੱਖ-ਸਮ੍ਰਿੱਧੀ ਅਤੇ ਸ਼ਾਂਤੀ ਲਈ ਅਰਦਾਸ ਕੀਤੀ ਜਾਵੇਗੀ। ਹਵਨ-ਯੱਗ ਰਾਹੀਂ ਵਾਤਾਵਰਨ ਨੂੰ ਭਗਤੀਮਈ ਬਣਾਉਣ ਅਤੇ ਸ਼ਰਧਾਲੂਆਂ ਨੂੰ ਧਰਮ ਤੇ ਅਧਿਆਤਮ ਨਾਲ ਜੋੜਨ ਦਾ ਯਤਨ ਕੀਤਾ ਜਾਵੇਗਾ।

ਸਾਧਵੀ ਦੇਵਾ ਠਾਕੁਰ ਨੇ ਸ਼ਰਧਾਲੂਆਂ ਨੂੰ ਅਪੀਲ ਕੀਤੀ ਕਿ ਉਹ ਨਵਰਾਤਰਿਆਂ ਦੌਰਾਨ ਮਾਂ ਦੀ ਅਰਾਧਨਾ ਕਰਨ ਅਤੇ ਦੇਵਾ ਜੀ ਧਾਮ ਵਿਖੇ ਪਹੁੰਚ ਕੇ ਮਾਂ ਬਗਲਾਮੁਖੀ ਦਾ ਆਸ਼ੀਰਵਾਦ ਪ੍ਰਾਪਤ ਕਰਨ। ਉਨ੍ਹਾਂ ਕਿਹਾ ਕਿ ਸੱਚੇ ਮਨ ਨਾਲ ਕੀਤੀ ਗਈ ਪੂਜਾ ਅਤੇ ਭਗਤੀ ਵਿਅਕਤੀ ਨੂੰ ਸਕਾਰਾਤਮਕ ਊਰਜਾ ਪ੍ਰਦਾਨ ਕਰਦੀ ਹੈ। ਮਾਂ ਦੇ ਦਰਬਾਰ ਵਿੱਚ ਆਉਣ ਵਾਲੇ ਸ਼ਰਧਾਲੂ ਆਪਣੀਆਂ ਮਨੋਕਾਮਨਾਵਾਂ ਦੀ ਪੂਰਤੀ ਅਤੇ ਪਰਿਵਾਰ ਦੀ ਸੁੱਖ-ਸ਼ਾਂਤੀ ਲਈ ਪ੍ਰਾਰਥਨਾ ਕਰ ਸਕਦੇ ਹਨ।

ਉਨ੍ਹਾਂ ਸਮੂਹ ਸ਼ਰਧਾਲੂਆਂ ਨੂੰ ਧਾਰਮਿਕ ਸਮਾਗਮਾਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਅਤੇ ਮਾਂ ਦੀ ਮਹਿਮਾ ਦਾ ਗੁਣਗਾਨ ਕਰਨ ਦੀ ਅਪੀਲ ਕੀਤੀ।

# ਨਿਸਿੰਗ ਵਿੱਚ ਸਵੇਰੇ ਪਈ ਭਾਰੀ ਬਾਰਿਸ਼ ਕਾਰਨ ਅਨਾਜ ਮੰਡੀ ਵਿੱਚ ਝੋਨੇ ਨੂੰ ਨੁਕਸਾਨ ਹੋਣ ਦਾ ਖ਼ਦਸ਼ਾ

ਤਰਨਦੀਪ ਕੌਰ ਕਾਹਲੋਂ।
ਨਿਸਿੰਗ,



ਨਿਸਿੰਗ ਵਿੱਚ ਸਵੇਰੇ ਹੋਈ ਭਾਰੀ ਬਾਰਿਸ਼ ਕਾਰਨ ਕਿਸਾਨਾਂ ਦੀਆਂ ਮੁਸ਼ਕਲਾਂ ਵਧ ਗਈਆਂ। ਬਾਰਿਸ਼ ਦੇ ਚੱਲਦਿਆਂ ਅਨਾਜ ਮੰਡੀ ਵਿੱਚ ਵਿਕਰੀ ਲਈ ਲਿਆਂਦੇ ਗਏ ਝੋਨੇ ਦੇ ਭਿੱਜਣ ਕਾਰਨ ਨੁਕਸਾਨ ਹੋਣ ਦਾ ਖ਼ਦਸ਼ਾ ਪੈਦਾ ਹੋ ਗਿਆ ਹੈ। ਮੌਸਮ ਵਿੱਚ ਅਚਾਨਕ ਆਏ ਬਦਲਾਅ ਨੇ ਕਿਸਾਨਾਂ ਦੀ ਚਿੰਤਾ ਵਧਾ ਦਿੱਤੀ ਹੈ। ਕਿਸਾਨਾਂ ਨੂੰ ਆਪਣੀ ਮਹੀਨਿਆਂ ਦੀ ਮਿਹਨਤ ਨਾਲ ਤਿਆਰ ਕੀਤੀ ਫ਼ਸਲ ਦੀ ਸੰਭਾਲ ਕਰਨ ਲਈ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਜਾਣਕਾਰੀ ਅਨੁਸਾਰ, ਸਵੇਰੇ ਹੋਈ ਬਾਰਿਸ਼ ਕਾਰਨ ਅਨਾਜ ਮੰਡੀ ਵਿੱਚ ਪਿਆ ਝੋਨਾ ਭਿੱਜਣ ਦੀ ਸਥਿਤੀ ਬਣ ਗਈ। ਮੰਡੀ ਵਿੱਚ ਫ਼ਸਲ ਦੀ ਖ਼ਰੀਦ, ਲਿਫਟਿੰਗ ਅਤੇ ਸਟੋਰੇਜ ਦੇ ਪ੍ਰਬੰਧਾਂ ਨੂੰ ਲੈ ਕੇ ਵੀ ਕਿਸਾਨਾਂ ਵਿੱਚ ਚਿੰਤਾ ਪਾਈ ਜਾ ਰਹੀ ਹੈ। ਕਿਸਾਨਾਂ ਦਾ ਕਹਿਣਾ ਹੈ ਕਿ ਝੋਨੇ ਦੀ ਫ਼ਸਲ ਨੂੰ ਬਾਰਿਸ਼ ਤੋਂ ਬਚਾਉਣਾ ਬਹੁਤ ਜ਼ਰੂਰੀ ਹੈ, ਕਿਉਂਕਿ ਨਮੀ ਵਧਣ ਨਾਲ ਫ਼ਸਲ ਦੀ ਗੁਣਵੱਤਾ ਪ੍ਰਭਾਵਿਤ ਹੋ ਸਕਦੀ ਹੈ ਅਤੇ ਇਸ ਦਾ ਅਸਰ ਖ਼ਰੀਦ 'ਤੇ ਵੀ ਪੈ ਸਕਦਾ ਹੈ।

ਕਿਸਾਨਾਂ ਨੇ ਮੰਗ ਕੀਤੀ ਕਿ ਮੰਡੀ ਵਿੱਚ ਝੋਨੇ ਨੂੰ ਬਾਰਿਸ਼ ਤੋਂ ਬਚਾਉਣ ਲਈ ਢੁੱਕਵੇਂ ਪ੍ਰਬੰਧ ਕੀਤੇ ਜਾਣ। ਫ਼ਸਲ ਨੂੰ ਢਕਣ ਲਈ ਤਰਪਾਲਾਂ, ਪਾਣੀ ਦੀ ਨਿਕਾਸੀ ਅਤੇ ਮੰਡੀ ਵਿੱਚ ਸਫ਼ਾਈ ਦੇ ਪ੍ਰਬੰਧ ਯਕੀਨੀ ਬਣਾਏ ਜਾਣ, ਤਾਂ ਜੋ ਕਿਸਾਨਾਂ ਨੂੰ ਕਿਸੇ ਤਰ੍ਹਾਂ ਦੇ ਆਰਥਿਕ ਨੁਕਸਾਨ ਦਾ ਸਾਹਮਣਾ ਨਾ ਕਰਨਾ ਪਵੇ।

ਕਿਸਾਨਾਂ ਲਈ ਝੋਨੇ ਦੀ ਫ਼ਸਲ ਉਨ੍ਹਾਂ ਦੀ ਸਾਲ ਭਰ ਦੀ ਮਿਹਨਤ ਅਤੇ ਆਮਦਨ ਦਾ ਮੁੱਖ ਸਾਧਨ ਹੈ। ਅਜਿਹੇ ਵਿੱਚ ਮੌਸਮ ਦੀ ਖ਼ਰਾਬੀ ਉਨ੍ਹਾਂ ਦੀਆਂ ਚਿੰਤਾਵਾਂ ਵਧਾ ਦਿੰਦੀ ਹੈ। ਕਿਸਾਨਾਂ ਨੇ ਪ੍ਰਸ਼ਾਸਨ ਅਤੇ ਸਬੰਧਤ ਅਧਿਕਾਰੀਆਂ ਤੋਂ ਮੰਗ ਕੀਤੀ ਕਿ ਮੰਡੀ ਵਿੱਚ ਪਏ ਝੋਨੇ ਦੀ ਸੁਰੱਖਿਆ ਲਈ ਤੁਰੰਤ ਕਦਮ ਚੁੱਕੇ ਜਾਣ ਅਤੇ ਬਾਰਿਸ਼ ਕਾਰਨ ਹੋਏ ਨੁਕਸਾਨ ਦਾ ਜਾਇਜ਼ਾ ਲਿਆ ਜਾਵੇ।

ਹੁਣ ਕਿਸਾਨਾਂ ਦੀ ਨਜ਼ਰ ਪ੍ਰਸ਼ਾਸਨ ਵੱਲੋਂ ਕੀਤੇ ਜਾਣ ਵਾਲੇ ਪ੍ਰਬੰਧਾਂ 'ਤੇ ਟਿਕੀ ਹੋਈ ਹੈ, ਤਾਂ ਜੋ ਉਨ੍ਹਾਂ ਦੀ ਫ਼ਸਲ ਨੂੰ ਹੋਰ ਨੁਕਸਾਨ ਤੋਂ ਬਚਾਇਆ ਜਾ ਸਕੇ।

# ਐਮ ਐਨ ਕਾਲਜ ਵਿਚ ਸੇਵਾ ਪਖਵਾੜ੍ਹਾ ਮੁਹਿੰਮ ਦੇ ਤਹਿਤ ਬੈਕਿੰਗ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ

ਸਤਨਾਮ ਸਿੰਘ
ਸ਼ਾਹਬਾਦ ਮਾਰਕੰਡਾ



15 ਅਕਤੂਬਰ : ਮਾਰਕੰਡਾ ਨੈਸ਼ਨ ਕਾਲਜ ਦੇ ਵਣਜ ਵਿਭਾਗ ਵਲੋਂ ਅੱਜ ਇਕ ਬੈਕਿੰਗ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਜਿਸ ਦਾ ਉਦੇਸ਼ ਵਿਦਿਆਰਥੀਆਂ ਨੂੰ ਕੇਂਦਰ ਸਰਕਾਰ ਦੀਆਂ ਵੱਖ ਵੱਖ ਯੋਜਨਾਵਾਂ ਬਾਰੇ ਜਾਣੂ ਕਰਾਉਣਾ ਸੀ ਜੋ ਉਨਾਂ ਦੇ ਕਰੀਅਰ ਵਿਚ ਮਦਦਗਾਰ ਹੋ ਸਕਦੀਆਂ ਹਨ। ਕਾਲਜ ਦੇ ਕਾਰਜਕਾਰੀ ਪ੍ਰਿੰਸੀਪਲ ਡਾ ਸੁਰਿੰਦਰ ਸਿੰਘ ਕਾਜਲ ਨੇ ਪ੍ਰੋਗਰਾਮ ਦੀ ਪ੍ਰਧਾਨਗੀ ਕੀਤੀ। ਉਨਾਂ ਕਿਹਾ ਕਿ ਅਜੇਹੇ ਆਯੋਜਨ ਵਿਦਿਆਰਥੀਆਂ ਦੇ ਵਿਹਾਰਕ ਗਿਆਨ ਵਿਚ ਵਾਧਾ ਕਰਦੇ ਹਨ ਤੇ ਉਨਾਂ ਨੂੰ ਉੱਚ ਸਿੱਖਿਆ ਲਈ ਉਪਲਭਦ ਵਿੱਤੀ ਸਹਿਤਾ ਬਾਰੇ ਜਾਣੂ ਕਰਵਾਉਂਦੇ ਹਨ।। ਉਨਾਂ ਕਿਹਾ ਕਿ ਇਹ ਪ੍ਰੋਗਰਾਮ ਸੂਬਾ ਸਰਕਾਰ ਦੇ ਸੇਵਾ ਪੰਦਰਵਾੜੇ ਮੁਹਿੰਮ ਦੇ ਹਿੱਸੇ ਵਜੋਂ ਆਯੋਜਿਤ ਕੀਤਾ ਗਿਆ। ਸਮਾਗਮ ਦੇ ਮੁੱਖ ਬੁਲਾਰੇ ਸੁਰੇਸ਼ ਕੁਮਾਰ ਬਰਾਂਚ ਮੈਨੇਜਰ ਪੀ ਐਨ ਬੀ ਸਨ। ਉਨਾਂ ਨੇ ਵੱਖ ਵੱਖ ਕੇਂਦਰ ਸਰਕਾਰ ਦੀਆਂ ਸਿੱਖਿਆ ਕਰਜਾ ਯੋਜਨਾਵਾਂ, ਜਿਵੇਂ ਕਿ ਪ੍ਰਧਾਨ ਮੰਤਰੀ ਵਿਦਿਆ ਲਕਸ਼ਮੀ ਯੋਜਨਾ,ਵਿਦਿਅਕ ਕਰਜਾ ਯੋਜਨਾਂ,ਵਿਆਜ ਸਬਸਿਡੀ ,ਜਮਾਂਦਰੂ ਮੁਕਤ ਕਰਜਾ ਯੋਜਨਾਵਾਂ ਤੋਂ ਇਲਾਵਾ ਵਿਦੇਸ਼ੀ ਸਿੱਖਿਆ ਲਈ ਵਿਦਿਅਕ ਕਰਜਿਆਂ ਬਾਰੇ ਵਿਸਤ੍ਰਿਤ ਜਾਣਕਾਰੀ ਦਿੱਤੀ। ਡਾ ਸ਼ਾਲਿਨੀ ਸ਼ਰਮਾ ਨੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ।

# ਨਾਭਾ 'ਚ ਪੰਜਾਬ ਬੰਦ ਦਾ ਭਰਵਾਂ ਅਸਰ: ਬੀਜੇਪੀ ਦੇ ਮੁੱਖ ਸੇਵਾਦਾਰ ਬਰਿੰਦਰ ਬਿੱਟੂ ਵੱਲੋਂ ਪੂਰਨ ਸਮਰਥਨ, ਪੰਜਾਬ ਸਰਕਾਰ ਵਿਰੁੱਧ ਖੋਲ੍ਹਿਆ ਮੋਰਚਾ

( ਚੇਤਨ ਮਹਿਤਾ )
ਨਾਭਾ, 15 ਅਕਤੂਬਰ:



ਪਿਛਲੇ ਦਿਨੀਂ ਮਾਨਸਾ ਵਿਖੇ ਵਾਪਰੀ ਅਤਿ ਦੁਖਦਾਈ ਘਟਨਾ ਅਤੇ ਇਨਸਾਫ਼ ਦੀ ਮੰਗ ਨੂੰ ਲੈ ਕੇ ਪੂਰੇ ਪੰਜਾਬ ਵਿੱਚ ਵੱਖ-ਵੱਖ ਸਮਾਜਿਕ, ਧਾਰਮਿਕ, ਇਨਸਾਫ਼ ਪਸੰਦ ਅਤੇ ਸਿਆਸੀ ਜਥੇਬੰਦੀਆਂ ਵੱਲੋਂ ਦਿੱਤੇ ਗਏ 'ਪੰਜਾਬ ਬੰਦ' ਦੇ ਸੱਦੇ ਦਾ ਨਾਭਾ ਸ਼ਹਿਰ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਬਹੁਤ ਹੀ ਭਰਵਾਂ ਅਤੇ ਵਿਆਪਕ ਅਸਰ ਦੇਖਣ ਨੂੰ ਮਿਲਿਆ। ਬੰਦ ਦੇ ਇਸ ਸੱਦੇ ਦੌਰਾਨ ਭਾਰਤੀ ਜਨਤਾ ਪਾਰਟੀ (ਬੀਜੇਪੀ) ਨਾਭਾ ਦੇ ਮੁੱਖ ਸੇਵਾਦਾਰ ਬਰਿੰਦਰ ਕੁਮਾਰ ਬਿੱਟੂ ਨੇ ਆਪਣੀ ਸਮੁੱਚੀ ਟੀਮ, ਪਾਰਟੀ ਅਹੁਦੇਦਾਰਾਂ ਅਤੇ ਵੱਡੀ ਗਿਣਤੀ ਵਰਕਰਾਂ ਸਮੇਤ ਮੈਦਾਨ ਵਿੱਚ ਨਿੱਤਰ ਕੇ ਇਸ ਬੰਦ ਨੂੰ ਪੂਰਨ ਤੌਰ 'ਤੇ ਸਮਰਥਨ ਦੇਣ ਦਾ ਐਲਾਨ ਕੀਤਾ। ਇਸ ਮੌਕੇ ਪੱਤਰਕਾਰਾਂ ਨਾਲ ਵਿਸਤ੍ਰਿਤ ਗੱਲਬਾਤ ਕਰਦਿਆਂ ਬੀਜੇਪੀ ਆਗੂ ਬਰਿੰਦਰ ਬਿੱਟੂ ਨੇ ਸੂਬੇ ਦੀ ਮੌਜੂਦਾ ਆਮ ਆਦਮੀ ਪਾਰਟੀ (ਆਪ) ਸਰਕਾਰ ਦੀ ਕਾਰਜਪ੍ਰਣਾਲੀ, ਪ੍ਰਸ਼ਾਸਨਿਕ ਢਿੱਲ, ਅਤੇ ਅਮਨ-ਕਾਨੂੰਨ ਦੀ ਬਦਤਰ ਹੁੰਦੀ ਜਾ ਰਹੀ ਸਥਿਤੀ ਨੂੰ ਲੈ ਕੇ ਸਰਕਾਰ 'ਤੇ ਤਿੱਖੇ ਪ੍ਰਹਾਰ ਕੀਤੇ। ਬਰਿੰਦਰ ਬਿੱਟੂ ਨੇ ਮਾਨਸਾ ਵਿੱਚ ਪਰਮਿੰਦਰ ਸਿੰਘ ਝੋਟੇ ਦੇ ਹੋਏ ਸ਼ਰੇਆਮ ਅਤੇ ਬੇਰਹਿਮਾਨਾ ਕਤਲ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਇਹ ਘਟਨਾ ਸੂਬੇ ਅੰਦਰ ਅਪਰਾਧੀਆਂ ਦੇ ਬੁਲੰਦ ਹੋ ਰਹੇ ਹੌਸਲਿਆਂ ਅਤੇ ਖ਼ਤਮ ਹੋ ਚੁੱਕੇ ਕਾਨੂੰਨ ਦੇ ਖ਼ੌਫ਼ ਦਾ ਸਭ ਤੋਂ ਵੱਡਾ ਪ੍ਰਮਾਣ ਹੈ। ਉਨ੍ਹਾਂ ਪੂਰੇ ਜੋਰ ਨਾਲ ਕਿਹਾ: "ਇਸ ਮੰਦਭਾਗੇ ਅਤੇ ਦੁਖਦਾਈ ਕਤਲ ਲਈ ਪੰਜਾਬ ਸਰਕਾਰ ਸਿੱਧੇ ਤੌਰ 'ਤੇ ਜ਼ਿੰਮੇਵਾਰ ਹੈ। ਸਰਕਾਰ ਦੀਆਂ ਨਾਕਾਮੀਆਂ ਅਤੇ ਢਿੱਲੀ ਕਾਰਜਸ਼ੈਲੀ ਕਾਰਨ ਅੱਜ ਪੰਜਾਬ ਵਿੱਚ ਅਪਰਾਧੀ ਅੰਨ੍ਹੇਵਾਹ ਘਟਨਾਵਾਂ ਨੂੰ ਅੰਜਾਮ ਦੇ ਰਹੇ ਹਨ ਅਤੇ ਆਮ ਨਾਗਰਿਕਾਂ ਦੇ ਨਾਲ-ਨਾਲ ਸਮਾਜ ਸੇਵੀਆਂ ਦੀ ਸੁਰੱਖਿਆ 'ਤੇ ਵੱਡਾ ਸਵਾਲੀਆ ਨਿਸ਼ਾਨ ਲੱਗ ਗਿਆ ਹੈ।" ਸੂਬੇ ਵਿੱਚ ਫੈਲ ਰਹੇ ਨਸ਼ਿਆਂ ਦੇ ਗੰਭੀਰ ਮੁੱਦੇ 'ਤੇ ਪੰਜਾਬ ਸਰਕਾਰ ਨੂੰ ਆੜੇ ਹੱਥੀਂ ਲੈਂਦਿਆਂ ਬੀਜੇਪੀ ਦੇ ਮੁੱਖ ਸੇਵਾਦਾਰ ਨੇ ਕਿਹਾ: ਜ਼ਮੀਨੀ ਹਕੀਕਤ ਤੋਂ ਕੋਹਾਂ ਦੂਰ ਦਾਅਵੇ: ਇੱਕ ਪਾਸੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸੂਬੇ ਨੂੰ ਨਸ਼ਾ ਮੁਕਤ ਕਰਨ ਦੇ ਰੋਜ਼ਾਨਾ ਵੱਡੇ-ਵੱਡੇ ਦਾਅਵੇ ਕਰ ਰਹੇ ਹਨ, ਜਦਕਿ ਦੂਜੇ ਪਾਸੇ ਜ਼ਮੀਨੀ ਹਕੀਕਤ ਇਹ ਹੈ ਕਿ ਸਾਡੇ ਪੰਜਾਬ ਦੇ ਧੀਆਂ-ਪੁੱਤ ਸ਼ਰੇਆਮ ਨਸ਼ਿਆਂ ਦੀ ਭੇਂਟ ਚੜ੍ਹ ਰਹੇ ਹਨ। ਤਸਕਰਾਂ ਨਾਲ ਪ੍ਰਸ਼ਾਸਨ ਦੀ ਗੰਢਤੁੱਪ: ਨਸ਼ਾ ਬੇਚਣ ਵਾਲੇ ਸਮੱਗਲਰਾਂ ਨਾਲ ਸਥਾਨਕ ਪ੍ਰਸ਼ਾਸਨ ਅਤੇ ਪੁਲਿਸ ਅਧਿਕਾਰੀਆਂ ਦੀ ਸ਼ਰੇਆਮ ਮਿਲੀਭੁਗਤ ਹੈ। ਇਹੀ ਕਾਰਨ ਹੈ ਕਿ ਨਸ਼ਾ ਤਸਕਰ ਬਿਨਾਂ ਕਿਸੇ ਡਰ ਤੋਂ ਸ਼ਰੇਆਮ ਆਪਣਾ ਕਾਰੋਬਾਰ ਚਲਾ ਰਹੇ ਹਨ। ਲਾਅ ਐਂਡ ਆਰਡਰ ਦਾ ਦੀਵਾਲੀਆਪਨ: ਪੰਜਾਬ ਵਿੱਚ ਇਸ ਸਮੇਂ 'ਲਾਅ ਐਂਡ ਆਰਡਰ' (ਕਾਨੂੰਨ ਵਿਵਸਥਾ) ਨਾਮ ਦੀ ਕੋਈ ਚੀਜ਼ ਨਹੀਂ ਰਹਿ ਗਈ। ਸ਼ਹਿਰਾਂ ਅਤੇ ਪਿੰਡਾਂ ਵਿੱਚ ਲੋਕ ਖੁਦ ਨੂੰ ਅਸੁਰੱਖਿਅਤ ਮਹਿਸੂਸ ਕਰ ਰਹੇ ਹਨ। ਮੁੱਖ ਮੰਤਰੀ ਭਗਵੰਤ ਮਾਨ ਸੂਬਾ ਚਲਾਉਣ 'ਚ ਪੂਰੀ ਤਰ੍ਹਾਂ ਨਾਕਾਮ : ਬੀਜੇਪੀ ਆਗੂ ਬਰਿੰਦਰ ਬਿੱਟੂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ 'ਤੇ ਤਿੱਖਾ ਹਮਲਾ ਬੋਲਦਿਆਂ ਕਿਹਾ ਕਿ ਉਹ ਪੰਜਾਬ ਵਰਗੇ ਸੰਵੇਦਨ-ਸ਼ੀਲ ਸੂਬੇ ਨੂੰ ਚਲਾਉਣ ਅਤੇ ਲੋਕਾਂ ਦੀ ਜਾਨ-ਮਾਲ ਦੀ ਰਾਖੀ ਕਰਨ ਵਿੱਚ ਪੂਰੀ ਤਰ੍ਹਾਂ ਨਾਕਾਮ ਸਾਬਤ ਹੋਏ ਹਨ। ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਗ਼ਲਤ ਨੀਤੀਆਂ ਕਾਰਨ ਪੰਜਾਬ ਅੱਜ ਵਿਕਾਸ ਦੀ ਥਾਂ ਅਪਰਾਧ ਅਤੇ ਨਸ਼ਿਆਂ ਦਾ ਗੜ੍ਹ ਬਣਦਾ ਜਾ ਰਿਹਾ ਹੈ। ਮੁੱਖ ਮੰਗਾਂ: ਇਸ ਮੌਕੇ ਬਰਿੰਦਰ ਬਿੱਟੂ ਨੇ ਪੰਜਾਬ ਸਰਕਾਰ ਅਤੇ ਉੱਚ ਪੁਲਿਸ ਪ੍ਰਸ਼ਾਸਨ ਅੱਗੇ ਹੇਠ ਲਿਖੀਆਂ ਮੁੱਖ ਮੰਗਾਂ ਰੱਖੀਆਂ: ਪੀੜਤ ਪਰਿਵਾਰ ਨੂੰ ਤੁਰੰਤ ਇਨਸਾਫ਼: ਮ੍ਰਿਤਕ ਪਰਮਿੰਦਰ ਸਿੰਘ ਝੋਟੇ ਦੇ ਪਰਿਵਾਰ ਨਾਲ ਤੁਰੰਤ ਇਨਸਾਫ਼ ਕੀਤਾ ਜਾਵੇ ਅਤੇ ਦੋਸ਼ੀਆਂ ਨੂੰ ਜਲਦ ਤੋਂ ਜਲਦ ਸਲਾਖਾਂ ਪਿੱਛੇ ਸੁੱਟਿਆ ਜਾਵੇ। ਲਾਪਰਵਾਹ ਅਫ਼ਸਰਾਂ 'ਤੇ ਸਖ਼ਤ ਕਾਰਵਾਈ: ਇਸ ਪੂਰੇ ਮਾਮਲੇ ਵਿੱਚ ਜਿਨ੍ਹਾਂ-ਜਿਨ੍ਹਾਂ ਪੁਲਿਸ ਜਾਂ ਪ੍ਰਸ਼ਾਸਨਿਕ ਅਧਿਕਾਰੀਆਂ ਦੀ ਲਾਪਰਵਾਹੀ ਜਾਂ ਮਿਲੀਭੁਗਤ ਸਾਹਮਣੇ ਆਈ ਹੈ, ਉਨ੍ਹਾਂ ਸਾਰਿਆਂ 'ਤੇ ਬਿਨਾਂ ਕਿਸੇ ਦੇਰੀ ਦੇ ਸਖ਼ਤ ਤੋਂ ਸਖ਼ਤ ਕਾਨੂੰਨੀ ਤੇ ਵਿਭਾਗੀ ਕਾਰਵਾਈ ਕੀਤੀ ਜਾਵੇ। ਇਸ ਮੌਕੇ ਉਨ੍ਹਾਂ ਦੇ ਨਾਲ ਭਾਰਤੀ ਜਨਤਾ ਪਾਰਟੀ ਦੇ ਕਈ ਹੋਰ ਸਥਾਨਕ ਆਗੂ ਅਤੇ ਸਮਰਥਕ ਵੀ ਮੌਜੂਦ ਸਨ, ਜਿਨ੍ਹਾਂ ਨੇ ਪੰਜਾਬ ਸਰਕਾਰ ਖ਼ਿਲਾਫ਼ ਜੰਮ ਕੇ ਨਾਅਰੇਬਾਜ਼ੀ ਕੀਤੀ ਅਤੇ ਰੋਸ ਪ੍ਰਗਟਾਇਆ।

# ਹੁਸ਼ਿਆਰਪੁਰ ਬੰਦ ਦੌਰਾਨ ਸ਼ਿਮਲਾ ਪਹਾੜੀ ਵਿਖੇ ਖੁੱਲ੍ਹੇ ਸ਼ਰਾਬ ਦੇ ਠੇਕੇ ਨੂੰ ਲੈ ਕੇ ਬਣਿਆ ਤਣਾਅ

**ਸ਼ਹਿਰ ਬੰਦ ਹੋਣ ਦੇ ਬਾਵਜੂਦ ਸ਼ਰਾਬ ਦਾ ਠੇਕਾ ਖੁੱਲ੍ਹਾ ਰਹਿਣਾ ਸਰਕਾਰ ਦੀ ਕਾਰਗੁਜ਼ਾਰੀ 'ਤੇ ਸਵਾਲ ਖੜ੍ਹੇ ਕਰਦਾ ਹੈ: ਸੰਜੀਵ ਤਲਵਾੜ**

( ਤਰਸੇਮ ਦੀਵਾਨਾ )
ਹੁਸ਼ਿਆਰਪੁਰ, 15 ਅਕਤੂਬਰ



ਅੱਜ ਹੁਸ਼ਿਆਰਪੁਰ ਬੰਦ ਦੇ ਸੱਦੇ ਦੌਰਾਨ ਸ਼ਿਮਲਾ ਪਹਾੜੀ ਵਿਖੇ ਉਸ ਸਮੇਂ ਕੁਝ ਸਮੇਂ ਲਈ ਤਣਾਅਪੂਰਨ ਸਥਿਤੀ ਬਣ ਗਈ, ਜਦੋਂ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਸੰਜੀਵ ਤਲਵਾੜ ਆਪਣੇ ਸਾਥੀਆਂ ਸਮੇਤ ਸ਼ਿਮਲਾ ਪਹਾੜੀ ਵੱਲ ਜਾ ਰਹੇ ਸਨ। ਇਸ ਦੌਰਾਨ ਰਸਤੇ ਵਿੱਚ ਸਾਰਾ ਬਾਜ਼ਾਰ ਬੰਦ ਹੋਣ ਦੇ ਬਾਵਜੂਦ ਸ਼ਰਾਬ ਦਾ ਇੱਕ ਠੇਕਾ ਖੁੱਲ੍ਹਾ ਹੋਣ ਕਾਰਨ ਮਾਮਲਾ ਚਰਚਾ ਦਾ ਵਿਸ਼ਾ ਬਣ ਗਿਆ। ਮੌਕੇ 'ਤੇ ਮੌਜੂਦ ਵਰਕਰਾਂ ਵੱਲੋਂ ਠੇਕਾ ਬੰਦ ਕਰਨ ਦੀ ਗੱਲ ਕਹੀ ਗਈ, ਪਰ ਸ਼ੁਰੂਆਤ ਵਿੱਚ ਠੇਕੇ ਦੇ ਮੁਲਾਜ਼ਮਾਂ ਵੱਲੋਂ ਇਸ 'ਤੇ ਸਹਿਮਤੀ ਨਾ ਦੇਣ ਕਾਰਨ ਕੁਝ ਸਮੇਂ ਲਈ ਤਣਾਅ ਵਾਲਾ ਮਾਹੌਲ ਬਣ ਗਿਆ। ਹਾਲਾਂਕਿ, ਸੰਜੀਵ ਤਲਵਾੜ ਦੀ ਸੂਝ-ਬੂਝ ਅਤੇ ਦਖ਼ਲਅੰਦਾਜ਼ੀ ਨਾਲ ਮਾਮਲੇ ਨੂੰ ਸ਼ਾਂਤੀਪੂਰਵਕ ਸੁਲਝਾ ਲਿਆ ਗਿਆ ਅਤੇ ਠੇਕਾ ਬੰਦ ਹੋ ਗਿਆ।

ਇਸ ਮੌਕੇ ਸੰਜੀਵ ਤਲਵਾੜ ਨੇ ਕਿਹਾ ਕਿ ਜਦੋਂ ਪੂਰਾ ਸ਼ਹਿਰ ਬੰਦ ਹੋਵੇ ਅਤੇ ਇਸ ਦੌਰਾਨ ਸ਼ਰਾਬ ਦਾ ਠੇਕਾ ਖੁੱਲ੍ਹਾ ਰਹੇ, ਤਾਂ ਇਹ ਗੰਭੀਰ ਸਵਾਲ ਖੜ੍ਹੇ ਕਰਦਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਮੌਜੂਦਾ ਸਰਕਾਰ ਦੀ ਕਾਰਗੁਜ਼ਾਰੀ ਨਸ਼ਿਆਂ ਦੇ ਮੁੱਦੇ 'ਤੇ ਸਵਾਲਾਂ ਦੇ ਘੇਰੇ ਵਿੱਚ ਹੈ ਅਤੇ ਸਰਕਾਰ ਨੂੰ ਇਸ ਸਬੰਧੀ ਆਪਣੀ ਸਥਿਤੀ ਸਪੱਸ਼ਟ ਕਰਨੀ ਚਾਹੀਦੀ ਹੈ।

# ਡਿਵਾਈਨ ਪਬਲਿਕ ਸਕੂਲ ਵਿਚ ਸਲਾਨਾ ਸਮਾਗਮ ਦਾ ਆਯੋਜਨ

ਸਤਨਾਮ ਸਿੰਘ




ਸ਼ਾਹਬਾਦ ਮਾਰਕੰਡਾ 15 ਅਕਤੂਬਰ ਡਿਵਾਈਨ ਪਬਲਿਕ ਸਕੂਲ ਵਿਚ ਨਰਸਰੀ ਤੇ ਐਲ ਕੇ ਜੀ ਦੇ ਬਚਿੱਆਂ ਦਾ ਸਲਾਨਾ ਸਮਾਗਮ ਬੜੇ ਹੀ ਉਤਸ਼ਾਹ ਨਾਲ ਆਯੋਜਿਤ ਕੀਤਾ ਗਿਆ। ਜਿਸ ਦਾ ਸ਼ੁਭ ਅਰੰਭ ਸਕੂਲ ਦੇ ਪ੍ਰਧਾਨ ਡਾ ਗੁਰਦੀਪ ਸਿੰਘ ਹੇਅਰ ਨੇ ਕੀਤਾ। ਇਯ ਪ੍ਰੋਗਰਾਮ ਵਿਚ ਕਲਾਸ ਨਰਸਰੀ ਦੇ ਬਚਿੱਆਂ ਦਾ ਥੀਮ ਸੀਡਸ ਆਫ ਟੂ ਮਾਰੋ ਤੇ ਨਰਸਰੀ ਦੇ ਬਚਿੱਆਂ ਦਾ ਥੀਮ ਸੀ ਸ਼ੀ ਕੈਨ । ਕਲਾਸ ਐਲ ਕੇ ਜੀ ਦੇ ਛੋਟੇ ਛੋਟੇ ਬਚਿੱਆਂ ਨੇ ਸ਼ੀ ਕੈਨ ਥੀਮ ਰਾਹੀਂ ਧੀਆਂ ਦੀ ਸ਼ਕਤੀ ਤੇ ਆਤਮਵਿਸ਼-ਵਾਸ਼ ਦਾ ਸੰਦੇਸ਼ ਦਿੱਤਾ। ਇਸ ਮੌਕੇ ਸਕੂਲ ਪ੍ਰਿੰਿਪਲ ਰਾਜਿੰਦਰ ਖੁਬੜ ਵਾਈਸ ਪ੍ਰਿੰਸੀਪਲ ਮਨੀਸ਼ ਮਲਿਕ ਤੇ ਸਕੂਲ ਦੀ ਮੁੱਖੀ ਮਨਮੀਤ ਸਿੱਧੂ ਰੰਧਾਵਾ ਨੇ ਕਿਹਾ ਕਿ ਹਰੇਕ ਬੱਚਾ ਆਪਣੇ ਆਪ ਵਿਚ ਵਿਸ਼ੇਸ਼ ਹੈ ਤੇ ਉਸ ਨੂੰ ਅੱਗੇ ਵਧੱਣ ਲਈ ਉਚਿੱਤ ਮੌਕਾ ਮਿਲਣਾ ਚਾਹੀਦਾ ਹੈ। ਉਨਾਂ ਕਿਹਾ ਕਿ ਅੱਜ ਧੀਆਂ ਹਰ ਖੇਤਰ ਵਿਚ ਆਪਣੀ ਨਿਵੇਕਲੀ ਪਹਿਚਾਣ ਬਣਾ ਰਹੀਆਂ ਹਨ, ਬੱਸ ਲੋੜ ਹੈ ਉਨਾਂ ਨੂੰ ਸਹੀ ਰਾਹ,ਸਿੱਖਿਆ ਤੇ ਅੱਗੇ ਵਧਣ ਦੇ ਮੌਕੇ ਦੇਣ ਦੀ। ਇਸ ਵਿਸ਼ੇ ਤੇ ਬਚਿੱਆਂ ਨੇ ਮਨਮੋਹਕ ਪੇਸ਼ਕਾਰੀਆਂ ਦਿੱਤੀਆਂ। ਇਸ ਥੀਮ ਦਾ ਉਦੇਸ਼ ਬਚਿੱਆਂ ਵਿਚ ਛੁਪੀਆਂ ਪ੍ਰਤਿਭਾਵਾਂ ਤੇ ਉਜਵੱਲ ਭਵਿੱਖ ਨੂੰ ਦਰਸਾਉਣਾ ਸੀ । ਸੀਡਸ ਆਫ ਟੂਮਾਰੋ ਥੀਮ ਦੇ ਤਹਿਤ ਨਾਚ ਪੇਸ਼ਕਾਰੀਆਂ ਦੇ ਰਾਹੀਂ ਬਚਿੱਆਂ ਨੇ ਸਭ ਦਾ ਮਨ ਮੋਹ ਲਿਆ। ਸ਼ੀ ਕੈਨ ਥੀਮ ਦੇ ਤਹਿਤ ਵੀ ਬਚਿੱਆਂ ਨੇ ਨਾਚ ਪੇਸ਼ਕਾਰੀਆਂ ਰਾਹੀਂ ਨਾਰੀ ਸ਼ਕਤੀ ਦਾ ਸੰਦੇਸ਼ ਦਿੱਤਾ। ਇਸ ਥੀਮ ਦਾ ਉਦੇਸ਼ ਇਹ ਦਰਸਾਉਂਦਾ ਸੀ ਕਿ ਲੜਕੀਆਂ ਜੀਵਨ ਦੇ ਹਰ ਖੇਤਰ ਵਿਚ ਆਪਣੀ ਪ੍ਰਤਿਭਾ, ਮਿਹਨਤ ਤੇ ਆਤਮ ਵਿਸ਼ਵਾਸ਼ ਦੇ ਜੋਰ ਤੇ ਸਫਲਤਾ ਹਾਸਲ ਕਰ ਸਕਦੀਆਂ ਹਨ। ਬਚਿੱਆਂ ਦੀਆਂ ਭਾਵਨਾਤ-ਮਕ ਪੇਸ਼ਕਾਰੀਆਂ ਨਾਲ ਸਭ ਦੀਆਂ ਅੱਖਾਂ ਵਿਚ ਖੁਸ਼ੀ ਤੇ ਮਾਣ ਝਲਕ ਰਿਹਾ ਸੀ।

# ਪਰਵਿੰਦਰ ਸਿੰਘ ਝੋਟੇ ਦੇ ਕਤਲ ਦੇ ਵਿਰੋਧ 'ਚ ਦਿੱਤੀ ਗਈ ਬੰਦ ਦੀ ਕਾਲ ਤੇ ਹੁਸ਼ਿਆਰਪੁਰ ਰਿਹਾ ਬੰਦ

**ਪੰਜਾਬ ਬੰਦ ਦੇ ਸੱਦੇ ਦੌਰਾਨ ਵਪਾਰੀ ਵਰਗ, ਦੁਕਾਨਦਾਰਾਂ ਅਤੇ ਰੇਹੜੀ-ਫੜ੍ਹੀ ਵਾਲਿਆਂ ਨੇ ਵੀ ਆਪਣੇ ਕਾਰੋਬਾਰ ਰੱਖੇ ਬੰਦ : ਬੀਰਪਾਲ, ਨੇਕੂ,ਹੈਪੀ, ਬੰਟੀ**

(ਤਰਸੇਮ ਦੀਵਾਨਾ)
ਹੁਸ਼ਿਆਰਪੁਰ, 15 ਅਕਤੂਬਰ



ਮਾਨਸਾ ਵਿਖੇ ਨਸ਼ਿਆਂ ਵਿਰੁੱਧ ਆਵਾਜ਼ ਬੁਲੰਦ ਕਰਨ ਵਾਲੇ ਨੌਜਵਾਨ ਪਰਵਿੰਦਰ ਸਿੰਘ ਝੋਟੇ ਦਾ ਗੋਲੀਆਂ ਮਾਰ ਕੇ ਕਤਲ ਕੀਤੇ ਜਾਣ ਦੇ ਵਿਰੋਧ ਵਿੱਚ ਪੰਜਾਬ ਬੰਦ ਦੇ ਦਿੱਤੇ ਗਏ ਸੱਦੇ ਨੂੰ ਮੁੱਖ ਰੱਖਦਿਆਂ ਬੇਗਮਪੁਰਾ ਟਾਈਗਰ ਫੋਰਸ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਵੱਲੋਂ ਸ਼ਹਿਰ ਵਿੱਚ ਸ਼ਾਂਤਮਈ ਮਾਰਚ ਕੱਢਿਆ ਗਿਆ। ਫੋਰਸ ਦੇ ਅਹੁਦੇਦਾਰਾਂ ਨੇ ਇਸ ਕਤਲ ਦੀ ਸਖ਼ਤ ਨਿੰਦਾ ਕਰਦਿਆਂ ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲੇ ਲੋਕਾਂ ਦੀ ਸੁਰੱਖਿਆ ਯਕੀਨੀ ਬਣਾਉਣ ਦੀ ਮੰਗ ਕੀਤੀ।

ਬੇਗਮਪੁਰਾ ਟਾਈਗਰ ਫੋਰਸ ਦੇ ਚੇਅਰਮੈਨ ਤਰਸੇਮ ਦੀਵਾਨਾ ਅਤੇ ਕੌਮੀ ਪ੍ਰਧਾਨ ਧਰਮਪਾਲ ਸਾਹਨੇਵਾਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਪ੍ਰਧਾਨ ਵੀਰਪਾਲ ਠਰੋਲੀ, ਦੁਆਬਾ ਪ੍ਰਧਾਨ ਨੇਕੂ ਅਜਨੋਹਾ, ਜ਼ਿਲ੍ਹਾ ਪ੍ਰਧਾਨ ਹੈਪੀ ਫਤਿਹਗੜ੍ਹ ਅਤੇ ਬੰਟੀ ਹਰਿਆਣਾ ਪ੍ਰਧਾਨ ਹਲਕਾ ਸ਼ਾਮ 84 ਦੀ ਅਗਵਾਈ ਹੇਠ ਫੋਰਸ ਦੇ ਅਹੁਦੇਦਾਰਾਂ ਤੇ ਮੈਂਬਰਾਂ ਨੇ ਮਾਰਚ ਵਿੱਚ ਸ਼ਮੂਲੀਅਤ ਕੀਤੀ। ਇਸ ਦੌਰਾਨ ਸ਼ਹਿਰ ਵਿੱਚ ਦੁਕਾਨਾਂ ਅਤੇ ਵਪਾਰਕ ਅਦਾਰੇ ਪੂਰਨ ਤੌਰ ਤੇ ਬੰਦ ਰਹੇ। ਫੋਰਸ ਦੇ ਆਗੂਆਂ ਨੇ ਕਿਹਾ ਕਿ ਪਰਵਿੰਦਰ ਸਿੰਘ ਝੋਟੇ ਦਾ ਕਤਲ ਬੇਹੱਦ ਦੁਖਦਾਈ ਘਟਨਾ ਹੈ। ਨਸ਼ਿਆਂ ਵਿਰੁੱਧ ਸੰਘਰਸ਼ ਕਰਨ ਵਾਲੇ ਨੌਜਵਾਨਾਂ ਨੂੰ ਸੁਰੱਖਿਆ ਮਿਲਣੀ ਚਾਹੀਦੀ ਹੈ, ਤਾਂ ਜੋ ਉਹ ਬਿਨਾਂ ਕਿਸੇ ਡਰ ਦੇ ਸਮਾਜ ਵਿੱਚ ਫੈਲ ਰਹੀ ਨਸ਼ਿਆਂ ਦੀ ਬੁਰਾਈ ਵਿਰੁੱਧ ਆਪਣੀ ਆਵਾਜ਼ ਉਠਾ ਸਕਣ। ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਸਮੱਸਿਆ ਪੰਜਾਬ ਦੇ ਭਵਿੱਖ ਲਈ ਗੰਭੀਰ ਚੁਣੌਤੀ ਹੈ ਅਤੇ ਇਸ ਦੇ ਖ਼ਾਤਮੇ ਲਈ ਸਰਕਾਰ ਤੇ ਪੁਲਿਸ ਪ੍ਰਸ਼ਾਸਨ ਨੂੰ ਠੋਸ ਕਦਮ ਚੁੱਕਣ ਦੀ ਲੋੜ ਹੈ। ਆਗੂਆਂ ਨੇ ਕਿਹਾ ਕਿ ਪੰਜਾਬ ਬੰਦ ਦੇ ਸੱਦੇ ਦੌਰਾਨ ਵਪਾਰੀ ਵਰਗ, ਦੁਕਾਨਦਾਰਾਂ ਅਤੇ ਰੇਹੜੀ-ਫੜ੍ਹੀ ਵਾਲਿਆਂ ਵੱਲੋਂ ਵੀ ਪਰਵਿੰਦਰ ਸਿੰਘ ਝੋਟੇ ਦੇ ਕਤਲ 'ਤੇ ਦੁੱਖ ਪ੍ਰਗਟ ਕਰਦਿਆਂ ਆਪਣੇ ਕਾਰੋਬਾਰ ਬੰਦ ਰੱਖੇ ਗਏ। ਉਨ੍ਹਾਂ ਕਿਹਾ ਕਿ ਇਸ ਘਟਨਾ ਨੇ ਸਮਾਜ ਦੇ ਵੱਖ-ਵੱਖ ਵਰਗਾਂ ਨੂੰ ਦੁਖੀ ਕੀਤਾ ਹੈ ਅਤੇ ਨਸ਼ਿਆਂ ਵਿਰੁੱਧ ਲੜਨ ਵਾਲੇ ਲੋਕਾਂ ਦੀ ਸੁਰੱਖਿਆ ਦਾ ਮੁੱਦਾ ਮੁੜ ਚਰਚਾ ਵਿੱਚ ਲਿਆ ਦਿੱਤਾ ਹੈ। ਬੇਗਮਪੁਰਾ ਟਾਈਗਰ ਫੋਰਸ ਦੇ ਅਹੁਦੇਦਾਰਾਂ ਨੇ ਮੰਗ ਕੀਤੀ ਕਿ ਇਸ ਕਤਲ ਦੇ ਮਾਮਲੇ ਵਿੱਚ ਨਿਰਪੱਖ ਜਾਂਚ ਕਰਕੇ ਦੋਸ਼ੀਆਂ ਵਿਰੁੱਧ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਨਸ਼ਾ ਤਸਕਰੀ ਨੂੰ ਰੋਕਣ ਲਈ ਪ੍ਰਭਾਵਸ਼ਾਲੀ ਕਦਮ ਚੁੱਕੇ ਜਾਣ ਅਤੇ ਨਸ਼ਿਆਂ ਵਿਰੁੱਧ ਸੰਘਰਸ਼ ਕਰਨ ਵਾਲੇ ਸਮਾਜਿਕ ਕਾਰਕੁਨਾਂ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ।

# ਸ਼੍ਰੋਮਣੀ ਅਕਾਲੀ ਦਲ ਨੇ ਭਗਵੰਤ ਮਾਨ ਦਾ ਪੁਤਲਾ ਫੂਕ ਕੇ ਪਰਮਿੰਦਰ ਸਿੰਘ ਝੋਟਾ ਨੂੰ ਭੇਟ ਕੀਤੀ ਸ਼ਰਧਾਂਜਲੀ

**ਪੰਜਾਬ ਦੀ ਜਨਤਾ ਨੇ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ ਰਾਖਸ਼ੀ ਰਾਜ ਦਾ ਸੰਤਾਪ ਹੰਢਾਇਆ: ਸੰਜੀਵ ਤਲਵਾੜ**

( ਤਰਸੇਮ ਦੀਵਾਨਾ )
ਹੁਸ਼ਿਆਰਪੁਰ 15 ਅਕਤੂਬਰ



ਸ਼੍ਰੋਮਣੀ ਅਕਾਲੀ ਦਲ ਵੱਲੋਂ ਬਜਵਾੜਾ ਵਿਖੇ ਰੋਸ ਪ੍ਰਦਰਸ਼ਨ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਪੁਤਲਾ ਫੂਕਿਆ ਗਿਆ ਅਤੇ ਪਰਮਿੰਦਰ ਸਿੰਘ ਝੋਟਾ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਸੰਜੀਵ ਤਲਵਾੜ ਨੇ ਕਿਹਾ ਕਿ ਪੰਜਾਬ ਦੀ ਜਨਤਾ ਨੂੰ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ ਮੌਜੂਦਾ ਸਰਕਾਰ ਦੇ ਰਾਜ ਵਿੱਚ ਕਈ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ ਹੈ। ਉਨ੍ਹਾਂ ਕਿਹਾ ਕਿ ਹੁਣ ਪੰਜਾਬ ਦੇ ਲੋਕ ਇਸ ਸਰਕਾਰ ਦੀਆਂ ਨੀਤੀਆਂ ਤੋਂ ਨਿਜਾਤ ਚਾਹੁੰਦੇ ਹਨ। ਸੰਜੀਵ ਤਲਵਾੜ ਨੇ ਕਿਹਾ ਕਿ ਅੱਜ ਭਗਵੰਤ ਸਿੰਘ ਮਾਨ ਦਾ ਪੁਤਲਾ ਫੂਕ ਕੇ ਪਰਮਿੰਦਰ ਸਿੰਘ ਝੋਟਾ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਉਨ੍ਹਾਂ ਕਿਹਾ ਕਿ ਨਸ਼ਿਆਂ ਦੇ ਕਾਰੋਬਾਰ ਵਿਰੁੱਧ ਆਵਾਜ਼ ਉਠਾਉਣ ਵਾਲੇ ਪਰਮਿੰਦਰ ਸਿੰਘ ਝੋਟਾ ਦੀ ਮੌਤ ਨੇ ਪੰਜਾਬ ਦੇ ਲੋਕਾਂ ਨੂੰ ਝੰਜੋੜ ਕੇ ਰੱਖ ਦਿੱਤਾ ਹੈ। ਪੰਜਾਬ ਦੀ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀ ਜ਼ਿੰਮੇਵਾਰੀ ਹੈ ਕਿ ਨਸ਼ਿਆਂ ਦੇ ਕਾਰੋਬਾਰ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇ ਅਤੇ ਨਸ਼ਿਆਂ ਖ਼ਿਲਾਫ਼ ਆਵਾਜ਼ ਬੁਲੰਦ ਕਰਨ ਵਾਲੇ ਲੋਕਾਂ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਸੂਬੇ ਵਿੱਚ ਅਮਨ-ਸ਼ਾਂਤੀ, ਸੁਰੱਖਿਆ ਅਤੇ ਨਸ਼ਾ ਮੁਕਤ ਸਮਾਜ ਦੀ ਉਮੀਦ ਕਰਦੇ ਹਨ, ਪਰ ਮੌਜੂਦਾ ਹਾਲਾਤ ਸਰਕਾਰ ਦੀ ਕਾਰਗੁਜ਼ਾਰੀ 'ਤੇ ਗੰਭੀਰ ਸਵਾਲ ਖੜ੍ਹੇ ਕਰਦੇ ਹਨ। ਨੌਜਵਾਨਾਂ ਨੂੰ ਨਸ਼ਿਆਂ ਦੀ ਲਾਹਨਤ ਤੋਂ ਬਚਾਉਣ ਲਈ ਸਰਕਾਰ ਨੂੰ ਠੋਸ ਕਦਮ ਚੁੱਕਣੇ ਚਾਹੀਦੇ ਹਨ ਤਾਂ ਜੋ ਪੰਜਾਬ ਦੀ ਜਵਾਨੀ ਦਾ ਭਵਿੱਖ ਸੁਰੱਖਿਅਤ ਬਣਾਇਆ ਜਾ ਸਕੇ। ਸੰਜੀਵ ਤਲਵਾੜ ਨੇ ਅੱਗੇ ਕਿਹਾ ਕਿ ਜਿਸ ਤਰ੍ਹਾਂ ਦੁਸਹਿਰੇ ਮੌਕੇ ਰਾਵਣ ਦਾ ਦਹਿਣ ਕਰਕੇ ਬੁਰਾਈ 'ਤੇ ਚੰਗਿਆਈ ਦੀ ਜਿੱਤ ਦਾ ਸੰਦੇਸ਼ ਦਿੱਤਾ ਜਾਂਦਾ ਹੈ, ਉਸੇ ਤਰ੍ਹਾਂ ਪੰਜਾਬ ਵਿੱਚ ਵੀ ਲੋਕ ਵਿਰੋਧੀ ਨੀਤੀਆਂ ਅਤੇ ਮਾੜੇ ਸ਼ਾਸਨ ਦਾ ਅੰਤ ਹੋਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਆਪਣੇ ਹੱਕਾਂ, ਸੁਰੱਖਿਆ ਅਤੇ ਬਿਹਤਰ ਭਵਿੱਖ ਲਈ ਇਕਜੁੱਟ ਹੋ ਕੇ ਆਪਣੀ ਆਵਾਜ਼ ਬੁਲੰਦ ਕਰਨਗੇ। ਸੰਜੀਵ ਤਲਵਾੜ ਨੇ ਪਰਮਿੰਦਰ ਸਿੰਘ ਝੋਟਾ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਨਸ਼ਿਆਂ ਵਿਰੁੱਧ ਸੰਘਰਸ਼ ਕਰਨਾ ਸਮੁੱਚੇ ਪੰਜਾਬ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਜਵਾਨੀ ਨੂੰ ਬਚਾਉਣ ਅਤੇ ਸੂਬੇ ਨੂੰ ਨਸ਼ਾ ਮੁਕਤ ਬਣਾਉਣ ਲਈ ਹਰ ਪੰਜਾਬੀ ਨੂੰ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ। ਇਸ ਮੌਕੇ ਜਗਤਾਰ ਸਿੰਘ, ਪ੍ਰੇਮ ਸਿੰਘ ਪਿੱਪਲਾਂ ਵਾਲਾ, ਭੁਪਿੰਦਰ ਸਿੰਘ, ਐਡਵੋਕੇਟ ਸੂਰਜ ਸਿੰਘ, ਮਨਪ੍ਰੀਤ ਸਿੱਧੂ, ਸਰਬਜੀਤ ਸਾਬੀ, ਜਸਵਿੰਦਰ ਸਿੰਘ, ਗੁਰਵਿੰਦਰ ਲੱਕੀ, ਇਕਬਾਲ ਸਿੰਘ ਗੋਪੀ, ਸੰਜੀਵ ਥਾਪਰ, ਸੁਖਦੇਵ ਸਿੰਘ, ਐਡਵੋਕੇਟ ਸੁਖਬੀਰ ਸਿੰਘ, ਇੰਦਰਦੀਪ ਸਿੰਘ, ਜੋਧ ਸਿੰਘ, ਜਟਾ ਸ਼ੰਕਰ, ਦਿਲਬਾਗ ਸਿੰਘ, ਹਰਜੀਤ ਸਿੰਘ, ਸੁੱਚਾ ਸਿੰਘ ਸਮੇਤ ਸੈਂਕੜੇ ਅਕਾਲੀ ਵਰਕਰ ਮੌਜੂਦ ਸਨ।

# ਪਿੰਡ ਅਲੂਣਾ ਮਿਆਨਾ ਵਿੱਚ ਆਮ ਆਦਮੀ ਕਲੀਨਿਕ ਸ਼ੁਰੂ, ਵਿਧਾਇਕ ਗਿਆਸਪੁਰਾ ਨੇ ਕੀਤਾ ਉਦਘਾਟਨ

ਸਾਂਝੀ ਖ਼ਬਰ

**ਲੋਕਾਂ ਨੂੰ ਘਰਾਂ ਦੇ ਨੇੜੇ ਮਿਆਰੀ ਸਿਹਤ ਸਹੂਲਤਾਂ ਮੁਹੱਈਆ ਕਰਵਾਉਣਾ ਪੰਜਾਬ ਸਰਕਾਰ ਦੀ ਤਰਜੀਹ: ਮਨਵਿੰਦਰ ਸਿੰਘ ਗਿਆਸਪੁਰਾ**



ਪਾਇਲ (ਲੁਧਿਆਣਾ)
15 ਅਕਤੂਬਰ:

ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਘਰਾਂ ਦੇ ਨੇੜੇ ਮੁੱਢਲੀਆਂ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਹਲਕਾ ਪਾਇਲ ਦੇ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਨੇ ਪਿੰਡ ਅਲੂਣਾ ਮਿਆਨਾ ਵਿਖੇ ਆਮ ਆਦਮੀ ਕਲੀਨਿਕ ਦਾ ਉਦਘਾਟਨ ਕੀਤਾ। ਇਸ ਕਲੀਨਿਕ ਦੇ ਸ਼ੁਰੂ ਹੋਣ ਨਾਲ ਪਿੰਡ ਅਲੂਣਾ ਮਿਆਨਾ ਸਮੇਤ ਆਲੇ-ਦੁਆਲੇ ਦੇ ਪਿੰਡਾਂ ਦੇ ਲੋਕਾਂ ਨੂੰ ਸਿਹਤ ਸੇਵਾਵਾਂ ਦਾ ਲਾਭ ਮਿਲੇਗਾ ਅਤੇ ਆਮ ਬਿਮਾਰੀਆਂ ਦੇ ਇਲਾਜ ਲਈ ਦੂਰ-ਦੁਰਾਡੇ ਜਾਣ ਦੀ ਲੋੜ ਘਟੇਗੀ।

ਇਸ ਮੌਕੇ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਨੇ ਕਿਹਾ ਕਿ ਸਿਹਤ ਸੇਵਾਵਾਂ ਹਰ ਵਿਅਕਤੀ ਦੀ ਮੁੱਢਲੀ ਲੋੜ ਹਨ। ਪੰਜਾਬ ਸਰਕਾਰ ਦਾ ਉਦੇਸ਼ ਹੈ ਕਿ ਲੋਕਾਂ ਨੂੰ ਸਮੇਂ ਸਿਰ ਇਲਾਜ ਮਿਲੇ ਅਤੇ ਆਰਥਿਕ ਤੌਰ ’ਤੇ ਕਮਜ਼ੋਰ ਪਰਿਵਾਰਾਂ ਨੂੰ ਸਿਹਤ ਸਹੂਲਤਾਂ ਹਾਸਲ ਕਰਨ ਵਿੱਚ ਮੁਸ਼ਕਲਾਂ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਆਮ ਆਦਮੀ ਕਲੀਨਿਕਾਂ ਰਾਹੀਂ ਲੋਕਾਂ ਨੂੰ ਮੁੱਢਲੀਆਂ ਸਿਹਤ ਸੇਵਾਵਾਂ, ਡਾਕਟਰੀ ਜਾਂਚ, ਲੋੜ ਅਨੁਸਾਰ ਦਵਾਈਆਂ ਅਤੇ ਲੈਬਾਰਟਰੀ ਟੈਸਟਾਂ ਦੀਆਂ ਸਹੂਲਤਾਂ ਮੁਫ਼ਤ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ।

ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਸਿਹਤ ਸਹੂਲਤਾਂ ਦੀ ਉਪਲਬਧਤਾ ਵਧਾਉਣਾ ਜ਼ਰੂਰੀ ਹੈ, ਕਿਉਂਕਿ ਕਈ ਵਾਰ ਛੋਟੀਆਂ ਬਿਮਾਰੀਆਂ ਦੇ ਇਲਾਜ ਲਈ ਵੀ ਲੋਕਾਂ ਨੂੰ ਸ਼ਹਿਰਾਂ ਵਿੱਚ ਜਾਣਾ ਪੈਂਦਾ ਹੈ। ਆਮ ਆਦਮੀ ਕਲੀਨਿਕ ਦੇ ਚਾਲੂ ਹੋਣ ਨਾਲ ਸਥਾਨਕ ਵਸਨੀਕਾਂ ਨੂੰ ਆਪਣੇ ਨੇੜੇ ਡਾਕਟਰੀ ਸਲਾਹ ਅਤੇ ਇਲਾਜ ਦੀ ਸਹੂਲਤ ਮਿਲੇਗੀ।

ਗਰਭਵਤੀ ਔਰਤਾਂ ਅਤੇ ਬੱਚਿਆਂ ਨੂੰ ਵੀ ਮਿਲਣਗੀਆਂ ਸਹੂਲਤਾਂ

ਇਸ ਮੌਕੇ ਸੀਨੀਅਰ ਮੈਡੀਕਲ ਅਫ਼ਸਰ ਡਾ. ਸੁਦੀਪ ਸਿੱਧੂ ਨੇ ਦੱਸਿਆ ਕਿ ਆਮ ਆਦਮੀ ਕਲੀਨਿਕ ਵਿੱਚ ਓਪੀਡੀ ਸੇਵਾਵਾਂ ਦੇ ਨਾਲ-ਨਾਲ ਹਲਕਾਅ ਤੋਂ ਬਚਾਅ ਲਈ ਟੀਕਾਕਰਨ ਅਤੇ ਗਰਭਵਤੀ ਔਰਤਾਂ ਦੀ ਸਿਹਤ ਜਾਂਚ ਵਰਗੀਆਂ ਸਹੂਲਤਾਂ ਵੀ ਉਪਲਬਧ ਹਨ। ਇਸ ਤੋਂ ਇਲਾਵਾ ਸੂਚੀਬੱਧ ਸਕੈਨ ਸੈਂਟਰਾਂ ਵਿੱਚ ਗਰਭਵਤੀ ਔਰਤਾਂ ਦੇ ਮੁਫ਼ਤ ਅਲਟਰਾਸਾਊਂਡ ਦੀ ਸਹੂਲਤ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਸੇਵਾਵਾਂ ਦਾ ਮਕਸਦ ਲੋਕਾਂ ਨੂੰ ਸਮੇਂ ਸਿਰ ਸਿਹਤ ਸਹੂਲਤਾਂ ਦੇਣਾ ਅਤੇ ਮਰੀਜ਼ਾਂ ਨੂੰ ਬਿਹਤਰ ਇਲਾਜ ਮੁਹੱਈਆ ਕਰਵਾਉਣਾ ਹੈ।

ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਸਿਹਤ ਪ੍ਰਤੀ ਜਾਗਰੂਕ ਰਹਿਣ ਅਤੇ ਲੋੜ ਪੈਣ ’ਤੇ ਕਲੀਨਿਕ ਦੀਆਂ ਸੇਵਾਵਾਂ ਦਾ ਲਾਭ ਲੈਣ।

ਇਸ ਮੌਕੇ ਬਲਾਕ ਪ੍ਰਧਾਨ ਗੁਰਵਿੰਦਰ ਸਿੰਘ ਖਾਲਸਾ, ਨਗਰ ਕੌਂਸਲ ਦੇ ਸੀਨੀਅਰ ਮੀਤ ਪ੍ਰਧਾਨ ਬੂਟਾ ਸਿੰਘ ਰਾਣੋਂ, ਚੇਅਰਮੈਨ ਸਿਰਾਜ ਖਾਨ, ਰਜਿੰਦਰ ਕੁਮਾਰ ਰਾਜੂ, ਸਤਵੰਤ ਸਿੰਘ, ਹਰਜਿੰਦਰ ਸਿੰਘ, ਅਮਰਜੀਤ ਸਿੰਘ, ਡਾ. ਮਨਜੀਤ ਸਿੰਘ ਜੀਤੀ, ਨਵਜੋਤ ਸਿੰਘ ਮਲਹਾਂਸ, ਮਨਦੀਪ ਸਿੰਘ, ਸ਼ਮਸ਼ੇਰ ਸਿੰਘ, ਜਸਪ੍ਰੀਤ ਸਿੰਘ ਅਤੇ ਕੇਵਲ ਸਿੰਘ ਸਮੇਤ ਹੋਰ ਵਿਅਕਤੀ ਹਾਜ਼ਰ ਸਨ।

# ਨਾਲੋ-ਨਾਲ ਖਰੀਦ ਯਕੀਨੀ ਬਣਾਉਣ ਲਈ ਕਿਸਾਨ ਅਨਾਜ ਮੰਡੀਆਂ ਵਿੱਚ ਸੁੱਕਾ ਝੋਨਾ ਹੀ ਲਿਆਉਣ : ਡਿਪਟੀ ਕਮਿਸ਼ਨਰ

ਸਾਂਝੀ ਖ਼ਬਰ

**ਕੰਬਾਈਨ ਮਾਲਕ ਸਵੇਰੇ 10 ਵਜੇ ਤੋਂ ਸ਼ਾਮ 6 ਵਜੇ ਤੱਕ ਹੀ ਕਰਨ ਝੋਨੇ ਦੀ ਕਟਾਈ : ਹਿਮਾਂਸ਼ੂ ਜੈਨ**



ਜਸਵੀਰ ਸਿੰਘ ਮਣਕੂ
ਲੁਧਿਆਣਾ, 15 ਅਕਤੂਬਰ:

ਡਿਪਟੀ ਕਮਿਸ਼ਨਰ ਲੁਧਿਆਣਾ ਸ੍ਰੀ ਹਿਮਾਂਸ਼ੂ ਜੈਨ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਝੋਨੇ ਦੀ ਨਾਲੋ-ਨਾਲ ਖਰੀਦ ਯਕੀਨੀ ਬਣਾਉਣ ਲਈ ਅਨਾਜ ਮੰਡੀਆਂ ਵਿੱਚ ਸੁੱਕਾ ਝੋਨਾ ਹੀ ਲੈ ਕੇ ਆਉਣ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਝੋਨੇ ਦੀ ਖਰੀਦ ਲਈ ਨਮੀ ਦੀ ਵੱਧ ਤੋਂ ਵੱਧ ਮਾਤਰਾ 17 ਫ਼ੀਸਦੀ ਨਿਰਧਾਰਤ ਕੀਤੀ ਗਈ ਹੈ।

ਉਨ੍ਹਾਂ ਆੜ੍ਹਤੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਕਿਸਾਨਾਂ ਨੂੰ ਇਸ ਸਬੰਧੀ ਜਾਗਰੂਕ ਕਰਨ, ਤਾਂ ਜੋ ਕਿਸਾਨਾਂ ਨੂੰ ਆਪਣੀ ਫ਼ਸਲ ਮੰਡੀਆਂ ਵਿੱਚ ਵੇਚਣ ਸਮੇਂ ਕਿਸੇ ਕਿਸਮ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ ਅਤੇ ਖਰੀਦ ਪ੍ਰਕਿਰਿਆ ਸੁਚਾਰੂ ਢੰਗ ਨਾਲ ਨੇਪਰੇ ਚੜ੍ਹ ਸਕੇ।

ਡਿਪਟੀ ਕਮਿਸ਼ਨਰ ਨੇ ਕੰਬਾਈਨ ਮਾਲਕਾਂ ਨੂੰ ਹਦਾਇਤ ਕੀਤੀ ਕਿ ਉਹ ਸਵੇਰੇ 10 ਵਜੇ ਤੋਂ ਸ਼ਾਮ 6 ਵਜੇ ਤੱਕ ਹੀ ਝੋਨੇ ਦੀ ਕਟਾਈ ਕਰਨ। ਉਨ੍ਹਾਂ ਕਿਹਾ ਕਿ ਇਸ ਸਮੇਂ ਤੋਂ ਬਾਅਦ ਫ਼ਸਲ ਵਿੱਚ ਨਮੀ ਦੀ ਮਾਤਰਾ ਵਧਣ ਦੀ ਸੰਭਾਵਨਾ ਰਹਿੰਦੀ ਹੈ। ਜੇਕਰ ਕੋਈ ਕੰਬਾਈਨ ਮਾਲਕ ਨਿਰਧਾਰਤ ਸਮੇਂ ਤੋਂ ਬਾਅਦ ਕਟਾਈ ਕਰਦਾ ਪਾਇਆ ਗਿਆ ਤਾਂ ਉਸ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਸ੍ਰੀ ਹਿਮਾਂਸ਼ੂ ਜੈਨ ਨੇ ਕਿਹਾ ਕਿ ਝੋਨੇ ਦੇ ਖਰੀਦ ਸੀਜ਼ਨ ਦੌਰਾਨ ਕਿਸਾਨਾਂ ਅਤੇ ਖਰੀਦ ਪ੍ਰਕਿਰਿਆ ਨਾਲ ਜੁੜੇ ਕਿਸੇ ਵੀ ਵਰਗ ਨੂੰ ਮੰਡੀਆਂ ਵਿੱਚ ਕੋਈ ਮੁਸ਼ਕਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਲੁਧਿਆਣਾ ਜ਼ਿਲ੍ਹੇ ਦੀਆਂ ਸਾਰੀਆਂ ਅਨਾਜ ਮੰਡੀਆਂ ਵਿੱਚ ਲੋੜੀਂਦੇ ਪ੍ਰਬੰਧ ਪਹਿਲਾਂ ਹੀ ਮੁਕੰਮਲ ਕੀਤੇ ਜਾ ਚੁੱਕੇ ਹਨ।

ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਖਰੀਦ ਪ੍ਰਕਿਰਿਆ ਦੌਰਾਨ ਪੰਜਾਬ ਸਰਕਾਰ ਵੱਲੋਂ ਜਾਰੀ ਨਿਯਮਾਂ ਅਤੇ ਦਿਸ਼ਾ-ਨਿਰਦੇਸ਼ਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ। ਉਨ੍ਹਾਂ ਕਿਹਾ ਕਿ ਸਰਕਾਰ ਕਿਸਾਨਾਂ ਦੀ ਸਖ਼ਤ ਮਿਹਨਤ ਨਾਲ ਪੈਦਾ ਕੀਤੀ ਫ਼ਸਲ ਦਾ ਇੱਕ-ਇੱਕ ਦਾਣਾ ਖਰੀਦਣ ਅਤੇ ਮੰਡੀਆਂ ਵਿੱਚੋਂ ਚੁਕਵਾਉਣ ਲਈ ਵਚਨਬੱਧ ਹੈ।

ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਵਾਤਾਵਰਨ ਦੀ ਸਵੱਛਤਾ ਅਤੇ ਜ਼ਮੀਨ ਦੀ ਉਪਜਾਊ ਸ਼ਕਤੀ ਬਰਕਰਾਰ ਰੱਖਣ ਲਈ ਝੋਨੇ ਦੀ ਪਰਾਲੀ ਅਤੇ ਫ਼ਸਲ ਦੀ ਰਹਿੰਦ-ਖੂੰਹਦ ਨੂੰ ਅੱਗ ਨਾ ਲਗਾਉਣ ਦੀ ਪੁਰਜ਼ੋਰ ਅਪੀਲ ਵੀ ਕੀਤੀ।

# ਬਲੀਏਵਾਲ ਵੱਲੋਂ ਪੰਜਾਬ ਬੰਦ ਦੌਰਾਨ ਮਨਪ੍ਰੀਤ ਦੀ ਹੋਈ ਮੌਤ ਤੇ ਪੀੜਤ ਪਰਿਵਾਰ ਲਈ ਸਰਕਾਰੀ ਨੌਕਰੀ ਅਤੇ ਮੁਆਵਜ਼ੇ ਦੀ ਮੰਗ

ਸਾਂਝੀ ਖ਼ਬਰ

ਜਸਵੀਰ ਸਿੰਘ ਮਣਕੂ
ਲੁਧਿਆਣਾ 15 ਅਕਤੂਬਰ

ਭਾਰਤੀ ਜਨਤਾ ਪਾਰਟੀ ਪੰਜਾਬ ਦੇ ਬੁਲਾਰੇ ਅਤੇ ਸਹਿ ਮੀਡੀਆ ਇੰਚਾਰਜ ਅਤੇ ਹਲਕਾ ਸਾਹਨੇਵਾਲ ਦੇ ਆਗੂ ਪ੍ਰਿਤਪਾਲ ਸਿੰਘ ਬਲੀਏਵਾਲ ਨੇ ਅੱਜ ਪੰਜਾਬ ਬੰਦ ਦੇ ਸੱਦੇ ਦੌਰਾਨ ਹਲਕਾ ਸਾਹਨੇਵਾਲ ਦੇ ਪਿੰਡ ਕਡਿਆਣਾ ਖੁਰਦ ਦੇ ਵਸਨੀਕ ਮਨਪ੍ਰੀਤ ਸਿੰਘ ਪੁੱਤਰ ਸ. ਮੰਗਲ ਸਿੰਘ ਦੀ ਕਰੰਟ ਲੱਗਣ ਕਾਰਨ ਹੋਈ ਮੌਤ ’ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ।

ਬਲੀਏਵਾਲ ਨੇ ਕਿਹਾ ਕਿ ਲੁਧਿਆਣਾ ਦੇ ਮੁੰਡੀਆਂ ਸਥਿਤ ਫੋਰਟਿਸ ਹਸਪਤਾਲ ਚੌਂਕ ਵਿਖੇ ਧਰਨੇ ਦੌਰਾਨ ਵਾਪਰੀ ਇਹ ਘਟਨਾ ਬੇਹੱਦ ਦੁਖਦਾਈ ਹੈ। ਇਸ ਨੌਜਵਾਨ ਦੀ ਜਾਨ ਚਲੀ ਜਾਣ ਕਾਰਨ ਪਰਿਵਾਰ ਨੂੰ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ।

ਉਨ੍ਹਾਂ ਕਿਹਾ ਕਿ ਇਸ ਘਟਨਾ ਨੇ ਪ੍ਰਸ਼ਾਸਨਿਕ ਪ੍ਰਬੰਧਾਂ ਅਤੇ ਸੁਰੱਖਿਆ ਪ੍ਰਬੰਧਾਂ ’ਤੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ। ਸਰਕਾਰ ਅਤੇ ਪ੍ਰਸ਼ਾਸਨ ਨੂੰ ਇਸ ਮਾਮਲੇ ਦੀ ਨਿਰਪੱਖ ਜਾਂਚ ਕਰਵਾਉਣੀ ਚਾਹੀਦੀ ਹੈ ਅਤੇ ਜੇਕਰ ਕਿਸੇ ਪੱਧਰ ’ਤੇ ਲਾਪਰਵਾਹੀ ਸਾਹਮਣੇ ਆਉਂਦੀ ਹੈ ਤਾਂ ਉਸ ਲਈ ਜ਼ਿੰਮੇਵਾਰ ਲੋਕਾਂ ਵਿਰੁੱਧ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ।

ਬਲੀਏਵਾਲ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਪੀੜਤ ਪਰਿਵਾਰ ਦੇ ਇੱਕ ਯੋਗ ਮੈਂਬਰ ਨੂੰ ਸਰਕਾਰੀ ਨੌਕਰੀ ਦਿੱਤੀ ਜਾਵੇ ਅਤੇ ਪਰਿਵਾਰ ਨੂੰ ਢੁੱਕਵਾਂ ਮੁਆਵਜ਼ਾ ਦਿੱਤਾ ਜਾਵੇ ,ਤਾਂ ਜੋ ਇਸ ਔਖੀ ਘੜੀ ਵਿੱਚ ਪਰਿਵਾਰ ਨੂੰ ਕੁਝ ਸਹਾਰਾ ਮਿਲ ਸਕੇ। ਉਨ੍ਹਾਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਪੰਜਾਬ ਇਸ ਦੁੱਖ ਦੀ ਘੜੀ ਵਿੱਚ ਮਨਪ੍ਰੀਤ ਸਿੰਘ ਦੇ ਪਰਿਵਾਰ ਨਾਲ ਖੜ੍ਹੀ ਹੈ ਅਤੇ ਪਰਿਵਾਰ ਨੂੰ ਇਨਸਾਫ਼ ਦਿਵਾਉਣ ਲਈ ਸਰਕਾਰ ਕੋਲ ਆਪਣੀ ਆਵਾਜ਼ ਬੁਲੰਦ ਕਰੇਗੀ।

ਅੰਤ ਵਿੱਚ ਬਲੀਏਵਾਲ ਨੇ ਅਰਦਾਸ ਕੀਤੀ ਕਿ ਵਾਹਿਗੁਰੂ ਜੀ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ਣ ਅਤੇ ਪਰਿਵਾਰ ਨੂੰ ਇਹ ਅਸਹਿ ਭਾਣਾ ਮੰਨਣ ਦਾ ਬਲ ਬਖ਼ਸ਼ਣ।

# ਅੰਡਰ-14 ਕ੍ਰਿਕਟ: ਹੁਸ਼ਿਆਰਪੁਰ ਨੇ ਨਵਾਂਸ਼ਹਿਰ ਨੂੰ 104 ਦੌੜਾਂ ਨਾਲ ਹਰਾਇਆ, 4 ਅੰਕ ਕੀਤੇ ਹਾਸਲ : ਡਾ. ਰਮਨ ਘਈ

ਸਾਂਝੀ ਖ਼ਬਰ

**ਕਪਤਾਨ ਹਰਿਦਿੱਤ ਸਿੰਘ ਸੈਣੀ ਨੇ ਲਗਾਤਾਰ ਦੂਜਾ ਅਰਧ ਸੈਂਕੜਾ ਜੜਿਆ**



(ਤਰਸੇਮ ਦੀਵਾਨਾ)
ਹੁਸ਼ਿਆਰਪੁਰ, 15 ਅਕਤੂਬਰ

ਪੰਜਾਬ ਕ੍ਰਿਕਟ ਐਸੋਸੀਏਸ਼ਨ (ਪੀ.ਸੀ.ਏ.) ਵੱਲੋਂ ਕਰਵਾਏ ਜਾ ਰਹੇ ਅੰਤਰ-ਜ਼ਿਲ੍ਹਾ ਅੰਡਰ-14 ਲੜਕਿਆਂ ਦੇ ਕ੍ਰਿਕਟ ਟੂਰਨਾਮੈਂਟ ਵਿੱਚ ਹੁਸ਼ਿਆਰਪੁਰ ਦੀ ਟੀਮ ਨੇ ਨਵਾਂਸ਼ਹਿਰ ਦੀ ਟੀਮ ਨੂੰ 104 ਦੌੜਾਂ ਨਾਲ ਕਰਾਰੀ ਹਾਰ ਦੇ ਕੇ ਸ਼ਾਨਦਾਰ ਜਿੱਤ ਦਰਜ ਕੀਤੀ ਅਤੇ 4 ਅੰਕ ਹਾਸਲ ਕੀਤੇ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਐਚ.ਡੀ.ਸੀ.ਏ. ਦੇ ਸਕੱਤਰ ਡਾ. ਰਮਨ ਘਈ ਨੇ ਦੱਸਿਆ ਕਿ 50-50 ਓਵਰਾਂ ਦੇ ਇਸ ਮੈਚ ਵਿੱਚ ਹੁਸ਼ਿਆਰਪੁਰ ਦੀ ਟੀਮ ਨੇ ਟਾਸ ਜਿੱਤ ਕੇ ਪਹਿਲਾਂ ਬੱਲੇਬਾਜ਼ੀ ਕਰਦਿਆਂ 49.2 ਓਵਰਾਂ ਵਿੱਚ 135 ਦੌੜਾਂ ਬਣਾਈਆਂ। ਟੀਮ ਵੱਲੋਂ ਕਪਤਾਨ ਹਰਿਦਿੱਤ ਸਿੰਘ ਸੈਣੀ ਨੇ 53 ਦੌੜਾਂ ਦੀ ਸ਼ਾਨਦਾਰ ਪਾਰੀ ਖੇਡੀ, ਜਦਕਿ ਨਵਾਜ਼ਿਸ਼ ਨੇ 31, ਸੁਮਿਤ ਭੱਟੀ ਅਤੇ ਸਹਿਜਪ੍ਰੀਤ ਨੇ 11-11 ਅਤੇ ਅੰਸ਼ ਨੇ 10 ਦੌੜਾਂ ਦਾ ਯੋਗਦਾਨ ਪਾਇਆ। ਨਵਾਂਸ਼ਹਿਰ ਵੱਲੋਂ ਗੇਂਦਬਾਜ਼ੀ ਕਰਦਿਆਂ ਸਾਹਿਲ ਮਾਹੀ ਨੇ 4 ਵਿਕਟਾਂ ਹਾਸਲ ਕੀਤੀਆਂ, ਜਦਕਿ ਆਰਵ ਅਤੇ ਵਿਹਾਨ ਚੌਧਰੀ ਨੇ 3-3 ਖਿਡਾਰੀਆਂ ਨੂੰ ਆਊਟ ਕੀਤਾ।

ਜਿੱਤ ਲਈ 136 ਦੌੜਾਂ ਦੇ ਟੀਚੇ ਦਾ ਪਿੱਛਾ ਕਰਨ ਉਤਰੀ ਨਵਾਂਸ਼ਹਿਰ ਦੀ ਟੀਮ ਹੁਸ਼ਿਆਰ-ਪੁਰ ਦੇ ਗੇਂਦਬਾਜ਼ਾਂ ਅੱਗੇ ਟਿਕ ਨਾ ਸਕੀ ਅਤੇ 25.1 ਓਵਰਾਂ ਵਿੱਚ ਮਹਿਜ਼ 31 ਦੌੜਾਂ ਬਣਾ ਕੇ ਆਲ ਆਊਟ ਹੋ ਗਈ। ਹੁਸ਼ਿਆਰਪੁਰ ਵੱਲੋਂ ਸ਼ਾਨਦਾਰ ਗੇਂਦਬਾਜ਼ੀ ਕਰਦਿਆਂ ਅਭਿਨੰਦਨ ਸ਼ਰਮਾ ਨੇ 3 ਵਿਕਟਾਂ ਲਈਆਂ, ਜਦਕਿ ਹਰਿਦਿੱਤ ਸਿੰਘ ਸੈਣੀ ਨੇ 2 ਵਿਕਟਾਂ ਹਾਸਲ ਕੀਤੀਆਂ। ਇਸ ਤੋਂ ਇਲਾਵਾ ਆਰਵ, ਸੁਮਿਰ ਅਤੇ ਪ੍ਰਸ਼ਾਂਤ ਨੇ 1-1 ਵਿਕਟ ਹਾਸਲ ਕਰਕੇ ਟੀਮ ਦੀ ਜਿੱਤ ਵਿੱਚ ਅਹਿਮ ਭੂਮਿਕਾ ਨਿਭਾਈ।

ਡਾ. ਰਮਨ ਘਈ ਨੇ ਦੱਸਿਆ ਕਿ ਹੁਸ਼ਿਆਰਪੁਰ ਦੀ ਟੀਮ ਨੇ ਟੂਰਨਾਮੈਂਟ ਵਿੱਚ ਲਗਾਤਾਰ ਦੂਜੀ ਜਿੱਤ ਦਰਜ ਕਰਕੇ ਆਪਣੀ ਸ਼ਾਨਦਾਰ ਫਾਰਮ ਦਾ ਸਬੂਤ ਦਿੱਤਾ ਹੈ। ਉਨ੍ਹਾਂ ਦੱਸਿਆ ਕਿ ਹੁਸ਼ਿਆਰ-ਪੁਰ ਦੀ ਟੀਮ ਦਾ ਅਗਲਾ ਮੁਕਾਬਲਾ 17 ਅਕਤੂਬਰ ਨੂੰ ਮੋਹਾਲੀ ਵਿਖੇ ਮੋਹਾਲੀ ਦੀ ਟੀਮ ਨਾਲ ਹੋਵੇਗਾ।

ਹੁਸ਼ਿਆਰਪੁਰ ਦੀ ਇਸ ਸ਼ਾਨਦਾਰ ਜਿੱਤ ’ਤੇ ਐਚ.ਡੀ.ਸੀ.ਏ. ਦੇ ਪ੍ਰਧਾਨ ਡਾ. ਦਲਜੀਤ ਖੇਲਾਂ, ਸੰਯੁਕਤ ਸਕੱਤਰ ਵਿਵੇਕ ਸਾਹਨੀ, ਠਾਕੁਰ ਯੋਗਰਾਜ, ਡਾ. ਪੰਕਜ ਸ਼ਿਵ, ਜਤਿੰਦਰ ਸੂਦ, ਸੁਭਾਸ਼ ਸ਼ਰਮਾ, ਸਾਹਿਬਦਿਆਲ, ਅਮਿਤ ਠਾਕੁਰ, ਮਨੋਜ ਓਹਰੀ ਅਤੇ ਸਮੂਹ ਅਹੁਦੇਦਾਰਾਂ ਨੇ ਟੀਮ ਨੂੰ ਵਧਾਈ ਦਿੱਤੀ ਅਤੇ ਅਗਲੇ ਮੈਚ ਲਈ ਸ਼ੁਭਕਾਮਨਾਵਾਂ ਦਿੱਤੀਆਂ।

ਇਸ ਮੌਕੇ ਜ਼ਿਲ੍ਹਾ ਕੋਚ ਦਲਜੀਤ ਸਿੰਘ, ਸਹਾਇਕ ਕੋਚ ਅਸ਼ੋਕ ਸ਼ਰਮਾ, ਪ੍ਰਵੀਣ ਸ਼ਿੰਟੂ, ਪੰਕਜ ਪਿੰਕਾ, ਟੀਮ ਕੋਚ ਕਰਨ ਸੈਣੀ, ਜ਼ਿਲ੍ਹਾ ਟ੍ਰੇਨਰ ਅਤੇ ਸਾਬਕਾ ਕੌਮੀ ਖਿਡਾਰੀ ਕੁਲਦੀਪ ਧਾਮੀ, ਜ਼ਿਲ੍ਹਾ ਮਹਿਲਾ ਕੋਚ ਦਵਿੰਦਰ ਕੌਰ ਅਤੇ ਸਹਾਇਕ ਕੋਚ ਨਿਕਿਤਾ ਕੁਮਾਰੀ ਨੇ ਵੀ ਟੀਮ ਦੇ ਪ੍ਰਦਰਸ਼ਨ ਦੀ ਸ਼ਲਾਘਾ ਕਰਦਿਆਂ ਖਿਡਾਰੀਆਂ ਨੂੰ ਅਗਲੇ ਮੁਕਾਬਲੇ ਲਈ ਸ਼ੁਭਕਾਮ-ਨਾਵਾਂ ਦਿੱਤੀਆਂ।

# ਸ਼ਹੀਦ ਪਰਵਿੰਦਰ ਸਿੰਘ ਝੋਟੇ ਦੇ ਕਤਲ ਦੇ ਵਿਰੋਧ 'ਚ ਹੁਸ਼ਿਆਰਪੁਰ ਹੋਇਆ ਮੁਕੰਮਲ ਬੰਦ

ਸਾਂਝੀ ਖ਼ਬਰ

**ਸਿੱਖ, ਦਲਿਤ, ਕਿਸਾਨ, ਸਿਆਸੀ ਤੇ ਸਮਾਜਿਕ ਜਥੇਬੰਦੀਆਂ ਨੇ ਕੀਤਾ ਇੱਕਜੁੱਟਤਾ ਦਾ ਪ੍ਰਗਟਾਵਾ**

**ਭੁਪਿੰਦਰ ਸਿੰਘ ਸੱਜਣ ਤੇ ਗੁਰਨਾਮ ਸਿੰਘ ਸਿੰਗੜੀਵਾਲਾ ਸਮੇਤ ਸਿੱਖ ਆਗੂਆਂ ਨੂੰ ਪੁਲਿਸ ਨੇ ਹਿਰਾਸਤ 'ਚ ਲਿਆ**



(ਤਰਸੇਮ ਦੀਵਾਨਾ ) -
ਹੁਸ਼ਿਆਰਪੁਰ,15 ਅਕਤੂਬਰ

ਮਾਨਸਾ ਵਿਖੇ ਨਸ਼ਿਆਂ ਦੇ ਵਿਰੁੱਧ ਮੁਹਿੰਮ ਚਲਾ ਰਹੇ ਸਮਾਜਿਕ ਕਾਰਕੁਨ ਪਰਵਿੰਦਰ ਸਿੰਘ ਝੋਟੇ ਦੇ ਬੇਕਿਰਕ ਕਤਲ ਤੋਂ ਬਾਅਦ ਸਮੁੱਚੇ ਪੰਜਾਬ ਵਿੱਚ ਗੁੱਸੇ ਤੇ ਰੋਸ ਦੀ ਲਹਿਰ ਚੱਲ ਪਈ ਹੈ | ਸ਼ਰੇਆਮ ਚਲਦੇ ਲਾਈਵ ਵਿੱਚ ਡਰੱਗ ਮਾਫੀਆ ਵੱਲੋਂ ਕੀਤੇ ਗਏ ਇਸ ਕਤਲ ਨੇ ਸਮੁੱਚੇ ਪੰਜਾਬ ਨੂੰ ਹਿਲਾ ਕੇ ਰੱਖ ਦਿੱਤਾ ਹੈ | ਇਸ ਕਤਲ ਦੇ ਰੋਸ ਵਜੋਂ ਮਾਨਸਾ ਤੋਂ 15 ਅਕਤੂਬਰ ਨੂੰ ਦਿੱਤੀ ਗਈ ਪੰਜਾਬ ਬੰਦ ਦੇ ਸੱਦੇ 'ਤੇ ਵੀਰਵਾਰ ਨੂੰ ਹੁਸ਼ਿਆਰਪੁਰ ਮੁਕੰਮਲ ਬੰਦ ਰਿਹਾ | ਮੁੱਖ ਤੌਰ ਤੇ ਇਸ ਬੰਦ ਦੇ ਸੱਦੇ ਨੂੰ ਅਕਾਲੀ ਦਲ ਵਾਰਸ ਪੰਜਾਬ ਦੇ ਨਾਲ ਨਾਲ਼ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ, ਸ਼੍ਰੋਮਣੀ ਅਕਾਲੀ ਦਲ ਬਾਦਲ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,ਸਿੱਖ, ਦਲਿਤ, ਕਿਸਾਨ, ਨਿਹੰਗ ਅਤੇ ਸਮਾਜਿਕ ਜਥੇਬੰਦੀਆਂ ਵੱਲੋਂ ਭਰਪੂਰ ਸਮਰਥਨ ਦਿੱਤਾ ਗਿਆ | ਸਮੂਹ ਜਥੇਬੰਦੀਆਂ ਵੱਲੋਂ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਰੇਲਵੇ ਰੋਡ ਹੁਸ਼ਿਆਰਪੁਰ ਵਿਖੇ ਇਕੱਤਰ ਹੋ ਕੇ ਸ਼ਹਿਰ ਦੇ ਵੱਖ-ਵੱਖ ਬਾਜ਼ਾਰਾਂ ਵਿੱਚ ਰੋਸ ਮਾਰਚ ਕੀਤਾ ਅਤੇ ਬੰਦ ਦੇ ਸੱਦੇ ਦੇ ਬਾਵਜੂਦ ਖੁੱਲੀਆਂ ਬੈਂਕਾਂ, ਕੁੱਝ ਨਿੱਜੀ ਸਕੂਲਾਂ ਅਤੇ ਹੋਰ ਅਦਾਰਿਆਂ ਨੂੰ ਬੰਦ ਕਰਵਾਇਆ | ਅੱਜ ਸਵੇਰ ਸਾਰ ਹੀ ਸ਼ਹਿਰ ਦੇ ਵੱਖ-ਵੱਖ ਬਾਜ਼ਾਰਾਂ ਵਿੱਚ ਸੁੰਨਮਸਾਨ ਪਸਰੀ ਰਹੀ ਤੇ ਹੁਸ਼ਿਆਰਪੁਰ ਸ਼ਹਿਰ ਦੇ ਦੁਕਾਨਦਾਰਾਂ ਵੱਲੋਂ ਆਪ ਮੁਹਾਰੇ ਹੀ ਇਸ ਬੰਦ ਦੇ ਸੱਦੇ ਨੂੰ ਸਮਰਥਨ ਦਿੰਦਿਆਂ ਪਰਵਿੰਦਰ ਸਿੰਘ ਝੋਟੇ ਦੇ ਬੇਕਿਰਕ ਕਤਲ ਦੇ ਰੋਸ ਵਜੋਂ ਆਪਣੇ ਕਾਰੋਬਾਰੀ ਅਦਾਰੇ ਬੰਦ ਰੱਖੇ ਗਏ | ਇਸ ਮੌਕੇ ਆਗੂਆਂ ਨੇ ਕਿਹਾ ਕਿ ਪਿਛਲੇ ਕੁਝ ਸਮੇਂ ਤੋਂ ਪੰਜਾਬ ਵਿੱਚ ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲੇ ਕਾਰਕੁਨਾਂ ਦੇ ਯੋਜਨਾਬੱਧ ਢੰਗ ਨਾਲ ਕਤਲ ਕੀਤੇ ਜਾ ਰਹੇ ਹਨ ਜੋ ਨਿਸ਼ਚੇ ਹੀ ਸਰਕਾਰੀ ਅਤੇ ਡਰੱਗ ਮਾਫੀਆ ਦੇ ਇਸ਼ਾਰਿਆਂ 'ਤੇ ਹੀ ਹੋ ਰਹੇ ਹਨ ਇਸ ਮਾਮਲੇ ਵਿੱਚ ਪੁਲਿਸ ਵਿੱਚ ਸ਼ਾਮਿਲ ਕਾਲੀਆਂ ਭੇਡਾਂ ਮੁੱਖ ਰੋਲ ਅਦਾ ਕਰ ਰਹੀਆਂ ਹਨ। ਜਿਸ ਕਾਰਨ ਮਾਰੇ ਗਏ ਨੌਜਵਾਨਾਂ ਦੇ ਪਰਿਵਾਰਿਕ ਮੈਂਬਰਾਂ ਨੂੰ ਇਨਸਾਫ ਨਹੀਂ ਮਿਲ ਰਿਹਾ ਜਿਸ ਕਾਰਨ ਲੋਕਾਂ ਵਿੱਚ ਰੋਸ ਦੀ ਲਹਿਰ ਸਮੁੱਚੇ ਪੰਜਾਬ ਵਿੱਚ ਫੈਲ ਗਈ ਹੈ ਪਰ ਨਸ਼ਿਆਂ ਦੀ ਅਮਰ ਵੇਲ ਤੋਂ ਦੁਖੀ ਹੋਏ ਪੰਜਾਬ ਵਾਸੀ ਹੁਣ ਜਾਗ ਪਏ ਹਨ ਜਿਸ ਨੇ ਲੋਕ ਲਹਿਰ ਦਾ ਰੂਪ ਧਾਰ ਲਿਆ ਹੈ |

ਇਸੇ ਦੌਰਾਨ ਅਕਾਲੀ ਦਲ ਵਾਰਸ ਪੰਜਾਬ ਦੇ ਹਲਕਾ ਸ਼ਾਮ ਚੁਰਾਸੀ ਇੰਚਾਰਜ ਭਾਈ ਭੁਪਿੰਦਰ ਸਿੰਘ ਸੱਜਣ ਅਤੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਜ਼ਿਲ੍ਹਾ ਪ੍ਰਧਾਨ ਗੁਰਨਾਮ ਸਿੰਘ ਸਿੰਗੜੀਵਾਲਾ ਅਤੇ ਕੁੱਝ ਹੋਰ ਸਿੱਖ ਆਗੂਆਂ ਨੂੰ ਡੀਐਸਪੀ ਨਰਿੰਦਰ ਸਿੰਘ ਦੀ ਅਗਵਾਈ ਵਿੱਚ ਹੁਸ਼ਿਆਰਪੁਰ ਪੁਲਿਸ ਵੱਲੋਂ ਨਸਰਾਲਾ ਵਿਖ਼ੇ ਹਿਰਾਸਤ ਵਿੱਚ ਲੈ ਲਿਆ ਗਿਆ | ਜਿਸ ਦੌਰਾਨ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਜ਼ਿਲ੍ਹਾ ਪ੍ਰਧਾਨ ਗੁਰਨਾਮ ਸਿੰਘ ਸਿੰਗੜੀਵਾਲਾ ਨੇ ਖਾਲਿਸਤਾਨ ਜਿੰਦਾਬਾਦ ਦੇ ਨਾਅਰੇ ਲਗਾਉਂਦਿਆਂ ਗ੍ਰਿਫਤਾਰੀ ਦਿੱਤੀ | ਇਹਨਾਂ ਸਿੱਖ ਆਗੂਆਂ ਨੂੰ ਕੁਝ ਘੰਟਿਆਂ ਬਾਅਦ ਪੁਲਿਸ ਵੱਲੋਂ ਰਿਹਾ ਕਰ ਦਿੱਤਾ ਗਿਆ | ਜ਼ਿਕਰਯੋਗ ਹੈ ਕਿ ਅਕਾਲੀ ਦਲ ਵਾਰਸ ਪੰਜਾਬ ਦੇ ਇੱਕ ਵੱਖਰੇ ਗੁੱਟ ਵੱਲੋਂ ਆਪਣੇ ਤੌਰ ਤੇ ਗੁਰਦੁਆਰਾ ਕਲਗੀਧਰ ਚਰਨ ਪਾਵਨ ਹੁਸ਼ਿਆਰਪੁਰ ਤੋਂ ਆਪਣਾ ਰੋਸ ਪ੍ਰਦਰਸ਼ਨ ਸ਼ਾਮ 84 ਹਲਕਾ ਇੰਚਾਰਜ ਭੁਪਿੰਦਰ ਸਿੰਘ ਸੱਜਣ ਦੀ ਅਗਵਾਈ ਵਿੱਚ ਆਰੰਭ ਕੀਤਾ ਗਿਆ ਜੋ ਹੁਸ਼ਿਆਰਪੁਰ ਦੇ ਬਾਜ਼ਾਰਾਂ ਸਮੇਤ ਪਿਪਲਾਂਵਾਲਾ ਸਿੰਗੜੀ ਵਾਲਾ ਅਤੇ ਨਸਰਾਲਾ ਵਿਖ਼ੇ ਪਹੁੰਚਿਆ ਜਿੱਥੇ ਹੁਸ਼ਿਆਰ-ਪੁਰ ਜਲੰਧਰ ਮੁੱਖ ਮਾਰਗ ਤੇ ਧਰਨੇ ਲਗਾ ਦਿੱਤਾ | ਜਿੱਥੇ ਕੁਝ ਸਮੇਂ ਬਾਅਦ ਹੁਸ਼ਿਆਰਪੁਰ ਪੁਲਿਸ ਨੇ ਉਹਨਾਂ ਨੂੰ ਹਿਰਾਸਤ ਵਿੱਚ ਲੈ ਲਿਆ | ਸਿੱਖ ਆਗੂਆਂ ਦਾ ਕਹਿਣਾ ਹੈ ਕਿ ਹਿਰਾਸਤ ਵਿੱਚ ਲੈਣ ਦੌਰਾਨ ਡੀਐਸਪੀ ਨਰਿੰਦਰ ਸਿੰਘ ਦਾ ਵਤੀਰਾ ਬੇਹੱਦ ਇਤਰਾ-ਜਯੋਗ ਤੇ ਨਿੰਦਣਯੋਗ ਸੀ ਜੋ ਕਿ ਸ਼ਾਂਤਮਈ ਪ੍ਰਦਰਸ਼ਨ ਕਰ ਰਹੇ ਆਗੂਆਂ ਨੂੰ ਉਕਸਾਉਣ ਵਾਲਾ ਸੀ | ਆਗੂਆਂ ਦਾ ਕਹਿਣਾ ਸੀ ਕਿ ਜੇਕਰ ਪੁਲਿਸ ਨੇ ਇਹੀ ਜੋਰ ਨਸ਼ੇ ਦੇ ਵਪਾਰੀਆਂ ਖਿਲਾਫ ਦਿਖਾਇਆ ਹੁੰਦਾ ਤਾਂ ਅੱਜ ਪੰਜਾਬ ਦੇ ਇਹ ਮੰਦਭਾਗੇ ਹਾਲਾਤ ਨਾ ਬਣਦੇ | ਇਸੇ ਦੌਰਾਨ ਕਿਸਾਨ ਜਥੇਬੰਦੀਆਂ ਵੱਲੋਂ ਹੁਸ਼ਿਆਰਪੁਰ ਫਗਵਾੜਾ ਰੋਡ ਬਾਈਪਾਸ ਜਾਮ ਕਰ ਦਿੱਤਾ ਗਿਆ ਇਸ ਰੋਸ ਪ੍ਰਦਰਸ਼ਨ ਵਿੱਚ ਪਿੰਡਾਂ ਤੋਂ ਆਏ ਵੱਖ ਵੱਖ ਕਿਸਾਨ ਮਜਦੂਰ ਜਥੇਬੰਦੀਆਂ ਦੇ ਆਗੂ ਸ਼ਾਮਿਲ ਹੋਏ ਜਿਨ੍ਹਾਂ ਨੇ ਨਸ਼ਿਆਂ ਦੇ ਵਿਰੋਧ ਵਿੱਚ ਜੰਗ ਲੜ ਰਹੇ ਪਹਿਲੇ ਸ਼ਹੀਦ ਪਰਵਿੰਦਰ ਸਿੰਘ ਝੋਟਾ ਦੇ ਬੇਕਿਰਕ ਕਤਲ ਦੇ ਰੋਸ ਵੱਜੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਖਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ |

# ਨਾਭਾ 'ਚ ਪੰਜਾਬ ਬੰਦ ਦਾ ਭਰਵਾਂ ਅਸਰ: ਕਿਸਾਨੀ ਧਰਨੇ 'ਚ ਪਹੁੰਚੇ ਸੀਨੀਅਰ ਕਾਂਗਰਸੀ ਨੇਤਾ

ਸਾਂਝੀ ਖ਼ਬਰ



( ਚੇਤਨ ਮਹਿਤਾ ):
ਨਾਭਾ, 15 ਅਕਤੂਬਰ

ਪਿਛਲੇ ਦਿਨੀਂ ਮਾਨਸਾ ਵਿਖੇ ਵਾਪਰੀ ਅਤਿ ਦੁਖਦਾਈ ਘਟਨਾ ਅਤੇ ਪਰਮਿੰਦਰ ਸਿੰਘ ਝੋਟੇ ਦੇ ਸ਼ਰੇਆਮ ਹੋਏ ਬੇਰਹਿਮਾਨਾ ਕਤਲ ਦੇ ਇਨਸਾਫ਼ ਦੀ ਮੰਗ ਨੂੰ ਲੈ ਕੇ ਪੂਰੇ ਪੰਜਾਬ ਵਿੱਚ ਵੱਖ-ਵੱਖ ਸਮਾਜਿਕ, ਧਾਰਮਿਕ, ਕਿਸਾਨੀ ਅਤੇ ਸਿਆਸੀ ਜਥੇਬੰਦੀਆਂ ਵੱਲੋਂ ਦਿੱਤੇ ਗਏ 'ਪੰਜਾਬ ਬੰਦ' ਦੇ ਸੱਦੇ ਦਾ ਨਾਭਾ ਸ਼ਹਿਰ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਬਹੁਤ ਹੀ ਭਰਵਾਂ ਅਤੇ ਵਿਆਪਕ ਅਸਰ ਦੇਖਣ ਨੂੰ ਮਿਲਿਆ। ਇਸ ਵਿਰੋਧ ਪ੍ਰਦਰਸ਼ਨ ਦੌਰਾਨ ਨਾਭਾ ਹਲਕੇ ਤੋਂ ਸੀਨੀਅਰ ਕਾਂਗਰਸੀ ਨੇਤਾ ਅਤੇ ਆਗਾਮੀ 2027 ਵਿਧਾਨ ਸਭਾ ਚੋਣਾਂ ਲਈ ਆਪਣੀ ਦਾਵੇਦਾਰੀ ਮਜ਼ਬੂਤੀ ਨਾਲ ਪੇਸ਼ ਕਰ ਚੁੱਕੇ ਐਡਵੋਕੇਟ ਯਾਦਵਿੰਦਰ ਪਾਲ ਸਿੰਘ ਨੇ ਵਿਸ਼ੇਸ਼ ਤੌਰ 'ਤੇ ਕਿਸਾਨਾਂ ਦੇ ਧਰਨੇ 'ਚ ਸ਼ਮੂਲੀਅਤ ਕੀਤੀ। ਉਨ੍ਹਾਂ ਨੇ ਡਟ ਕੇ ਕਿਸਾਨਾਂ ਅਤੇ ਇਨਸਾਫ਼ ਪਸੰਦ ਲੋਕਾਂ ਦੀਆਂ ਮੰਗਾਂ ਦਾ ਸਮਰਥਨ ਕੀਤਾ ਅਤੇ ਮੌਕੇ 'ਤੇ ਹੀ ਮੌਜੂਦ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਪੰਜਾਬ ਦੀ ਆਮ ਆਦਮੀ ਪਾਰਟੀ (ਆਪ) ਸਰਕਾਰ ਵਿਰੁੱਧ ਜ਼ੋਰਦਾਰ ਮੋਰਚਾ ਖੋਲ੍ਹਿਆ। ਕਿਸਾਨੀ ਧਰਨੇ ਤੋਂ 'ਆਪ' ਸਰਕਾਰ 'ਤੇ ਗਰਜੇ ਐਡਵੋਕੇਟ ਯਾਦਵਿੰਦਰ ਪਾਲ ਸਿੰਘ : ਧਰਨਾਕਾਰੀ ਕਿਸਾਨਾਂ ਅਤੇ ਆਮ ਜਨਤਾ ਦੇ ਵਿਚਕਾਰ ਬੈਠ ਕੇ ਐਡਵੋਕੇਟ ਯਾਦਵਿੰਦਰ ਪਾਲ ਸਿੰਘ ਨੇ ਸੂਬੇ ਦੀ ਮੌਜੂਦਾ ਕਾਨੂੰਨ ਵਿਵਸਥਾ, ਪ੍ਰਸ਼ਾਸਨਿਕ ਢਿੱਲ ਅਤੇ ਸਰਕਾਰ ਦੀਆਂ ਗ਼ਲਤ ਨੀਤੀਆਂ 'ਤੇ ਤਿੱਖੇ ਪ੍ਰਹਾਰ ਕੀਤੇ। ਲਾਅ ਐਂਡ ਆਰਡਰ ਦਾ ਪੂਰਨ ਦੀਵਾਲੀਆਪਨ : ਐਡਵੋਕੇਟ ਯਾਦਵਿੰਦਰ ਪਾਲ ਸਿੰਘ ਨੇ ਕਿਹਾ ਕਿ ਮਾਨਸਾ ਵਿੱਚ ਪਰਮਿੰਦਰ ਸਿੰਘ ਝੋਟੇ ਦਾ ਸ਼ਰੇਆਮ ਕਤਲ ਇਹ ਸਾਬਤ ਕਰਦਾ ਹੈ ਕਿ ਸੂਬੇ ਵਿੱਚ ਅਪਰਾਧੀਆਂ ਦੇ ਹੌਸਲੇ ਬੁਲੰਦ ਹਨ ਅਤੇ ਕਾਨੂੰਨ ਦਾ ਖ਼ੌਫ਼ ਖ਼ਤਮ ਹੋ ਚੁੱਕਾ ਹੈ। ਪੰਜਾਬ ਵਿੱਚ ਅੱਜ 'ਲਾਅ ਐਂਡ ਆਰਡਰ' ਨਾਮ ਦੀ ਕੋਈ ਚੀਜ਼ ਨਹੀਂ ਰਹੀ, ਜਿਸ ਕਾਰਨ ਆਮ ਨਾਗਰਿਕ ਅਤੇ ਸਮਾਜ ਸੇਵੀ ਖ਼ੁਦ ਨੂੰ ਪੂਰੀ ਤਰ੍ਹਾਂ ਅਸੁਰੱਖਿਅਤ ਮਹਿਸੂਸ ਕਰ ਰਹੇ ਹਨ। ਜ਼ਮੀਨੀ ਹਕੀਕਤ ਤੋਂ ਦੂਰ ਦਾਅਵੇ ਤੇ ਨਸ਼ਿਆਂ ਦੀ ਭੇਂਟ ਚੜ੍ਹਦੀ ਜਵਾਨੀ : ਕਿਸਾਨਾਂ ਨੂੰ ਸੰਬੋਧਨ ਕਰਦਿਆਂ ਕਾਂਗਰਸੀ ਨੇਤਾ ਨੇ ਕਿਹਾ ਕਿ ਇੱਕ ਪਾਸੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਰੋਜ਼ਾਨਾ ਨਸ਼ਾ ਮੁਕਤੀ ਦੇ ਵੱਡੇ-ਵੱਡੇ ਦਾਅਵੇ ਕਰ ਰਹੇ ਹਨ, ਜਦਕਿ ਜ਼ਮੀਨੀ ਹਕੀਕਤ ਇਹ ਹੈ ਕਿ ਪੰਜਾਬ ਦੇ ਧੀਆਂ-ਪੁੱਤ ਨਸ਼ਿਆਂ ਦੀ ਭੇਂਟ ਚੜ੍ਹ ਰਹੇ ਹਨ। ਨਸ਼ਾ ਸਮੱਗਲਰਾਂ ਨਾਲ ਸਥਾਨਕ ਪ੍ਰਸ਼ਾਸਨ ਤੇ ਪੁਲਿਸ ਅਧਿਕਾਰੀਆਂ ਦੀ ਮਿਲੀਭੁਗਤ ਕਾਰਨ ਬਿਨਾਂ ਕਿਸੇ ਡਰ ਤੋਂ ਇਹ ਕਾਰੋਬਾਰ ਫੈਲ ਰਿਹਾ ਹੈ। ਪ੍ਰਸ਼ਾਸਨ ਅਤੇ ਸਰਕਾਰ ਅੱਗੇ ਰੱਖੀਆਂ ਮੁੱਖ ਮੰਗਾਂ : ਕਿਸਾਨੀ ਧਰਨੇ ਦੇ ਮੰਚ ਤੋਂ ਐਡਵੋਕੇਟ ਯਾਦਵਿੰਦਰ ਪਾਲ ਸਿੰਘ ਨੇ ਪੰਜਾਬ ਸਰਕਾਰ ਅਤੇ ਉੱਚ ਪੁਲਿਸ ਪ੍ਰਸ਼ਾਸਨ ਤੋਂ ਹੇਠ ਲਿਖੀਆਂ ਮੰਗਾਂ ਤੁਰੰਤ ਪੂਰੀਆਂ ਕਰਨ ਦੀ ਤਾਕੀਦ ਕੀਤੀ: ਪੀੜਤ ਪਰਿਵਾਰ ਲਈ ਤੁਰੰਤ ਇਨਸਾਫ਼: ਮ੍ਰਿਤਕ ਪਰਮਿੰਦਰ ਸਿੰਘ ਝੋਟੇ ਦੇ ਪਰਿਵਾਰ ਨੂੰ ਬਿਨਾਂ ਕਿਸੇ ਦੇਰੀ ਦੇ ਇਨਸਾਫ਼ ਦਿੱਤਾ ਜਾਵੇ ਅਤੇ ਦੋਸ਼ੀਆਂ ਨੂੰ ਜਲਦ ਤੋਂ ਜਲਦ ਗ੍ਰਿਫ਼ਤਾਰ ਕਰਕੇ ਸਖ਼ਤ ਸਜ਼ਾ ਦਿੱਤੀ ਜਾਵੇ। ਲਾਪਰਵਾਹ ਅਫ਼ਸਰਾਂ 'ਤੇ ਕਾਰਵਾਈ: ਮਾਮਲੇ ਵਿੱਚ ਜਿਨ੍ਹਾਂ-ਜਿਨ੍ਹਾਂ ਪੁਲਿਸ ਜਾਂ ਪ੍ਰਸ਼ਾਸਨਿਕ ਅਧਿਕਾਰੀਆਂ ਦੀ ਲਾਪਰਵਾਹੀ ਜਾਂ ਮਿਲੀਭੁਗਤ ਸਾਹਮਣੇ ਆਈ ਹੈ, ਉਨ੍ਹਾਂ 'ਤੇ ਬਿਨਾਂ ਕਿਸੇ ਦੇਰੀ ਦੇ ਵਿਭਾਗੀ ਤੇ ਕਾਨੂੰਨੀ ਕਾਰਵਾਈ ਹੋਵੇ।ਕਿਸਾਨਾਂ ਤੇ ਆਮ ਲੋਕਾਂ ਦੀ ਸੁਰੱਖਿਆ: ਸੂਬੇ ਅੰਦਰ ਅਮਨ-ਕਾਨੂੰਨ ਦੀ ਸਥਿਤੀ ਨੂੰ ਬਹਾਲ ਕੀਤਾ ਜਾਵੇ ਤਾਂ ਜੋ ਕਿਸਾਨ, ਵਪਾਰੀ ਅਤੇ ਆਮ ਨਾਗਰਿਕ ਭੈਅ-ਮੁਕਤ ਮਾਹੌਲ ਵਿੱਚ ਜੀ ਸਕਣ। ਇਸ ਮੌਕੇ ਉਨ੍ਹਾਂ ਦੇ ਨਾਲ ਵੱਡੀ ਗਿਣਤੀ 'ਚ ਕਾਂਗਰਸੀ ਅਹੁਦੇਦਾਰ, ਸਥਾਨਕ ਆਗੂ ਅਤੇ ਵਰਕਰ ਵੀ ਮੌਜੂਦ ਸਨ, ਜਿਨ੍ਹਾਂ ਨੇ ਕਿਸਾਨਾਂ ਦੇ ਮੋਢੇ ਨਾਲ ਮੋਢਾ ਜੋੜ ਕੇ ਪੰਜਾਬ ਸਰਕਾਰ ਖ਼ਿਲਾਫ਼ ਜੰਮ ਕੇ ਨਾਅਰੇਬਾਜ਼ੀ ਕੀਤੀ।

# ਝੋਟਾ ਕਤਲਕਾਂਡ : ਬੇਮਿਸਾਲ ਬੰਦ ਪਿੱਛੋਂ ਪੁਲਿਸ ਨੇ ਢੋਲ ਵਜਾਕੇ ਕੀਤੀ ਐਸਐਚਓ ਮੁਅੱਤਲ

ਅਸ਼ੋਕ ਵਰਮਾ
ਬਠਿੰਡਾ , 15 ਅਕਤੂਬਰ

ਪਰਵਿੰਦਰ ਸਿੰਘ ਝੋਟਾ ਕਤਲ ਮਾਮਲੇ ’ਚ ਬਣੀ ਐਕਸ਼ਨ ਕਮੇਟੀ ਵੱਲੋਂ ਦਿੱਤੇ ਬੰਦ ਦੇ ਸੱਦੇ ਨੂੰ ਮਿਲੇ ਬੇਮਿਸਾਲ ਹੁੰਗਾਰੇ ਨੂੰ ਦੇਖਦਿਆਂ ਜਿਲ੍ਹਾ ਪੁਲਿਸ ਨੇ ਥਾਣਾ ਸਿਟੀ ਮਾਨਸਾ ਦੀ ਮਹਿਲਾ ਐੱਸ ਐੱਚ ਓ ਇੰਸਪੈਕਟਰ ਬੇਅੰਤ ਕੌਰ ਨੂੰ ਮੁਅੱਤਲ ਕਰਨਾ ਪਿਆ ਹੈ। ਇਹੋ ਹੀ ਨਹੀਂ ਭੜਕੇ ਲੋਕਾਂ ਨੂੰ ਠੰਢਾ ਕਰਨ ਲਈ ਬੇਅੰਤ ਕੌਰ ਨੂੰ ਲਾਈਨ ਹਾਜ਼ਰ ਅਤੇ ਜ਼ਿਲ੍ਹੇ ਤੋਂ ਬਾਹਰ ਵੀ ਬਦਲਿਆ ਗਿਆ ਹੈ। ਐੱਸਐੱਸਪੀ ਮਾਨਸਾ ਵੈਭਵ ਚੌਧਰੀ ਨੇ ਥਾਣਾ ਸਿਟੀ 2 ਦੀ ਮਹਿਲਾ ਐੱਸਐੱਚਓ ਖਿਲਾਫ ਕਾਰਵਾਈ ਦੀ ਪੁਸ਼ਟੀ ਕੀਤੀ ਹੈ। ਮਹੱਤਵਪੂਰਨ ਪਹਿਲੂ ਇਹ ਵੀ ਹੈ ਕਿ ਇਸ ਤੋਂ ਪਹਿਲਾਂ ਪੁਲਿਸ ਪ੍ਰਸ਼ਾਸ਼ਨ ਆਪਣੇ ਮੁਲਾਜਮਾਂ ਦੀ ਮੁਅੱਤਲੀ ਦੇ ਤੱਥ ਜਾਹਰ ਕਰਨ ਤੋਂ ਅਕਸਰ ਬਚਦਾ ਰਹਿੰਦਾ ਹੈ। ਇਸ ਦੇ ਉਲਟ ਮਾਨਸਾ ’ਚ ਸਰਕਾਰ ਲਈ ਬਣੀਆਂ ਮਜਬੂਰੀਆਂ ਕਾਰਨ ਐਸਐਸਪੀ ਵੱਲੋਂ ਇਸ ਸਬੰਧੀ ਜਾਰੀ ਹੁਕਮ ਜਿਲ੍ਹਾ ਲੋਕ ਸੰਪਰਕ ਵਿਭਾਗ ਰਾਹੀਂ ਮੀਡੀਆ ਨੂੰ ਜਾਰੀ ਕੀਤੇ ਗਏ ਹਨ।

ਜ਼ਿਕਰਯੋਗ ਹੈ ਕਿ ਪਰਵਿੰਦਰ ਸਿੰਘ ਝੋਟਾ ਦੇ ਪਿਤਾ ਭੀਮ ਸਿੰਘ ਨੇ ਝੋਟਾ ਦੀਆਂ ਕਈ ਸ਼ਿਕਾਇਤਾਂ ਅਤੇ ਨਸ਼ਾ ਤਸਕਰਾਂ ਸਬੰਧੀ ਜਾਣਕਾਰੀ ਦੇਣ ’ਤੇ ਬੇਅੰਤ ਕੌਰ ਵੱਲੋਂ ਕੋਈ ਕਾਰਵਾਈ ਨਾ ਕਰਨ ਦੀ ਗੱਲ ਕਹੀ ਸੀ। ਝੋਟਾ ਕਤਲ ਮਾਮਲੇ ਵਿੱਚ ਡੀਆਈਜੀ ਹਰਜੀਤ ਸਿੰਘ ਨੇ ਵੀ ਇਸ ਸਬੰਧੀ ਕਸੂਰਵਾਰ ਪੁਲੀਸ ਅਧਿਕਾਰੀਆਂ ਤੇ ਕਰਮਚਾਰੀਆਂ ਦੀ ਲਾਪਰਵਾਹੀ ਸਾਹਮਣੇ ਆਉਣ ’ਤੇ ਕਾਰਵਾਈ ਕਰਨ ਦੀ ਗੱਲ ਕਹੀ ਸੀ। ਓਧਰ ਇਸ ਮਾਮਲੇ ਵਿੱਚ ਇਨਸਾਫ਼ ਲੈਣ ਲਈ ਬਣਾਈ ਗਈ ਐਕਸ਼ਨ ਕਮੇਟੀ ਵੱਲੋਂ ਲਾਇਆ ਗਿਆ ਧਰਨਾ ਲਗਾਤਾਰ ਜਾਰੀ ਹੈ। ਐਕਸ਼ਨ ਕਮੇਟੀ ਨੇ ਲੋਕਾਂ ਨੂੰ ਬੰਦ ਦੌਰਾਨ ਅਮਨ-ਸ਼ਾਂਤੀ ਬਣਾਏ ਰੱਖਣ ਅਤੇ ਸ਼ਾਂਤ ਰਹਿਣ ਦੀ ਅਪੀਲ ਕੀਤੀ ਹੈ। ਕਮੇਟੀ ਨੇ ਪ੍ਰਸ਼ਾਸਨ ਨੂੰ ਇਹ ਵੀ ਕਿਹਾ ਹੈ ਕਿ ਕਾਨੂੰਨ ਆਪਣੇ ਹੱਥਾਂ ਵਿੱਚ ਲੈਣ ਵਾਲੇ ਕਿਸੇ ਵੀ ਵਿਅਕਤੀ ਨਾਲ ਕਾਨੂੰਨ ਅਨੁਸਾਰ ਨਜਿੱਠਿਆ ਜਾਵੇ। ਕਮੇਟੀ ਪ੍ਰੀਵਾਰ ਦੀ ਸਹਿਮਤੀ ਨਾਲ ਮੰਗਾਂ ਪੂਰੀਆਂ ਨਾਂ ਹੋਣ ਤੱਕ ਧਰਨਾ ਜਾਰੀ ਰੱਖਣ ’ਤੇ ਅੜੀ ਹੋਈ ਹੈ।



ਪੀੜਤ ਪਰਿਵਾਰ ਅਤੇ ਐਕਸ਼ਨ ਕਮੇਟੀ ਦੀਆਂ ਮੁੱਖ ਮੰਗਾਂ ਵਿੱਚ ਮੁੱਖ ਮੰਤਰੀ ਅਤੇ ਡੀਜੀਪੀ ਪੰਜਾਬ ਦਾ ਅਸਤੀਫ਼ਾ, ਕਤਲ ਦੀ ਸੀਬੀਆਈ ਜਾਂਚ , ਸਬੰਧਤ ਜ਼ਿਲ੍ਹਾ ਡਰੱਗ ਇੰਸਪੈਕਟਰ , ਐਸਐਸਪੀ , ਡੀਐਸਪੀ ਅਤੇ ਥਾਣਾ ਮੁਖੀ (ਐਸਐਚਓ) ਨੂੰ ਬਰਖ਼ਾਸਤ ਕਰਨਾ ਸ਼ਾਮਲ ਹੈ। ਐਕਸ਼ਨ ਕਮੇਟੀ ਨੇ ਰੋਸ ਪ੍ਰਦਰਸ਼ਨਾਂ ਦੇ ਸਬੰਧ ਵਿੱਚ ਹਿਰਾਸਤ ਵਿੱਚ ਲਏ ਲੋਕਾਂ ਨੂੰ ਰਿਹਾਅ ਕਰਨ ਦੀ ਵੀ ਮੰਗ ਕੀਤੀ ਹੈ। ਦੂਜੇ ਪਾਸੇ ਕਮੇਟੀ ਵੱਲੋਂ ਦਿੱਤੇ ਗਏ ਬੰਦ ਦੇ ਸੱਦੇ ਨੂੰ ਬੇਮਿਸਾਲ ਹੁੰਗਾਰਾ ਮਿਲਿਆ ਹੈ। ਇਸ ਤੋਂ ਇਲਾਵਾ, ਐਕਸ਼ਨ ਕਮੇਟੀ ਵੱਲੋਂ ਪੀਜੀਆਈ ਚੰਡੀਗੜ੍ਹ ਦੇ ਡਾਕਟਰਾਂ ਦੇ ਪੈਨਲ ਤੋਂ ਪੋਸਟਮਾਰਟਮ ਕਰਵਾਉਣ ਦੀ ਮੰਗ ਕੀਤੀ ਜਾ ਰਹੀ ਹੈ। ਪਰਵਿੰਦਰ ਝੋਟਾ ਦੀ ਮੰਗਲਵਾਰ ਨੂੰ ਮਾਨਸਾ ਸ਼ਹਿਰ ਵਿੱਚ ਇੱਕ ਮੈਡੀਕਲ ਸਟੋਰ ‘ਤੇ ਨਸ਼ਿਆਂ ਦੀ ਬਰਾਮਦਗੀ ਨੂੰ ਲੈ ਕੇ ਕੈਮਿਸਟ ਨਾਲ ਹੋਈ ਬਹਿਸ ਤੋਂ ਬਾਅਦ ਗੋਲੀ ਮਾਰਕੇ ਹੱਤਿਆ ਕਰ ਦਿੱਤੀ ਗਈ ਸੀ ਜਦੋਂਕਿ ਇਸ ਘਟਨਾ ਵਿੱਚ ਚਾਰ ਹੋਰ ਵੀ ਜ਼ਖ਼ਮੀ ਹੋ ਗਏ ਸਨ।

ਇਸੇ ਦੌਰਾਨ ਬਠਿੰਡਾ ਸ਼ਹਿਰ ਅਤੇ ਜਿਲ੍ਹੇ ਵਿੱਚ ਬੰਦ ਨੂੰ ਭਰਵਾਂ ਹੁੰਗਾਰਾ ਮਿਲਿਆ ਹੈ। ਬੰਦ ਨੂੰ ਦੇਖਦਿਆਂ ਪ੍ਰਾਈਵੇਟ ਸਕੂਲਾਂ ਨੇ ਬੱਚਿਆਂ ਦੀ ਸੁਰੱਖਿਆ ਦੇ ਮੱਦੇਨਜ਼ਰ ਛੁੱਟੀ ਰੱਖੀ। ਸਰਕਾਰੀ ਸਕੂਲ ਖੁੱਲ੍ਹੇ ਪਰ ਹਾਜ਼ਰੀ ਕਾਫੀ ਘੱਟ ਰਹੀ। ਜਾਇਜੇ ਅਨੁਸਾਰ ਜਰੂਰੀ ਸੇਵਾਵਾਂ ਨੂੰ ਛੱਡਕੇ ਬਾਕੀ ਕਾਰੋਬਾਰੀ ਅਦਾਰੇ ਲੱਗਭਗ ਬੰਦ ਰਹੇ। ਹਾਲਾਂਕਿ ਇੱਕਾ ਦੁਕਾਨਾਂ ਖੁੱਲ੍ਹੀਆਂ ਜਾਂ ਸ਼ਟਰ ਅੱਧੇ ਖੁੱਲ੍ਹੇ ਹੋਏ ਸਨ ਪਰ ਗਾਹਕੀ ਨਾਂ ਹੋਣ ਕਾਰਨ ਮਹੌਲ ਬੰਦ ਵਰਗਾ ਹੀ ਸੀ। ਸ਼ਹਿਰ ਦੀ ਸਭ ਤੋਂ ਜਿਆਦਾ ਰੌਣਕ ਵਾਲੀ ਅਜੀਤ ਰੋਡ ਅਤੇ ਸੌ ਫੁੱਟੀ ਸੜਕ ’ਤੇ ਪੂਰੀ ਤਰਾਂ ਸੁੰਨੀ ਪਈ ਸੀ। ਨਿੱਜੀ ਬੱਸ ਮਾਲਕਾਂ ਅਤੇ ਸਰਕਾਰੀ ਬੱਸ ਕਾਮਿਆਂ ਵੱਲੋਂ ਬੰਦ ਨੂੰ ਹਮਾਇਤ ਕਾਰਨ ਬਠਿੰਡਾ ਦਾ ਬੱਸ ਅੱਡਾ ਭਾਂਅ ਭਾਂਅ ਕਰ ਰਿਹਾ ਸੀ। ਕਈ ਥਾਵਾਂ ’ਤੇ ਪ੍ਰਦਰਸ਼ਨਕਾਰੀਆਂ ਨੇ ਸੜਕਾਂ ਉੱਪਰ ਜਾਮ ਲਾਇਆ। ਬੰਦ ਦੌਰਾਨ ਕਿਸੇ ਅਣਸੁਖਾਵੀਂ ਘਟਨਾ ਵਾਪਰਨ ਤੋਂ ਰੋਕਣ ਲਈ ਪੁਲਿਸ ਪ੍ਰਸ਼ਾਸ਼ਨ ਵੱਲੋਂ ਵੀ ਸੁਰੱਖਿਆ ਦੇ ਸਖਤ ਪ੍ਰਬੰਧ ਕੀਤੇ ਗਏ ਸਨ।

**ਅਸ਼ਵਨੀ ਦੀ ਪਤਨੀ ਨਾਮਜਦ**

ਪਰਵਿੰਦਰ ਸਿੰਘ ਝੋਟਾ ਕਤਲ ਮਾਮਲੇ ’ਚ ਮਾਨਸਾ ਪੁਲੀਸ ਨੇ ਮੁੱਖ ਮੁਲਜ਼ਮ ਮੈਡੀਕਲ ਦੁਕਾਨਦਾਰ ਅਸ਼ਵਨੀ ਕੁਮਾਰ ਅਤੇ ਉਸ ਦੀ ਪਤਨੀ ਨੀਲਮ ਰਾਣੀ ਵੀ ਨਾਮਜ਼ਦ ਕੀਤੀ ਹੈ। ਪੁਲਿਸ ਨੇ ਇੰਨ੍ਹਾਂ ਦੋਵਾਂ ਤੋਂ ਇਲਾਵਾ ਲਾਡੀ ਬਰਨਾਲਾ ਅਤੇ ਵਿਪਨ ਗਰਗ ’ਤੇ ਵੀ ਮਾਮਲਾ ਦਰਜ ਕੀਤਾ ਗਿਆ ਹੈ। ਡੀਆਈਜੀ ਹਰਜੀਤ ਸਿੰਘ ਦਾ ਕਹਿਣਾ ਸੀ ਕਿ ਜਾਂਚ ਚੱਲ ਰਹੀ ਹੈ ਜਿਸ ਬਾਰੇ ਜਿਆਦਾ ਖੁਲਾਸਾ ਸਹੀ ਨਹੀਂ ਹੈ। ਉਨ੍ਹਾਂ ਕਿਹਾ ਕਿ ਜਾਂਚ ਦੌਰਾਨ ਕਿਸੇ ਹੋਰ ਦੀ ਭੂਮਿਕਾ ਸਾਹਮਣੇ ਆਈ ਤਾਂ ਉਸ ਨੂੰ ਨਾਮਜਦ ਕੀਤਾ ਜਾਏਗਾ।

**ਡੀਆਈਜੀ ਨੇ ਮਆਫੀ ਮੰਗੀ**

ਬਠਿੰਡਾ ਰੇਂਜ ਦੇ ਡੀਆਈਜੀ ਹਰਜੀਤ ਸਿੰਘ ਨੇ ਮ੍ਰਿਤਕ ਨਸ਼ਾ ਵਿਰੋਧੀ ਕਾਰਕੁਨ ਪਰਵਿੰਦਰ ਸਿੰਘ ਝੋਟਾ ਲਈ ਇਨਸਾਫ਼ ਦੀ ਮੰਗ ਕਰ ਰਹੀ ਐਕਸ਼ਨ ਕਮੇਟੀ ਤੋਂ ਉਸ ਸਮੇਂ ਮਾਫ਼ੀ ਮੰਗੀ ਹੈ। ਡੀਆਈਜੀ ਨੇ ਜਨਤਕ ਤੌਰ ‘ਤੇ ਕਿਹਾ, “ਜੇ ਮੇਰੇ ਬਿਆਨ ਨਾਲ ਕਿਸੇ ਦੇ ਮਨ ਨੂੰ ਠੇਸ ਪਹੁੰਚੀ ਹੈ ਤਾਂ ਮੈਂ ਮਾਫ਼ੀ ਮੰਗਦਾ ਹਾਂ। ਮੇਰਾ ਇਰਾਦਾ ਤੁਹਾਡੇ ਮਨ ਨੂੰ ਦੁਖਾਉਣ ਦਾ ਨਹੀਂ ਸੀ। ਐਕਸ਼ਨ ਕਮੇਟੀ ਮੈਂਬਰ ਗੁਰਲਾਭ ਸਿੰਘ ਮਾਹਲ ਅਤੇ ਕਮੇਟੀ ਮੈਂਬਰਾਂ ਨੇ ਕਤਲ ਨੂੰ ਪੁਰਾਣੀ ਨਿੱਜੀ ਰੰਜਿਸ਼ ਨਾਲ ਜੋੜਨ ਵਾਲੀ ਉਨ੍ਹਾਂ ਦੀ ਟਿੱਪਣੀ ’ਤੇ ਇਤਰਾਜ਼ ਜਤਾਇਆ ਸੀ। ਡੀਆਈਜੀ ਨੇ ਕਿਹਾ ਸੀ ਕਿ ਝੋਟਾ ਦਾ ਕਤਲ ਕੈਮਿਸਟ ਅਸ਼ਵਨੀ ਕੁਮਾਰ ਨਾਲ ਪੁਰਾਣੀ ਨਿੱਜੀ ਦੁਸ਼ਮਣੀ ਨਾਲ ਜੁੜਿਆ ਹੋਇਆ ਸੀ।

# ਨਾਭਾ 'ਚ ਪੰਜਾਬ ਬੰਦ ਦਾ ਭਰਵਾਂ ਅਸਰ: ਜਥੇਬੰਦੀਆਂ ਵੱਲੋਂ ਪਰਵਿੰਦਰ ਸਿੰਘ 'ਝੋਟਾ' ਦੇ ਕਤਲ ਵਿਰੁੱਧ ਜ਼ੋਰਦਾਰ ਪ੍ਰਦਰਸ਼ਨ

( ਚੇਤਨ ਮਹਿਤਾ )
ਨਾਭਾ, 15 ਅਕਤੂਬਰ:

ਨਸ਼ਿਆਂ ਖ਼ਿਲਾਫ਼ ਨਿਡਰਤਾ ਨਾਲ ਲੜਾਈ ਲੜ ਰਹੇ ਪਰਵਿੰਦਰ ਸਿੰਘ ‘ਝੋਟਾ’ ਦੇ ਨਸ਼ਾ ਤਸਕਰਾਂ ਵੱਲੋਂ ਗੋਲੀਆਂ ਮਾਰ ਕੇ ਕੀਤੇ ਗਏ ਬੇਰਹਿਮਾਨਾ ਕਤਲ ਦੇ ਵਿਰੋਧ ਵਿੱਚ ਅਤੇ ਪੀੜਤ ਪਰਿਵਾਰ ਨੂੰ ਤੁਰੰਤ ਇਨਸਾਫ਼ ਦਿਵਾਉਣ ਦੀ ਮੰਗ ਨੂੰ ਲੈ ਕੇ ਦਿੱਤੇ ਗਏ 'ਪੰਜਾਬ ਬੰਦ' ਦੇ ਸੱਦੇ ਨੂੰ ਨਾਭਾ ਸ਼ਹਿਰ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਭਰਵਾਂ ਅਤੇ ਵਿਆਪਕ ਹੁੰਗਾਰਾ ਮਿਲਿਆ। ਇਸ ਰੋਸ ਪ੍ਰਦਰਸ਼ਨ ਦੀ ਅਗਵਾਈ ਅਕਾਲੀ ਦਲ ਵਾਰਿਸ ਪੰਜਾਬ ਪਾਰਟੀ ਦੇ ਹਲਕਾ ਨਾਭਾ ਤੋਂ ਸਰਗਰਮ ਆਗੂ ਜਤਿੰਦਰ ਸਿੰਘ (ਰਾਜੂ) ਨੇ ਕੀਤੀ, ਜਿਨ੍ਹਾਂ ਦੀ ਦੇਖ-ਰੇਖ ਹੇਠ ਪਾਰਟੀ ਵਰਕਰਾਂ, ਕਿਸਾਨ ਜਥੇਬੰਦੀਆਂ ਦੇ ਨੁਮਾਇੰਦਿਆਂ ਅਤੇ ਸਥਾਨਕ ਵਪਾਰੀਆਂ ਨੇ ਮੈਦਾਨ ਵਿੱਚ ਨਿੱਤਰ ਕੇ ਇਸ ਬੰਦ ਨੂੰ ਪੂਰਨ ਸਮਰਥਨ ਦਿੱਤਾ। ਨਾਭਾ ਦੇ ਸਮੂਹ ਦੁਕਾਨਦਾਰਾਂ ਅਤੇ ਵਪਾਰ ਮੰਡਲ ਨੇ ਆਪਣੀਆਂ ਦੁਕਾਨਾਂ ਤੇ ਕਾਰੋਬਾਰ ਪੂਰੀ ਤਰ੍ਹਾਂ ਬੰਦ ਰੱਖ ਕੇ ਇਸ ਲੜਾਈ ਵਿੱਚ ਆਪਣਾ ਯੋਗਦਾਨ ਪਾਇਆ। ਇਸ ਮੌਕੇ ਪੱਤਰਕਾਰਾਂ ਨਾਲ ਵਿਸਤ੍ਰਿਤ ਗੱਲਬਾਤ ਕਰਦਿਆਂ ਅਕਾਲੀ ਦਲ ਵਾਰਿਸ ਪੰਜਾਬ ਪਾਰਟੀ ਦੇ ਆਗੂ ਜਤਿੰਦਰ ਸਿੰਘ (ਰਾਜੂ) ਨੇ ਕਿਹਾ ਕਿ ਪਰਵਿੰਦਰ ਸਿੰਘ ‘ਝੋਟਾ’ ਦਾ



ਸ਼ਰੇਆਮ ਗੋਲੀਆਂ ਮਾਰ ਕੇ ਕੀਤਾ ਗਿਆ ਕਤਲ ਅਤਿ ਮੰਦਭਾਗਾ ਅਤੇ ਦੁਖਦਾਈ ਹੈ। ਉਨ੍ਹਾਂ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਨੂੰ ਘੇਰਦਿਆਂ ਕਿਹਾ: "ਇਸ ਘਟਨਾ ਨੇ ਪੰਜਾਬ ਦੀ ਮੌਜੂਦਾ ਕਾਨੂੰਨ ਵਿਵਸਥਾ ਅਤੇ ਨਸ਼ਾ ਤਸਕਰੀ ਦੀ ਗੰਭੀਰ ਸਮੱਸਿਆ ਦੀ ਪੋਲ ਖੋਲ੍ਹ ਕੇ ਰੱਖ ਦਿੱਤੀ ਹੈ। ਜੋ ਨੌਜਵਾਨ ਸਾਡੀ ਨੌਜਵਾਨੀ ਨੂੰ ਨਸ਼ਿਆਂ ਦੀ ਦਲਦਲ 'ਚੋਂ ਕੱਢਣ ਲਈ ਅੱਗੇ ਆਉਂਦੇ ਹਨ, ਉਨ੍ਹਾਂ ਦੀ ਸੁਰੱਖਿਆ ਕਰਨ ਵਿੱਚ ਸਰਕਾਰ ਪੂਰੀ ਤਰ੍ਹਾਂ ਅਸਫ਼ਲ ਰਹੀ ਹੈ। ਸਾਡੀ ਪਾਰਟੀ ਪਰਵਿੰਦਰ ਸਿੰਘ ਝੋਟਾ ਦੇ ਪਰਿਵਾਰ ਨਾਲ ਚੱਟਾਨ ਵਾਂਗ ਡੱਟ ਕੇ ਖੜ੍ਹੀ ਹੈ ਅਤੇ ਪਰਿਵਾਰ ਨਾਲ ਕਿਸੇ ਵੀ ਕਿਸਮ ਦਾ ਧੱਕਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ।" ਸਰਕਾਰ ਅਤੇ ਪ੍ਰਸ਼ਾਸਨ ਅੱਗੇ ਰੱਖੀਆਂ ਮੁੱਖ ਮੰਗਾਂ: ਜਤਿੰਦਰ ਸਿੰਘ (ਰਾਜੂ) ਨੇ ਪੰਜਾਬ ਸਰਕਾਰ ਵਿਰੁੱਧ ਰੋਸ ਪ੍ਰਗਟਾਉਂਦਿਆਂ ਹੇਠ ਲਿਖੀਆਂ ਮੁੱਖ ਮੰਗਾਂ ਸਾਹਮਣੇ ਰੱਖੀਆਂ: ਮੁੱਖ ਮੰਤਰੀ ਦਾ ਅਸਤੀਫ਼ਾ ਅਤੇ ਡੀਜੀਪੀ ਦੀ ਬਰਖ਼ਾਸਤਗੀ: ਪਰਵਿੰਦਰ ਸਿੰਘ ਦੇ ਪਰਿਵਾਰ ਦੀ ਮੰਗ ਅਨੁਸਾਰ ਇਹ ਧਰਨਾ ਅਤੇ ਸੰਘਰਸ਼ ਉਦੋਂ ਤੱਕ ਜਾਰੀ ਰਹੇਗਾ, ਜਦੋਂ ਤੱਕ ਪੰਜਾਬ ਦੇ ਮੁੱਖ ਮੰਤਰੀ ਆਪਣੇ ਅਹੁਦੇ ਤੋਂ ਅਸਤੀਫ਼ਾ ਨਹੀਂ ਦਿੰਦੇ ਅਤੇ ਪੰਜਾਬ ਦੇ ਡੀ.ਜੀ.ਪੀ. (DGP) ਨੂੰ ਬਰਖ਼ਾਸਤ ਨਹੀਂ ਕੀਤਾ ਜਾਂਦਾ। ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ: ਕਾਤਲਾਂ ਅਤੇ ਉਨ੍ਹਾਂ ਦੇ ਪਿਛੇ ਖੜ੍ਹੇ ਨਸ਼ਾ ਸਮੱਗਲਰਾਂ ਵਿਰੁੱਧ ਬਿਨਾਂ ਕਿਸੇ ਦੇਰੀ ਦੇ ਸਖ਼ਤ ਤੋਂ ਸਖ਼ਤ ਕਾਨੂੰਨੀ ਕਾਰਵਾਈ ਕਰਕੇ ਜਲਦ ਸਲਾਖਾਂ ਪਿੱਛੇ ਡੱਕਿਆ ਜਾਵੇ । ਅਮਨ-ਕਾਨੂੰਨ ਦੀ ਬਹਾਲੀ: ਸੂਬੇ ਵਿੱਚ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣਾ ਅਤੇ ਆਮ ਨਾਗਰਿਕਾਂ ਵਿੱਚ ਸੁਰੱਖਿਆ ਦੀ ਭਾਵਨਾ ਪੈਦਾ ਕਰਨਾ ਸਰਕਾਰ ਦੀ ਮੁੱਖ ਜ਼ਿੰਮੇਵਾਰੀ ਹੈ, ਜਿਸ ਲਈ ਠੋਸ ਕਦਮ ਚੁੱਕੇ ਜਾਣ। ਜਤਿੰਦਰ ਸਿੰਘ (ਰਾਜੂ) ਨੇ ਪੰਜਾਬ ਬੰਦ ਨੂੰ ਸ਼ਾਂਤਮਈ ਅਤੇ ਸਫ਼ਲ ਬਣਾਉਣ ਲਈ ਨਾਭਾ ਦੇ ਸਮੂਹ ਦੁਕਾਨਦਾਰ ਭਰਾਵਾਂ, ਵਪਾਰ ਮੰਡਲ, ਕਿਸਾਨ ਆਗੂਆਂ, ਆਟੋ ਯੂਨੀਅਨ ਅਤੇ ਆਏ ਸਮੂਹ ਵਰਕਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਸਮੂਹ ਪੰਜਾਬੀਆਂ ਨੂੰ ਪਰਵਿੰਦਰ ਸਿੰਘ ਝੋਟੇ ਦੇ ਪਰਿਵਾਰ ਨੂੰ ਇਨਸਾਫ਼ ਦਿਵਾਉਣ ਲਈ ਇਕਜੁੱਟ ਹੋ ਕੇ ਆਵਾਜ਼ ਬੁਲੰਦ ਕਰਨ ਦੀ ਅਪੀਲ ਕੀਤੀ। ਧਰਨੇ 'ਚ ਸ਼ਾਮਲ ਪ੍ਰਮੁੱਖ ਸ਼ਖ਼ਸੀਅਤਾਂ: ਇਸ ਰੋਸ ਪ੍ਰਦਰਸ਼ਨ ਦੌਰਾਨ ਬਾਬਾ ਸੁਖਮਿੰਦਰ ਸਿੰਘ ਨਾਭਾ, ਅਵਤਾਰ ਸਿੰਘ ਸੁਰਾਜਪੁਰ, ਯੂਥ ਮੀਤ ਪ੍ਰਧਾਨ ਗੁਰਬਖਸ਼ ਸਿੰਘ, ਮਹਿਤਾਬ ਸਿੰਘ ਖਾਲਸਾ, ਬਿੱਟੂ ਡੈਂਟਰ ਨਾਭਾ, ਹਰਜੀਤ ਸਿੰਘ ਖਾਲਸਾ ਦੁਲੱਦੀ, ਸਰਬਜੀਤ ਸਿੰਘ ਸਿੱਧੂ ਬੌੜਾਗੇਟ, ਮਨਸਿਮਰਨ ਸਿੰਘ ਖਾਲਸਾ, ਮਲਕੀਤ ਸਿੰਘ ਗਲਵੱਟੀ, ਜਸਪਾਲ ਸਿੰਘ ਗਲਵੱਟੀ, ਬੀਬੀ ਸੁਰਿੰਦਰ ਕੌਰ ਚੌਹਾਨ, ਬੀਬੀ ਕੁਲਦੀਪ ਕੌਰ, ਬੀਬੀ ਵੀਰਪਾਲ ਕੌਰ, ਸੁਖਬੀਰ ਸਿੰਘ, ਹਰਨੇਕ ਸਿੰਘ, ਡਾਕਟਰ ਗੁਰਪ੍ਰੀਤ ਸਿੰਘ, ਗੁਰਦੀਪ ਸਿੰਘ ਦੀਪਾ ਅਲੌਹਰਾਂ, ਪ੍ਰਧਾਨ ਗਮਧੂਰ ਸਿੰਘ ਬਾਬਰਪੁਰ, ਪ੍ਰਧਾਨ ਹਰਵਿੰਦਰ ਸਿੰਘ ਨਾਭਾ, ਜੱਥੇਦਾਰ ਬਾਬਾ ਪਵਿੱਤਰ ਸਿੰਘ, ਗੁਰਮੀਤ ਸਿੰਘ ਬੱਬੂ ਪ੍ਰਧਾਨ ਆਟੋ ਯੂਨੀਅਨ, ਹਰਦੀਪ ਸਿੰਘ ਸੰਧਨੌਲੀ, ਪ੍ਰਧਾਨ ਹਰਪ੍ਰੀਤ ਸਿੰਘ, ਜਗਤਾਰ ਸਿੰਘ, ਸ. ਸਰਬਜੀਤ ਸਿੰਘ ਧੀਰੋਮਾਜਰਾ, ਅਰੁਣ ਬਿੰਦਰਾ, ਕੁਲਵਿੰਦਰ ਸਿੰਘ, ਬਾਬਾ ਗੁਰਜੰਟ ਸਿੰਘ, ਸਿੰਦਰ ਸਿੰਘ ਜੇ.ਈ., ਸੱਤਪਾਲ ਸਿੰਘ ਜਿੰਦਲਪੁਰ ਸਮੇਤ ਵੱਡੀ ਗਿਣਤੀ ਵਿੱਚ ਸਿਆਸੀ, ਸਮਾਜਿਕ ਅਤੇ ਕਿਸਾਨ ਆਗੂ ਹਾਜ਼ਰ ਸਨ।

# ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਵੱਲੋਂ ਭਾਦਸੋਂ ਚੌਕ ਧਰਨੇ ਵਿੱਚ ਸ਼ਮੂਲੀਅਤ ਅਤੇ ਪੰਜਾਬ ਬੰਦ ਨੂੰ ਪੂਰਨ ਸਮਰਥਨ

( ਚੇਤਨ ਮਹਿਤਾ )
ਨਾਭਾ, 15 ਅਕਤੂਬਰ:

ਪਿਛਲੇ ਦਿਨੀਂ ਮਾਨਸਾ ਵਿਖੇ ਵਾਪਰੀ ਅਤਿ ਦੁਖਦਾਈ ਘਟਨਾ ਅਤੇ ਪਰਮਿੰਦਰ ਸਿੰਘ ਝੋਟੇ ਦੇ ਬੇਰਹਿਮਾਨਾ ਕਤਲ ਨੂੰ ਲੈ ਕੇ ਪੰਜਾਬ ਭਰ ਵਿੱਚ ਜਿੱਥੇ ਭਾਰੀ ਰੋਸ ਦੀ ਲਹਿਰ ਪਾਈ ਜਾ ਰਹੀ ਹੈ, ਉੱਥੇ ਹੀ ਹਲਕਾ ਨਾਭਾ ਅਧੀਨ ਆਉਂਦੇ ਭਾਦਸੋਂ ਸ਼ਹਿਰ ਦੇ ਮੇਨ ਚੌਕ ਵਿੱਚ ਵੱਖ-ਵੱਖ ਸਮਾਜਿਕ ਅਤੇ ਸਿਆਸੀ ਜਥੇਬੰਦੀਆਂ ਵੱਲੋਂ ਵਿਸ਼ਾਲ ਧਰਨਾ ਲਗਾਇਆ ਗਿਆ। ਇਸ ਧਰਨੇ ਦੌਰਾਨ ਸ਼੍ਰੋਮਣੀ ਅਕਾਲੀ ਦਲ ਹਲਕਾ ਨਾਭਾ ਦੇ ਇੰਚਾਰਜ ਮੱਖਣ ਸਿੰਘ ਲਾਲਕਾ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ ਅਤੇ ਪਾਰਟੀ ਵੱਲੋਂ 'ਪੰਜਾਬ ਬੰਦ' ਦੇ ਸੱਦੇ ਨੂੰ ਪੂਰਨ ਤੌਰ 'ਤੇ ਸਮਰਥਨ ਦੇਣ ਦਾ ਐਲਾਨ ਕੀਤਾ।



ਸਰਕਾਰ ਦੀ ਅਸਫ਼ਲਤਾ ਅਤੇ ਅਮਨ-ਕਾਨੂੰਨ ਦੀ ਸਥਿਤੀ 'ਤੇ ਤਿੱਖੇ ਸਵਾਲ : ਇਸ ਮੌਕੇ ਹਾਜ਼ਰ ਆਗੂਆਂ ਅਤੇ ਵਰਕਰਾਂ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਮੱਖਣ ਸਿੰਘ ਲਾਲਕਾ ਨੇ ਪੰਜਾਬ ਦੀ ਮੌਜੂਦਾ 'ਆਪ' ਸਰਕਾਰ ਨੂੰ ਕਰੜੇ ਹੱਥੀਂ ਲੈਂਦਿਆਂ ਕਿਹਾ ਕਿ ਸੂਬੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਪੂਰੀ ਤਰ੍ਹਾਂ ਤਹਿਸ-ਨਹਿਸ ਹੋ ਚੁੱਕੀ ਹੈ। ਉਨ੍ਹਾਂ ਕਿਹਾ ਕਿ: ਧੱਕੇਸ਼ਾਹੀ ਅਤੇ ਅਸੁਰੱਖਿਆ ਦਾ ਮਾਹੌਲ: ਸਰਕਾਰ ਦੇ ਰਾਜ ਵਿੱਚ ਆਮ ਨਾਗਰਿਕ, ਵਪਾਰੀ ਅਤੇ ਸਮਾਜ ਸੇਵੀ ਲੋਕ ਬਿਲਕੁਲ ਵੀ ਸੁਰੱਖਿਅਤ ਮਹਿਸੂਸ ਨਹੀਂ ਕਰ ਰਹੇ। ਦਿਨ-ਦਹਾੜੇ ਅਪਰਾਧਿਕ ਵਾਰਦਾਤਾਂ ਵਾਪਰ ਰਹੀਆਂ ਹਨ ਅਤੇ ਸਰਕਾਰ ਸੁੱਤੀ ਪਈ ਹੈ। ਨਸ਼ਿਆਂ ਦਾ ਬੋਲਬਾਲਾ: ਆਗੂਆਂ ਨੇ ਦੋਸ਼ ਲਾਇਆ ਕਿ ਸਰਕਾਰ ਵੱਲੋਂ ਨਸ਼ੇ ਨੂੰ ਖ਼ਤਮ ਕਰਨ ਦੇ ਦਾਅਵੇ ਸਿਰਫ਼ ਕਾਗਜ਼ਾਂ ਤੱਕ ਹੀ ਸੀਮਤ ਹਨ, ਜਦਕਿ ਜ਼ਮੀਨੀ ਪੱਧਰ 'ਤੇ ਨੌਜਵਾਨੀ ਨਸ਼ਿਆਂ ਦੀ ਭੇਂਟ ਚੜ੍ਹ ਰਹੀ ਹੈ ਅਤੇ ਪ੍ਰਸ਼ਾਸਨ ਸਮੱਗਲਰਾਂ ਨੂੰ ਬਚਾਉਣ ਵਿੱਚ ਲੱਗਿਆ ਹੋਇਆ ਹੈ। ਪ੍ਰਸ਼ਾਸਨ ਤੋਂ ਸਖ਼ਤ ਕਾਰਵਾਈ ਦੀ ਮੰਗ ਅਤੇ ਚੇਤਾਵਨੀ : ਧਰਨੇ ਦੌਰਾਨ ਆਗੂਆਂ ਨੇ ਮੰਗ ਕੀਤੀ ਕਿ ਪਰਮਿੰਦਰ ਸਿੰਘ ਝੋਟੇ ਦੇ ਕਤਲ ਦੀ ਉੱਚ ਪੱਧਰੀ ਅਤੇ ਨਿਰਪੱਖ ਜਾਂਚ ਕਰਵਾਈ ਜਾਵੇ ਅਤੇ ਇਸ ਮਾਮਲੇ ਨਾਲ ਜੁੜੇ ਹਰ ਇੱਕ ਦੋਸ਼ੀ ਵਿਅਕਤੀ ਨੂੰ ਜਲਦ ਤੋਂ ਜਲਦ ਸਲਾਖਾਂ ਪਿੱਛੇ ਡੱਕਿਆ ਜਾਵੇ। ਨਾਲ ਹੀ ਪੀੜਤ ਪਰਿਵਾਰ ਨੂੰ ਬਿਨਾਂ ਕਿਸੇ ਦੇਰੀ ਦੇ ਇਨਸਾਫ਼ ਦਿੱਤਾ ਜਾਵੇ।

ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਜਲਦ ਠੋਸ ਕਦਮ ਨਾ ਚੁੱਕੇ ਤਾਂ ਸ਼੍ਰੋਮਣੀ ਅਕਾਲੀ ਦਲ ਅਤੇ ਇਲਾਕਾ ਨਿਵਾਸੀਆਂ ਵੱਲੋਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ। ਇਸ ਮੌਕੇ ਵੱਡੀ ਗਿਣਤੀ ਵਿੱਚ ਅਕਾਲੀ ਆਗੂ ਅਤੇ ਵਰਕਰ ਹਾਜ਼ਰ ਸਨ।

# ਮਹਿਲ ਕਲਾਂ ਵਿੱਚ ਪੰਜਾਬ ਬੰਦ ਨੂੰ ਭਰਵਾਂ ਹੁੰਗਾਰਾ, ਬਾਜ਼ਾਰ ਰਹੇ ਮੁਕੰਮਲ ਬੰਦ

**ਪਰਵਿੰਦਰ ਸਿੰਘ ਝੋਟਾ ਦੇ ਕਤਲ ਮਾਮਲੇ ਵਿੱਚ ਇਨਸਾਫ਼ ਦੀ ਮੰਗ ਨੂੰ ਲੈ ਕੇ ਵੱਖ-ਵੱਖ ਜਥੇਬੰਦੀਆਂ ਦੇ ਆਗੂਆਂ ਨੇ ਧਰਨੇ ਵਿੱਚ ਕੀਤੀ ਸ਼ਮੂਲੀਅਤ**

(ਗੁਰਭਿੰਦਰ ਗੁਰੀ)
ਮਹਿਲ ਕਲਾਂ

ਪਰਵਿੰਦਰ ਸਿੰਘ ਝੋਟਾ ਦੇ ਕਤਲ ਮਾਮਲੇ ਵਿੱਚ ਇਨਸਾਫ਼ ਦੀ ਮੰਗ ਨੂੰ ਲੈ ਕੇ 15 ਅਕਤੂਬਰ ਨੂੰ ਦਿੱਤੇ ਗਏ ਪੰਜਾਬ ਬੰਦ ਦੇ ਸੱਦੇ ਦਾ ਮਹਿਲ ਕਲਾਂ ਵਿੱਚ ਵਿਆਪਕ ਅਸਰ ਦੇਖਣ ਨੂੰ ਮਿਲਿਆ। ਸ਼ਹਿਰ ਦੇ ਮੁੱਖ ਚੌਂਕ ਵਿੱਚ ਵੱਖ-ਵੱਖ ਸਿਆਸੀ ਪਾਰਟੀਆਂ, ਕਿਸਾਨ-ਮਜ਼ਦੂਰ ਜਥੇਬੰਦੀਆਂ, ਦੁਕਾਨਦਾਰ ਯੂਨੀਅਨ ਅਤੇ ਸਮਾਜਿਕ ਸੰਗਠਨਾਂ ਦੇ ਨੁਮਾਇੰਦਿਆਂ ਸਮੇਤ ਵੱਡੀ ਗਿਣਤੀ ਵਿੱਚ ਲੋਕ ਇਕੱਠੇ ਹੋਏ। ਬੰਦ ਦੇ ਸੱਦੇ ਦੌਰਾਨ ਸ਼ਹਿਰ ਦੇ ਬਾਜ਼ਾਰ ਅਤੇ ਦੁਕਾਨਾਂ ਬੰਦ ਰਹੀਆਂ, ਜਦਕਿ ਧਰਨਾਕਾਰੀ ਸਵੇਰ ਤੋਂ ਸ਼ਾਮ ਤੱਕ ਧਰਨੇ ’ਤੇ ਡਟੇ ਰਹੇ।



ਧਰਨੇ ਵਿੱਚ ਨੌਜਵਾਨਾਂ ਤੋਂ ਇਲਾਵਾ ਬਜ਼ੁਰਗਾਂ, ਔਰਤਾਂ ਅਤੇ ਬੱਚਿਆਂ ਨੇ ਵੀ ਸ਼ਮੂਲੀਅਤ ਕੀਤੀ। ਪ੍ਰਦਰਸ਼ਨਕਾਰੀਆਂ ਨੇ ਪਰਵਿੰਦਰ ਸਿੰਘ ਝੋਟਾ ਦੇ ਕਤਲ ਮਾਮਲੇ ਵਿੱਚ ਪੀੜਤ ਪਰਿਵਾਰ ਨੂੰ ਇਨਸਾਫ਼ ਦਿਵਾਉਣ ਅਤੇ ਮਾਮਲੇ ਦੇ ਦੋਸ਼ੀਆਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕਰਨ ਦੀ ਮੰਗ ਉਠਾਈ। ਇਸ ਦੌਰਾਨ ਪੰਜਾਬ ਸਰਕਾਰ ਅਤੇ ਪੁਲਸ ਪ੍ਰਸ਼ਾਸਨ ਦੀ ਕਾਰਗੁਜ਼ਾਰੀ ਪ੍ਰਤੀ ਰੋਸ ਜ਼ਾਹਰ ਕਰਦਿਆਂ ਵੱਖ-ਵੱਖ ਬੁਲਾਰਿਆਂ ਨੇ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕਰਕੇ ਪੀੜਤ ਪਰਿਵਾਰ ਨੂੰ ਇਨਸਾਫ਼ ਦੇਣ ਦੀ ਮੰਗ ਕੀਤੀ।

ਧਰਨੇ ਵਿੱਚ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਗੁਰਜੰਟ ਸਿੰਘ ਕੱਟੂ, ਕਾਂਗਰਸ ਪਾਰਟੀ ਦੇ ਬਲਾਕ ਪ੍ਰਧਾਨ ਪਰਮਿੰਦਰ ਸਿੰਘ ਸ਼ੰਮੀ ਠੁੱਲੀਵਾਲ, ਗੁਰਮੇਲ ਸਿੰਘ ਮੌੜ, ਬਲਵੰਤ ਰਾਏ ਸ਼ਰਮਾ ਹਮੀਦੀ, ਕਮਲਜੀਤ ਚੱਕ, ਬਨੀ ਖੈਰਾ, ਡਾ. ਅਮਰਜੀਤ ਸਿੰਘ ਅਤੇ ਐਡਵੋਕੇਟ ਜਸਬੀਰ ਖੇੜੀ ਨੇ ਸ਼ਮੂਲੀਅਤ ਕੀਤੀ। ਸ਼੍ਰੋਮਣੀ ਅਕਾਲੀ ਦਲ ਬਾਦਲ ਵੱਲੋਂ ਜਥੇਦਾਰ ਨਾਥ ਸਿੰਘ ਹਮੀਦੀ, ਬਲਦੇਵ ਸਿੰਘ ਗਾਗੇਵਾਲ ਅਤੇ ਕੁਲਵੰਤ ਸਿੰਘ ਟਿੱਬਾ ਮੌਜੂਦ ਰਹੇ। ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਭਾਈ ਅਵਤਾਰ ਸਿੰਘ ਰਾਏਸਰ ਅਤੇ ਸਤਨਾਮ ਸਿੰਘ ਖਾਲਸਾ ਨੇ ਸ਼ਮੂਲੀਅਤ ਕੀਤੀ।

ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਵੱਲੋਂ ਮਨਜੀਤ ਸਿੰਘ ਧਨੇਰ, ਬਲਾਕ ਪ੍ਰਧਾਨ ਨਾਨਕ ਸਿੰਘ ਅਮਲਾ ਸਿੰਘ ਵਾਲਾ, ਜੁਗਰਾਜ ਸਿੰਘ ਹਰਦਾਸਪੁਰਾ, ਗੁਰਦੇਵ ਸਿੰਘ ਮਾਂਗੇਵਾਲ ਅਤੇ ਸਤਨਾਮ ਸਿੰਘ ਮੂੰਮ ਧਰਨੇ ਵਿੱਚ ਪਹੁੰਚੇ। ਇਸੇ ਤਰ੍ਹਾਂ ਕਾਦੀਆਂ ਯੂਨੀਅਨ ਦੇ ਜਗਸੀਰ ਸਿੰਘ ਸੀਰਾ ਛੀਨੀਵਾਲ, ਦੁਕਾਨਦਾਰ ਯੂਨੀਅਨ ਦੇ ਪ੍ਰਧਾਨ ਗਗਨ ਸਰਾ, ਮਨਦੀਪ ਕੁਮਾਰ ਚੀਕੂ, ਅਵਤਾਰ ਬਾਵਾ ਅਤੇ ਜਗਦੀਸ਼ ਸਿੰਘ ਪੰਨੂ ਵੀ ਹਾਜ਼ਰ ਸਨ। ਸਮੂਹ ਪੱਤਰਕਾਰ ਭਾਈਚਾਰੇ ਵੱਲੋਂ ਵੀ ਧਰਨੇ ਵਿੱਚ ਸ਼ਮੂਲੀਅਤ ਕੀਤੀ ਗਈ।

ਮੈਡੀਕਲ ਪ੍ਰੈਕਟੀਸ਼ਨਰ ਕਮੇਟੀ ਦੇ ਸੂਬਾ ਕਮੇਟੀ ਮੈਂਬਰ ਡਾ. ਕੇਸਰ ਖਾਨ ਮਹਿਲ ਕਲਾਂ, ਬਲਾਕ ਪ੍ਰਧਾਨ ਡਾ. ਦਿਲਵਾਰ ਸਿੰਘ, ਡਾ. ਅਨਵਰ ਮੁਹੰਮਦ ਚੰਨਣਵਾਲ, ਡਾ. ਬਾਰੂ ਮੁਹੰਮਦ ਅਤੇ ਡਾ. ਸ਼ਿਵਚਰਨ ਸਿੰਘ ਨੇ ਵੀ ਧਰਨੇ ਵਿੱਚ ਹਾਜ਼ਰੀ ਲਵਾਈ।

ਸਟੇਜ ਤੋਂ ਸੰਬੋਧਨ ਕਰਨ ਵਾਲਿਆਂ ਵਿੱਚ ਪਰਮਜੀਤ ਸਿੰਘ ਪੰਮਾ, ਹਰਜੀਤ ਸਿੰਘ ਖਿਆਲੀ, ਮਹਿੰਦਰ ਸਿੰਘ ਸਹਿਜੜਾ, ਅਮਰਜੀਤ ਸਿੰਘ ਮਹਿਲ ਕਲਾਂ ਬੱਸੀਆਂ ਵਾਲਾ, ਬਲਦੇਵ ਸਿੰਘ ਗੰਗੋਹਰ, ਗੁਰਜੰਟ ਸਿੰਘ ਕੱਟੂ, ਸਤਨਾਮ ਸਿੰਘ ਖਾਲਸਾ, ਪ੍ਰਧਾਨ ਸ਼ੇਰ ਸਿੰਘ ਖਾਲਸਾ, ਅਮਰਜੀਤ ਸਿੰਘ ਮਾਸਟਰ, ਡਾ. ਮਿੱਠੂ ਮੁਹੰਮਦ, ਡਾ. ਪਰਮਿੰਦਰ ਸਿੰਘ ਹਮੀਦੀ, ਮੰਗਤ ਸਿੰਘ ਮਹਿਲ ਕਲਾਂ, ਗੁਰਮੀਤ ਸਿੰਘ ਮਾਮਦਪੁਰ, ਰਣਜੀਤ ਸਿੰਘ ਚੰਨਣਵਾਲ, ਸਰਪੰਚ ਬਚਿੱਤਰ ਸਿੰਘ ਰਾਏਸਰ, ਕਪਤਾਨ ਸਿੰਘ ਮਹਿਲ ਕਲਾਂ, ਸਰਪੰਚ ਨਿਰਭੈ ਸਿੰਘ ਛੀਨੀਵਾਲ, ਲੱਖਾ ਸਿੰਘ ਖਿਆਲੀ ਅਤੇ ਅੰਮ੍ਰਿਤਪਾਲ ਸਿੰਘ ਮਹਿਲ ਖੁਰਦ ਸਮੇਤ ਹੋਰ ਆਗੂ ਸ਼ਾਮਲ ਸਨ।

ਬੁਲਾਰਿਆਂ ਨੇ ਕਿਹਾ ਕਿ ਪਰਵਿੰਦਰ ਸਿੰਘ ਝੋਟਾ ਦੇ ਕਤਲ ਮਾਮਲੇ ਵਿੱਚ ਪੀੜਤ ਪਰਿਵਾਰ ਨੂੰ ਇਨਸਾਫ਼ ਮਿਲਣਾ ਚਾਹੀਦਾ ਹੈ ਅਤੇ ਦੋਸ਼ੀਆਂ ਵਿਰੁੱਧ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ। ਧਰਨੇ ਦੌਰਾਨ ਵੱਖ-ਵੱਖ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਇਸ ਮੰਗ ਨੂੰ ਲੈ ਕੇ ਇਕਜੁੱਟਤਾ ਪ੍ਰਗਟਾਈ।

# ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲਿਆਂ ਦੀ ਸੁਰੱਖਿਆ ਯਕੀਨੀ ਬਣਾਏ ਸਰਕਾਰ : ਨਰੇਸ਼ ਸ਼ਰਮਾ

**ਸਮਾਜ ਸੇਵੀ ਨੇ ਪਰਵਿੰਦਰ ਸਿੰਘ ਝੋਟੇ ਦੇ ਕਤਲ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ, ਨਿਰਪੱਖ ਜਾਂਚ ਅਤੇ ਪੀੜਤ ਪਰਿਵਾਰ ਨੂੰ ਇਨਸਾਫ਼ ਦਿਵਾਉਣ ਦੀ ਉਠਾਈ ਮੰਗ**

(ਤਰਸੇਮ ਦੀਵਾਨਾ)
ਹੁਸ਼ਿਆਰਪੁਰ 15 ਅਕਤੂਬਰ

ਸਮਾਜ ਸੇਵੀ ਨਰੇਸ਼ ਸ਼ਰਮਾ ਨੇ ਨਸ਼ਿਆਂ ਵਿਰੁੱਧ ਆਵਾਜ਼ ਬੁਲੰਦ ਕਰਨ ਵਾਲੇ ਪਰਵਿੰਦਰ ਸਿੰਘ ਝੋਟੇ ਦੀ ਗੋਲੀ ਮਾਰ ਕੇ ਹੱਤਿਆ ਕੀਤੇ ਜਾਣ ਦੀ ਘਟਨਾ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਪੰਜਾਬ ਸਰਕਾਰ ਤੋਂ ਦੋਸ਼ੀਆਂ ਵਿਰੁੱਧ ਸਖ਼ਤ ਕਾਰਵਾਈ ਕਰਨ ਅਤੇ ਪੀੜਤ ਪਰਿਵਾਰ ਨੂੰ ਜਲਦ ਇਨਸਾਫ਼ ਦਿਵਾਉਣ ਦੀ ਮੰਗ ਕੀਤੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਬਚਾਉਣ ਲਈ ਸੰਘਰਸ਼ ਕਰਨ ਵਾਲੇ ਸਮਾਜਿਕ ਕਾਰਕੁਨਾਂ ਦੀ ਸੁਰੱਖਿਆ ਯਕੀਨੀ ਬਣਾਉਣਾ ਸਰਕਾਰ ਦੀ ਜ਼ਿੰਮੇਵਾਰੀ ਹੈ। ਜੇਕਰ ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲੇ ਲੋਕਾਂ ਨੂੰ ਹੀ ਆਪਣੀ ਜਾਨ ਗੁਆਉਣੀ ਪਵੇ ਤਾਂ ਇਹ ਸੂਬੇ ਦੀ ਕਾਨੂੰਨ ਵਿਵਸਥਾ ਅਤੇ ਨਸ਼ਾ ਵਿਰੋਧੀ ਮੁਹਿੰਮ ਦੀ ਕਾਰਗੁਜ਼ਾਰੀ ’ਤੇ ਗੰਭੀਰ ਸਵਾਲ ਖੜ੍ਹੇ ਕਰਦਾ ਹੈ।



ਨਰੇਸ਼ ਸ਼ਰਮਾ ਨੇ ਕਿਹਾ ਕਿ ਪਰਵਿੰਦਰ ਸਿੰਘ ਝੋਟੇ ਦੀ ਹੱਤਿਆ ਬੇਹੱਦ ਮੰਦਭਾਗੀ ਅਤੇ ਚਿੰਤਾਜਨਕ ਘਟਨਾ ਹੈ। ਨਸ਼ਿਆਂ ਵਿਰੁੱਧ ਸੰਘਰਸ਼ ਕਰਨ ਵਾਲਿਆਂ ਦੀ ਆਵਾਜ਼ ਨੂੰ ਹਿੰਸਾ ਦੇ ਜ਼ੋਰ ’ਤੇ ਦਬਾਉਣ ਦੀ ਕਿਸੇ ਵੀ ਕੋਸ਼ਿਸ਼ ਨੂੰ ਬਰਦਾਸ਼ਤ ਨਹੀਂ ਕੀਤਾ ਜਾਣਾ ਚਾਹੀਦਾ। ਉਨ੍ਹਾਂ ਮੰਗ ਕੀਤੀ ਕਿ ਇਸ ਕਤਲ ਕਾਂਡ ਦੀ ਨਿਰਪੱਖ ਅਤੇ ਪਾਰਦਰਸ਼ੀ ਜਾਂਚ ਕਰਵਾਈ ਜਾਵੇ, ਘਟਨਾ ਵਿੱਚ ਸ਼ਾਮਲ ਸਾਰੇ ਮੁਲਜ਼ਮਾਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਕਾਨੂੰਨ ਅਨੁਸਾਰ ਸਖ਼ਤ ਸਜ਼ਾਵਾਂ ਦਿਵਾਈਆਂ ਜਾਣ, ਤਾਂ ਜੋ ਭਵਿੱਖ ਵਿੱਚ ਅਜਿਹੇ ਅਪਰਾਧ ਕਰਨ ਵਾਲਿਆਂ ਨੂੰ ਸਖ਼ਤ ਸੰਦੇਸ਼ ਮਿਲ ਸਕੇ। ਉਨ੍ਹਾਂ ਕਿਹਾ ਕਿ ਪੰਜਾਬ ਦੀ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣਾ ਸਿਰਫ਼ ਸਰਕਾਰ ਹੀ ਨਹੀਂ, ਸਗੋਂ ਸਮੁੱਚੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ। ਨਸ਼ਿਆਂ ਦੇ ਕਾਰੋਬਾਰ ’ਤੇ ਪ੍ਰਭਾਵਸ਼ਾਲੀ ਢੰਗ ਨਾਲ ਰੋਕ ਲਗਾਉਣ ਦੇ ਨਾਲ-ਨਾਲ ਉਨ੍ਹਾਂ ਲੋਕਾਂ ਨੂੰ ਸੁਰੱਖਿਆ ਪ੍ਰਦਾਨ ਕਰਨੀ ਵੀ ਬੇਹੱਦ ਜ਼ਰੂਰੀ ਹੈ, ਜਿਹੜੇ ਸਮਾਜ ਅਤੇ ਨੌਜਵਾਨਾਂ ਦੇ ਭਵਿੱਖ ਦੀ ਖ਼ਾਤਰ ਇਸ ਬੁਰਾਈ ਵਿਰੁੱਧ ਸੰਘਰਸ਼ ਕਰ ਰਹੇ ਹਨ। ਸਰਕਾਰ ਨੂੰ ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਪੀੜਤ ਪਰਿਵਾਰ ਨੂੰ ਇਨਸਾਫ਼ ਦਿਵਾਉਣ ਲਈ ਠੋਸ ਕਦਮ ਚੁੱਕਣੇ ਚਾਹੀਦੇ ਹਨ ਅਤੇ ਨਸ਼ਾ ਤਸਕਰੀ ਦੇ ਨੈੱਟਵਰਕ ਵਿਰੁੱਧ ਪ੍ਰਭਾਵਸ਼ਾਲੀ ਕਾਰਵਾਈ ਯਕੀਨੀ ਬਣਾਉਣੀ ਚਾਹੀਦੀ ਹੈ।

ਨਰੇਸ਼ ਸ਼ਰਮਾ ਨੇ ਆਪਣੇ ਸੰਦੇਸ਼ ਵਿੱਚ ਕਿਹਾ, “ਨਸ਼ਿਆਂ ਵਿਰੁੱਧ ਜੰਗ ਰੁਕੇਗੀ ਨਹੀਂ, ਇਨਸਾਫ਼ ਦੀ ਆਵਾਜ਼ ਝੁਕੇਗੀ ਨਹੀਂ। ਪੰਜਾਬ ਦੀ ਜਵਾਨੀ ਬਚਾਉਣਾ ਸਾਡਾ ਸੰਕਲਪ ਹੈ ਅਤੇ ਨਸ਼ਿਆਂ ਦੇ ਕਾਰੋਬਾਰ ਨੂੰ ਜੜ੍ਹੋਂ ਖ਼ਤਮ ਕਰਨਾ ਸਮੇਂ ਦੀ ਮੁੱਖ ਲੋੜ ਹੈ।” ਅੰਤ ਵਿੱਚ ਉਨ੍ਹਾਂ ਪੰਜਾਬ ਵਾਸੀਆਂ ਨੂੰ ਅਪੀਲ ਕੀਤੀ ਕਿ ਪਰਵਿੰਦਰ ਸਿੰਘ ਝੋਟੇ ਦੇ ਪਰਿਵਾਰ ਨੂੰ ਇਨਸਾਫ਼ ਦਿਵਾਉਣ ਦੀ ਮੰਗ ਬੁਲੰਦ ਕਰਦਿਆਂ ਸੂਬੇ ਵਿੱਚ ਸ਼ਾਂਤੀ, ਆਪਸੀ ਭਾਈਚਾਰਾ ਅਤੇ ਸਮਾਜਿਕ ਏਕਤਾ ਬਣਾਈ ਰੱਖੀ ਜਾਵੇ। ਉਨ੍ਹਾਂ ਕਿਹਾ ਕਿ ਨਸ਼ਿਆਂ ਵਿਰੁੱਧ ਸੰਘਰਸ਼ ਨੂੰ ਕਮਜ਼ੋਰ ਪੈਣ ਦੇਣ ਦੀ ਬਜਾਏ ਹੋਰ ਮਜ਼ਬੂਤ ਕਰਨ ਦੀ ਲੋੜ ਹੈ, ਤਾਂ ਜੋ ਪੰਜਾਬ ਦੀਆਂ ਆਉਣ ਵਾਲੀਆਂ ਪੀੜ੍ਹੀਆਂ ਦਾ ਭਵਿੱਖ ਸੁਰੱਖਿਅਤ ਬਣਾਇਆ ਜਾ ਸਕੇ।

# ਸੇਵਾ ਸੰਕਲਪ ਮੁਹਿੰਮ ਤਹਿਤ ਰਾਮ ਨਗਰ ਡਿਸਪੈਂਸਰੀ ਵਿਖੇ ਜ਼ਿਲ੍ਹਾ ਪੱਧਰੀ ਪ੍ਰੋਗਰਾਮ

ਸਾਂਝੀ ਖ਼ਬਰ

**ਪਾਰਸ਼ਦ ਲਾਡੀ ਸੰਧੂ ਨੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ, ਕੁਪੋਸ਼ਣ ਤੋਂ ਪੀੜਤ ਮਰੀਜ਼ਾਂ ਨੂੰ ਪੌਸ਼ਟਿਕ ਕਿੱਟਾਂ ਵੰਡੀਆਂ**




ਸੁਖਵਿੰਦਰ ਸੋਹੀ।
ਕਰਨਾਲ,

ਸੇਵਾ ਸੰਕਲਪ ਮੁਹਿੰਮ ਤਹਿਤ ਕਰਨਾਲ ਦੇ ਰਾਮ ਨਗਰ ਸਥਿਤ ਡਿਸਪੈਂਸਰੀ ਵਿਖੇ ਜ਼ਿਲ੍ਹਾ ਪੱਧਰੀ ਪ੍ਰੋਗਰਾਮ ਕਰਵਾਇਆ ਗਿਆ। ਇਸ ਪ੍ਰੋਗਰਾਮ ਦੌਰਾਨ ਕਰਨਾਲ ਦੇ ਵਿਧਾਇਕ ਵੱਲੋਂ ਕੁਪੋਸ਼ਣ ਤੋਂ ਪੀੜਤ ਮਰੀਜ਼ਾਂ ਨੂੰ ਪੌਸ਼ਟਿਕ ਕਿੱਟਾਂ ਵੰਡੀਆਂ ਗਈਆਂ। ਇਸ ਮੌਕੇ ਪਾਰਸ਼ਦ ਲਾਡੀ ਸੰਧੂ ਨੇ ਵਿਸ਼ੇਸ਼ ਤੌਰ 'ਤੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਉਨ੍ਹਾਂ ਦੀਆਂ ਮੁਸ਼ਕਲਾਂ ਬਾਰੇ ਜਾਣਕਾਰੀ ਹਾਸਲ ਕੀਤੀ।

ਪ੍ਰੋਗਰਾਮ ਦੌਰਾਨ ਇਲਾਕੇ ਦੇ ਲੋਕਾਂ ਅਤੇ ਡਿਸਪੈਂਸਰੀ ਵਿੱਚ ਇਲਾਜ ਲਈ ਆਏ ਮਰੀਜ਼ਾਂ ਨੇ ਆਪਣੀਆਂ ਸਮੱਸਿਆਵਾਂ ਅਤੇ ਲੋੜਾਂ ਬਾਰੇ ਜਾਣਕਾਰੀ ਸਾਂਝੀ ਕੀਤੀ। ਪਾਰਸ਼ਦ ਲਾਡੀ ਸੰਧੂ ਨੇ ਲੋਕਾਂ ਦੀਆਂ ਗੱਲਾਂ ਨੂੰ ਧਿਆਨ ਨਾਲ ਸੁਣਿਆ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਯੋਗ ਉਪਰਾਲੇ ਕਰਨ ਦਾ ਭਰੋਸਾ ਦਿੱਤਾ। ਇਸ ਮੌਕੇ ਲੋਕਾਂ ਨਾਲ ਸਿੱਧਾ ਸੰਪਰਕ ਕਰਕੇ ਉਨ੍ਹਾਂ ਦੀਆਂ ਮੁਸ਼ਕਲਾਂ ਨੂੰ ਸਮਝਣ 'ਤੇ ਜ਼ੋਰ ਦਿੱਤਾ ਗਿਆ।

ਸੇਵਾ ਸੰਕਲਪ ਮੁਹਿੰਮ ਦਾ ਮੁੱਖ ਉਦੇਸ਼ ਲੋੜਵੰਦ ਲੋਕਾਂ ਤੱਕ ਸਿਹਤ ਸਹੂਲਤਾਂ ਅਤੇ ਸਰਕਾਰੀ ਭਲਾਈ ਯੋਜਨਾਵਾਂ ਦਾ ਲਾਭ ਪਹੁੰਚਾਉਣਾ ਹੈ। ਕੁਪੋਸ਼ਣ ਤੋਂ ਪੀੜਤ ਮਰੀਜ਼ਾਂ ਨੂੰ ਪੌਸ਼ਟਿਕ ਕਿੱਟਾਂ ਵੰਡਣ ਦਾ ਉਪਰਾਲਾ ਉਨ੍ਹਾਂ ਦੀ ਸਿਹਤ ਅਤੇ ਪੋਸ਼ਣ ਸਬੰਧੀ ਲੋੜਾਂ ਨੂੰ ਪੂਰਾ ਕਰਨ ਵੱਲ ਇੱਕ ਕਦਮ ਹੈ।

ਇਸ ਤਰ੍ਹਾਂ ਦੇ ਪ੍ਰੋਗਰਾਮਾਂ ਰਾਹੀਂ ਲੋਕਾਂ ਨੂੰ ਆਪਣੀਆਂ ਸਮੱਸਿਆਵਾਂ ਸਬੰਧਤ ਨੁਮਾਇੰਦਿਆਂ ਸਾਹਮਣੇ ਰੱਖਣ ਦਾ ਮੌਕਾ ਮਿਲਦਾ ਹੈ। ਰਾਮ ਨਗਰ ਡਿਸਪੈਂਸਰੀ ਵਿਖੇ ਕਰਵਾਏ ਗਏ ਇਸ ਪ੍ਰੋਗਰਾਮ ਵਿੱਚ ਲੋਕਾਂ ਦੀਆਂ ਸਮੱਸਿਆਵਾਂ ਸੁਣਨ ਦੇ ਨਾਲ-ਨਾਲ ਲੋੜਵੰਦ ਮਰੀਜ਼ਾਂ ਨੂੰ ਸਹਾਇਤਾ ਵੀ ਪ੍ਰਦਾਨ ਕੀਤੀ ਗਈ। ਪਾਰਸ਼ਦ ਲਾਡੀ ਸੰਧੂ ਵੱਲੋਂ ਲੋਕਾਂ ਨਾਲ ਗੱਲਬਾਤ ਕਰਨਾ ਪ੍ਰੋਗਰਾਮ ਦਾ ਅਹਿਮ ਹਿੱਸਾ ਰਿਹਾ।

# ਅਕਾਲੀ ਆਗੂ ਸਿਵਇੰਦਰ ਸਲਾਬਤਪੁਰਾ ਕੈਨੇਡਾ ਦੇ ਚਾਚੀ ਦਾ ਦੇਹਾਂਤ

ਸਾਂਝੀ ਖ਼ਬਰ

ਵੀਰਪਾਲ ਭਗਤਾ,
ਭਗਤਾ ਭਾਈਕਾ,

ਸ਼੍ਰੋਮਣੀ ਅਕਾਲੀ ਦਲ ਈਸ਼ਟ ਕੈਨੇਡਾ ਦੇ ਸੀਨੀਅਰ ਅਕਾਲੀ ਆਗੂ ਸਿਵਇੰਦਰ ਸਿੰਘ ਸਲਾਬਤ-ਪੁਰਾ ਕੈਨੇਡਾ ਦੇ ਸਤਿਕਾਰਯੋਗ ਚਾਚੀ ਸ੍ਰੀਮਤੀ ਰਾਜ ਕਪਿਲ (ਧਰਮ-ਪਤਨੀ ਸੁਰਿੰਦਰ ਪਾਲ ਸਿੰਘ ਛਿੰਦੀ ਕੈਨੇਡਾ) ਦਾ ਲੰਮੀ ਬੀਮਾਰੀ ਕਾਰਨ ਦੇਹਾਂਤ ਹੋ ਗਿਆ ਹੈ, ਜਿਸ ਦੀ ਖਬਰ ਸੁਣਦੇ ਹੀ ਇਲਾਕੇ ਵਿਚ ਸੋਗ ਦੀ ਲਹਿਰ ਦੌੜ ਗਈ।

ਸਿਕੰਦਰ ਸਿੰਘ ਮਲੂਕਾ ਸਾਬਕਾ ਮੰਤਰੀ ਪੰਜਾਬ, ਹਰਿੰਦਰ ਸਿੰਘ ਮਹਿਰਾਜ ਇੰਚਾਰਜ ਲੋਕ ਸਭਾ ਫਰੀਦਕੋਟ, ਜਗਮੋਹਨ ਲਾਲ ਗਰਗ ਸੀਨੀਅਰ ਆਗੂ, ਰਾਕੇਸ ਕੁਮਾਰ ਗੋਇਲ ਸਾਬਕਾ ਪ੍ਰਧਾਨ ਨਗਰ ਪੰਚਾਇਤ ਭਗਤਾ, ਗਗਨਦੀਪ ਸਿੰਘ ਗਰੇਵਾਲ ਸਾਬਕਾ ਚੇਅਰਮੈਨ,

ਫੁੰਮਣ ਸਿੰਘ ਭਗਤਾ ਮੈਂਬਰ ਸ੍ਰੋਮਣੀ ਕਮੇਟੀ, ਪ੍ਰਮਾਤਮਾ ਸਿੰਘ ਹਮੀਰਗੜ੍ਹ ਕੈਨੇਡਾ, ਗੁਰਲਾਲ ਸਿੰਘ ਧਾਲੀਵਾਲ ਕੈਨੇਡਾ, ਰਮਨਦੀਪ ਸਿੰਘ ਸਲਾਬਤਪੁਰਾ ਕੈਨੇਡਾ, ਹਰਵਿੰਦਰ ਸਿੰਘ ਸਿੱਧੂ ਕੈਨੇਡਾ, ਕਰਮਜੀਤ ਸਿੰਘ ਕਾਂਗੜ, ਅਮਰਜੀਤ ਸਿੰਘ ਮੱਕੜ ਕੈਨੇਡਾ, ਸੁਖਦੀਪ ਸਿੰਘ ਸਿਰੀਏਵਾਲਾ, ਸੁਖਜਿੰਦਰ ਸਿੰਘ ਖਾਨਦਾਨ, ਗੁਰਪ੍ਰੀਤ ਸਿੰਘ ਘੰਡਾਬੰਨਾ, ਗੁਰਪਾਲ ਸਿੰਘ ਭੱਟੀ, ਹਰਦੇਵ ਸਿੰਘ ਗੋਗੀ, ਜਸਪਾਲ ਸਿੰਘ ਵੜਿੰਗ, ਰਘਵੀਰ ਸਿੰਘ ਕਾਕਾ, ਸੁਖਜਿੰਦਰ ਸਿੰਘ ਖਹਿਰਾ, ਅਮਨਦੀਪ ਸਿੰਘ ਬੁਰਜ ਲੱਧਾ,



ਸੁਖਮੰਦਰ ਸਿੰਘ ਸਰਾਂ, ਗੁਲਾਬ ਚੰਦ ਸਿੰਗਲਾ, ਹਰਪਾਲ ਸਿੰਘ ਮਲੂਕਾ, ਜਗਦੀਸ ਸਿੰਘ ਜਲਾਲ, ਸੁਖਚੈਨ ਸਿੰਘ ਪਿੰਟੂ ਜਲਾਲ, ਗੁਰਵਿੰਦਰ ਕੌਰ ਭਗਤਾ, ਕੁਲਵੰਤ ਸਿੰਘ ਘੰਡਾਬੰਨਾ, ਪਰਪਿੰਦਰ ਕੁਮਾਰ ਟੀਨਾ, ਗੁਰਚਰਨ ਸਿੰਘ ਪੁਰੀ, ਨਾਇਬ ਸਿੰਘ ਹਮੀਰਗੜ੍ਹ, ਹਰਦੀਪ ਸਿੰਘ ਹਮੀਰਗੜ੍ਹ, ਹਰਜੀਤ ਸਿੰਘ ਦਿਆਲਪੁਰਾ ਮਿਰਜਾ, ਬਲਵਿੰਦਰ ਸਿੰਘ ਭਗਤਾ, ਭੀਮ ਸੈਨ ਜਲਾਲ, ਲਖਵੀਰ ਸਿੰਘ ਮੌੜ, ਜਗਦੀਸ਼ ਸਿੰਘ ਬੱਬੀ ਰਾਮੂਵਾਲਾ, ਹਰਜਿੰਦਰ ਸਿੰਘ ਸਾਬਕਾ ਕੌਸਲਰ, ਸੇਮੀ ਭਾਈਰੂਪਾ, ਬਲੌਰ ਸਿੰਘ ਕਾਂਗੜ, ਸਰਬਜੀਤ ਸਿੰਘ ਕਾਂਗੜ, ਲਖਵੀਰ ਸਿੰਘ ਲੱਖੀ ਭਾਈਰੂਪਾ, ਗੁਰਬਚਨ ਸਿੰਘ ਕਲੇਰ, ਭਗਵਾਨ ਸਿੰਘ ਮੱਕੜ, ਰਣਧੀਰ ਸਿੰਘ ਧੀਰਾ, ਇੰਦਰਜੀਤ ਸਿੰਘ ਬਿੱਟੂ ਖਾਨਦਾਨ, ਜਸਜੀਤ ਸਿੰਘ ਬਰਾੜ, ਦਲਜੀਤ ਸਿੰਘ ਮਸ਼ੀਨਾਂ ਵਾਲੇ, ਹਰਦੇਵ ਸਿੰਘ ਕਿੰਗਰਾ, ਸ਼ੁਕਰ ਸਿੰਘ ਭੋਡੀਪੁਰਾ, ਸੁਖਮੰਦਰ ਸਿੰਘ ਭੋਲਾ, ਰਛਪਾਲ ਸਿੰਘ ਪੱਪੂ ਕੋਠਾਗੁਰੂ, ਪੁਨੀਤਪਾਲ ਸਿੰਘ ਗੋਲਾ, ਸੁਰਿੰਦਰ ਭੁੱਟੋ, ਜਸਵੰਤ ਕਾਲਾ ਬਲਾਹੜ, ਬਲਰਾਜ ਸਿੰਘ ਬਿੱਟੂ ਘਾਰੂ, ਗੁਰਸ਼ਰਨ ਸਿੰਘ ਬਰਾੜ ਗੁੰਮਟੀ ਆਦਿ ਨੇ ਮ੍ਰਿਤਕ ਦੇ ਪਰਿਵਾਰ ਨਾਲ ਹਮਦਰਦੀ ਦਾ ਪ੍ਰਗਟਾਵਾਂ ਕੀਤਾ।

# ਪਰਮਿੰਦਰ ਸਿੰਘ ਝੋਟਾ ਦੇ ਪਰਿਵਾਰ ਨੂੰ ਇਨਸਾਫ਼ ਦਿਵਾਉਣ ਦੀ ਮੰਗ; ਪੰਜਾਬ ਬੰਦ ਦੇ ਸੱਦੇ 'ਤੇ ਸਰਦੂਲਗੜ੍ਹ ਮੁਕੰਮਲ ਬੰਦ ਰਿਹਾ

ਸਾਂਝੀ ਖ਼ਬਰ

***ਸਰਦੂਲਗੜ੍ਹ 'ਚ ਨਸ਼ਿਆਂ ਖ਼ਿਲਾਫ਼ ਸਮੁੱਚੀਆਂ ਪਾਰਟੀਆਂ ਵੱਲੋਂ ਕੈਂਡਲ ਮਾਰਚ***




(ਵਰਿੰਦਰ ਸਿੰਘ)
ਸਰਦੂਲਗੜ੍ਹ, 15 ਅਕਤੂਬਰ

ਨਸ਼ਿਆਂ ਖ਼ਿਲਾਫ਼ ਆਵਾਜ਼ ਬੁਲੰਦ ਕਰਨ ਵਾਲੇ ਮਾਨਸਾ ਦੇ ਪਰਮਿੰਦਰ ਸਿੰਘ ਝੋਟਾ ਦੇ ਪਰਿਵਾਰ ਨੂੰ ਇਨਸਾਫ਼ ਦਿਵਾਉਣ ਅਤੇ ਕਤਲ ਮਾਮਲੇ ਦੇ ਮੁਲਜ਼ਮਾਂ ਨੂੰ ਸਜ਼ਾਵਾਂ ਦਿਵਾਉਣ ਦੀ ਮੰਗ ਨੂੰ ਲੈ ਕੇ 15 ਅਕਤੂਬਰ ਨੂੰ ਦਿੱਤੇ ਪੰਜਾਬ ਬੰਦ ਦੇ ਸੱਦੇ ਤਹਿਤ ਸਰਦੂਲਗੜ੍ਹ ਮੁਕੰਮਲ ਤੌਰ 'ਤੇ ਬੰਦ ਰਿਹਾ। ਇਸ ਦੌਰਾਨ ਵੱਖ-ਵੱਖ ਪਾਰਟੀਆਂ ਅਤੇ ਜਥੇਬੰਦੀਆਂ ਵੱਲੋਂ ਧਰਨਾ ਵੀ ਦਿੱਤਾ ਗਿਆ। ਇਸ ਤੋਂ ਬਾਅਦ ਸ਼ਾਮ ਨੂੰ ਵੱਖ-ਵੱਖ ਸਿਆਸੀ ਪਾਰਟੀਆਂ ਦੇ ਆਗੂਆਂ ਵੱਲੋਂ ਸਾਂਝੇ ਤੌਰ 'ਤੇ ਕੈਂਡਲ ਮਾਰਚ ਕੱਢਿਆ ਗਿਆ। ਕੈਂਡਲ ਮਾਰਚ ਦੌਰਾਨ ਪੰਜਾਬ ਦੀ ਭਗਵੰਤ ਮਾਨ ਸਰਕਾਰ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ। ਵੱਖ-ਵੱਖ ਪਾਰਟੀਆਂ ਦੇ ਆਗੂਆਂ ਨੇ ਪੰਜਾਬ ਵਿੱਚੋਂ ਨਸ਼ਿਆਂ ਦੇ ਖ਼ਾਤਮੇ ਦੀ ਮੰਗ ਕਰਦਿਆਂ ਸਰਕਾਰ ਨੂੰ ਇਸ ਦਿਸ਼ਾ ਵਿੱਚ ਠੋਸ ਕਦਮ ਚੁੱਕਣ ਦੀ ਅਪੀਲ ਕੀਤੀ।

ਕੈਂਡਲ ਮਾਰਚ ਮੌਕੇ ਕਾਂਗਰਸ ਪਾਰਟੀ ਦੇ ਯੂਥ ਆਗੂ ਧਰਮ ਪੰਨੂ, ਓਬੀਸੀ ਸੈੱਲ ਦੇ ਜ਼ਿਲ੍ਹਾ ਪ੍ਰਧਾਨ ਸੱਤਪਾਲ ਵਰਮਾ, ਅਕਾਲੀ ਦਲ ਵਾਰਿਸ ਪੰਜਾਬ ਦੇ ਕੁਲਵਿੰਦਰ ਸਿੰਘ ਕੋਟ ਧਰਮੂ, ਭਾਜਪਾ ਦੇ ਹਲਕਾ ਇੰਚਾਰਜ ਜਗਜੀਤ ਸਿੰਘ ਮਿਲਖਾ, ਭਾਜਪਾ ਜਿਲਾ ਪ੍ਰਧਾਨ ਗੋਮਾ ਰਾਮ ਕਰੰਡੀ, ਪਰਮਜੀਤ ਸਿੰਘ ਮੰਨਾ, ਨਵਲ ਜੈਨ, ਕਾਮਰੇਡ ਸੱਤਪਾਲ ਚੋਪੜਾ, ਸ਼੍ਰੋਮਣੀ ਅਕਾਲੀ ਦਲ ਦੇ ਤਰਸੇਮ ਚੰਦ ਭੋਲੀ, ਬਸਪਾ ਆਗੂ ਕੁਲਦੀਪ ਸਿੰਘ ਸਮੇਤ ਹੋਰ ਆਗੂ ਮੌਜੂਦ ਸਨ। ਆਗੂਆਂ ਨੇ ਕਿਹਾ ਕਿ ਜਦੋਂ ਤੱਕ ਪੀੜਤ ਪਰਿਵਾਰ ਦੀਆਂ ਮੰਗਾਂ ਪੂਰੀਆਂ ਨਹੀਂ ਕੀਤੀਆਂ ਜਾਂਦੀਆਂ ਅਤੇ ਪਰਿਵਾਰ ਨੂੰ ਇਨਸਾਫ਼ ਨਹੀਂ ਮਿਲਦਾ, ਉਦੋਂ ਤੱਕ ਸੰਘਰਸ਼ ਜਾਰੀ ਰਹੇਗਾ। ਉਨ੍ਹਾਂ ਪੰਜਾਬ ਵਿੱਚੋਂ ਨਸ਼ਿਆਂ ਦੇ ਖ਼ਾਤਮੇ ਲਈ ਸਮੂਹ ਪੰਜਾਬ ਵਾਸੀਆਂ ਨੂੰ ਇਕਜੁੱਟ ਹੋ ਕੇ ਆਵਾਜ਼ ਬੁਲੰਦ ਕਰਨ ਦੀ ਅਪੀਲ ਵੀ ਕੀਤੀ।

# ਹਲਕਾ ਇੰਚਾਰਜ ਮੱਖਣ ਸਿੰਘ ਲਾਲਕਾ ਨੇ 'ਆਪ' ਸਰਕਾਰ ਖ਼ਿਲਾਫ਼ ਖੋਲ੍ਹਿਆ ਮੋਰਚਾ

ਸਾਂਝੀ ਖ਼ਬਰ



( ਚੇਤਨ ਮਹਿਤਾ )
ਨਾਭਾ, 15 ਅਕਤੂਬਰ:

ਮਰਹੂਮ ਸ. ਪਰਵਿੰਦਰ ਸਿੰਘ ਝੋਟਾ ਦੇ ਪਰਿਵਾਰ ਨੂੰ ਇਨਸਾਫ਼ ਦਿਵਾਉਣ ਦੀ ਮੰਗ ਨੂੰ ਲੈ ਕੇ ਪੂਰੇ ਪੰਜਾਬ ਵਿੱਚ ਵੱਖ-ਵੱਖ ਧਾਰਮਿਕ, ਸਮਾਜਿਕ, ਇਨਸਾਫ਼ ਪਸੰਦ ਅਤੇ ਰਾਜਨੀਤਿਕ ਜਥੇਬੰਦੀਆਂ ਵੱਲੋਂ ਦਿੱਤੇ ਗਏ 'ਪੰਜਾਬ ਬੰਦ' ਦੇ ਸੱਦੇ ਦਾ ਨਾਭਾ ਸ਼ਹਿਰ ਅਤੇ ਇਸ ਦੇ ਆਸ-ਪਾਸ ਦੇ ਇਲਾਕਿਆਂ ਵਿੱਚ ਬਹੁਤ ਹੀ ਭਰਵਾਂ ਅਤੇ ਵਿਆਪਕ ਅਸਰ ਦੇਖਣ ਨੂੰ ਮਿਲਿਆ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਨਾਭਾ ਹਲਕਾ ਇੰਚਾਰਜ ਸ. ਮੱਖਣ ਸਿੰਘ ਲਾਲਕਾ ਨੇ ਆਪਣੀ ਸਮੁੱਚੀ ਟੀਮ, ਅਹੁਦੇਦਾਰਾਂ ਅਤੇ ਵਰਕਰਾਂ ਸਮੇਤ ਮੈਦਾਨ ਵਿੱਚ ਨਿੱਤਰ ਕੇ ਬੰਦ ਦਾ ਪੂਰਨ ਸਮਰਥਨ ਕੀਤਾ ਅਤੇ ਪੰਜਾਬ ਦੀ ਆਮ ਆਦਮੀ ਪਾਰਟੀ (ਆਪ) ਸਰਕਾਰ ਖ਼ਿਲਾਫ਼ ਜੰਮ ਕੇ ਭੜਾਸ ਕੱਢੀ। "ਕਦੋਂ ਤੱਕ ਮਾਵਾਂ ਆਪਣੇ ਪੁੱਤਾਂ ਦੀਆਂ ਅਰਥੀਆਂ ਨੂੰ ਮੋਢਾ ਦਿੰਦੀਆਂ ਰਹਿਣਗੀਆਂ?" — ਮੱਖਣ ਸਿੰਘ ਲਾਲਕਾ : ਇਸ ਰੋਸ ਪ੍ਰਦਰਸ਼ਨ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਸ. ਮੱਖਣ ਸਿੰਘ ਲਾਲਕਾ ਨੇ ਗਹਿਰੇ ਦੁੱਖ ਅਤੇ ਰੋਸ ਦਾ ਪ੍ਰਗਟਾਵਾ ਕਰਦਿਆਂ ਸੂਬਾ ਸਰਕਾਰ ਦੀ ਕਾਰਜਪ੍ਰਣਾਲੀ 'ਤੇ ਸਿੱਧੇ ਸਵਾਲ ਖੜ੍ਹੇ ਕੀਤੇ। ਉਨ੍ਹਾਂ ਭਾਵੁਕ ਹੁੰਦਿਆਂ ਸਵਾਲ ਕੀਤਾ: "ਪੰਜਾਬ ਵਿੱਚ ਆਖ਼ਰ ਕਦੋਂ ਤੱਕ ਮਾਵਾਂ ਆਪਣੇ ਪੁੱਤਾਂ ਦੀਆਂ ਅਰਥੀਆਂ ਨੂੰ ਮੋਢਾ ਦਿੰਦੀਆਂ ਰਹਿਣਗੀਆਂ? ਅੱਜ ਪੰਜਾਬ ਦਾ ਮਾਹੌਲ ਅਜਿਹਾ ਬਣ ਚੁੱਕਾ ਹੈ ਕਿ ਅਪਰਾਧੀਆਂ ਨੂੰ ਕਾਨੂੰਨ ਦਾ ਕੋਈ ਡਰ ਨਹੀਂ ਰਿਹਾ ਅਤੇ ਸਾਡੇ ਨੌਜਵਾਨ ਸ਼ਰੇਆਮ ਨਿਸ਼ਾਨਾ ਬਣਾਏ ਜਾ ਰਹੇ ਹਨ।" ਮੁੱਖ ਮੰਤਰੀ ਭਗਵੰਤ ਮਾਨ ਦੇ ਤੁਰੰਤ ਅਸਤੀਫੇ ਦੀ ਮੰਗ : ਮੱਖਣ ਸਿੰਘ ਲਾਲਕਾ ਨੇ ਆਮ ਆਦਮੀ ਪਾਰਟੀ ਦੀ ਸਰਕਾਰ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ 'ਤੇ ਤਿੱਖਾ ਹਮਲਾ ਬੋਲਦਿਆਂ ਕਿਹਾ ਕਿ ਸੂਬੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਪੂਰੀ ਤਰ੍ਹਾਂ ਤਹਿਸ-ਨਹਿਸ ਹੋ ਚੁੱਕੀ ਹੈ। ਸਰਕਾਰ ਦੀ ਨਾਕਾਮੀ: ਸੂਬੇ ਦੇ ਮੁੱਖ ਮੰਤਰੀ, ਜੋ ਖ਼ੁਦ ਗ੍ਰਹਿ ਮੰਤਰੀ ਵੀ ਹਨ, ਲੋਕਾਂ ਦੀ ਜਾਨ-ਮਾਲ ਦੀ ਰਾਖੀ ਕਰਨ ਵਿੱਚ ਪੂਰੀ ਤਰ੍ਹਾਂ ਅਸਮਰੱਥ ਸਾਬਤ ਹੋਏ ਹਨ। ਤੁਰੰਤ ਅਸਤੀਫ਼ੇ ਦੀ ਮੰਗ: ਉਨ੍ਹਾਂ ਦੋਸ਼ ਲਾਇਆ ਕਿ ਗੁਰੂ ਦੋਖੀ ਮੁੱਖ ਮੰਤਰੀ ਭਗਵੰਤ ਮਾਨ ਤੋਂ ਪੰਜਾਬ ਦਾ ਪ੍ਰਸ਼ਾਸਨ ਨਹੀਂ ਸੰਭਲ ਰਿਹਾ, ਇਸ ਲਈ ਉਨ੍ਹਾਂ ਨੂੰ ਨੈਤਿਕਤਾ ਦੇ ਆਧਾਰ 'ਤੇ ਤੁਰੰਤ ਆਪਣੇ ਪਦ ਤੋਂ ਅਸਤੀਫਾ ਦੇ ਦੇਣਾ ਚਾਹੀਦਾ ਹੈ।

# ਝੋਟਾ ਦੇ ਹੋਏ ਕਤਲ ਦੇ ਰੋਸ ਵਜੋਂ ਮੇਨ ਚੌਂਕ 'ਚ ਧਰਨਾ ਦਿੱਤਾ





ਸਾਂਝੀ ਖ਼ਬਰ

**ਅਕਾਲੀ ਦਲ ਵਾਰਿਸ ਪੰਜਾਬ ਦੇ ਜਿਲ੍ਹਾਂ ਪ੍ਰਧਾਨ ਨੂੰ ਕੀਤਾ ਗ੍ਰਿਫਤਾਰ**

ਵੀਰਪਾਲ ਭਗਤਾ
ਭਗਤਾ ਭਾਈਕਾ

ਮਾਨਸਾ ਵਿਚ ਪਰਵਿੰਦਰ ਸਿੰਘ ਝੋਟਾ ਦੇ ਹੋਏ ਕਤਲ ਦੇ ਰੋਸ ਵਜੋਂ ਪੰਜਾਬ ਬੰਦ ਦੇ ਸੱਦੇ ਤਹਿਤ ਅੱਜ ਸਥਾਨਿਕ ਸਹਿਰ ਮੁਕੰਮਲ ਬੰਦ ਰਿਹਾ। ਇਸ ਦੌਰਾਨ ਵੱਖ ਵੱਖ ਜੱਥੇਬੰਦੀਆਂ ਦੇ ਆਗੂਆਂ ਵੱਲੋਂ ਸਹਿਰ ਦੇ ਮੇਨ ਚੌਂਕ ਵਿਚ ਰੋਸ ਧਰਨਾ ਦਿੱਤਾ ਗਿਆ, ਜਿਸ ਵਿਚ ਇਲਾਕੇ ਭਰ ਦੇ ਲੋਕਾਂ ਨੇ ਸਮੂਲੀਅਤ ਕੀਤੀ। ਧਰਨੇ ਦੀ ਸੁਰੂਆਤ ਤੋਂ ਪਹਿਲਾ ਹੀ ਪੁਲਿਸ ਪ੍ਰਸ਼ਾਸਨ ਨੇ ਚਮਕੌਰ ਸਿੰਘ ਕੋਇਰ ਸਿੰਘ ਵਾਲਾ ਜਿਲ੍ਹਾਂ ਪ੍ਰਧਾਨ ਅਕਾਲੀ ਦਲ ਵਾਰਿਸ ਪੰਜਾਬ ਦੇ ਨੂੰ ਗ੍ਰਿਫਤਾਰ ਕਰ ਲਿਆ, ਅਕਾਲੀ ਦਲ ਵਾਰਿਸ ਪੰਜਾਬ ਦੇ ਆਗੂ ਸੁਖਵਿੰਦਰ ਸਿੰਘ ਗਗਨ ਭਗਤਾ ਨੇ ਚਮਕੌਰ ਸਿੰਘ ਕੋਇਰ ਸਿੰਘ ਵਾਲਾ ਨੂੰ ਪੁਲਿਸ ਪ੍ਰਸ਼ਾਸਨ ਵੱਲੋਂ ਜਬਰੀ ਗ੍ਰਿਫਤਾਰ ਕਰਨ ਦਾ ਦੋਸ਼ ਲਗਾਉਦੇ ਹੋਏ ਮੁਕੰਮਲ ਚੱਕਾ ਜਾਮ ਕਰਨ ਦਾ ਐਲਾਨ ਕੀਤਾ। ਇਸ ਸਮੇਂ ਵੱਡੀ ਗਿਣਤੀ ਵਿਚ ਪੁਲਿਸ ਪ੍ਰਸ਼ਾਸਨ ਮੌਜੂਦ ਹੈ। ਜਿਕਰਯੋਗ ਹੈ ਕਿ ਇਲਾਕੇ ਦੀ ਨਾਮਵਰ ਸਮਾਜ ਸੇਵੀ ਸੰਸਥਾਂ ਸਤਿਕਾਰ ਕਮੇਟੀ ਕੋਠਾਗੁਰੂ ਦੇ ਵਲੰਟੀਅਰਾਂ ਵੱਲੋਂ ਧਰਨਾਕਾਰੀਆਂ ਲੰਗਰ ਦਾ ਢੁੱਕਵਾ ਪ੍ਰਬੰਧ ਕੀਤਾ ਗਿਆ।

> ਇਸ ਮੌਕੇ ਬਾਬਾ ਸਤਨਾਮ ਸਿੰਘ ਦਿਆਲਪੁਰਾ ਮਿਰਜਾ, ਗੁਰਵਿੰਦਰ ਸਿੰਘ ਗਿੱਲ ਰੌਂਤਾ ਇੰਚਾਰਜ ਅਕਾਲੀ ਦਲ ਵਾਰਿਸ ਪੰਜਾਬ ਦੇ ਹਲਕਾ ਰਾਮਪੁਰਾ ਫੂਲ, ਕਿਸਾਨ ਆਗੂ ਅਵਤਾਰ ਸਿੰਘ ਤਾਰੀ, ਸੁਖਵਿੰਦਰ ਸਿੰਘ ਗਗਨ ਭਗਤਾ, ਕਿਸਾਨ ਆਗੂ ਕਰਮਜੀਤ ਸਿੰਘ ਭਗਤਾ, ਸੁਖਚੈਨ ਸਿੰਘ ਖਾਲਸਾ, ਡਾ. ਨਿਰਭੈ ਸਿੰਘ ਭਗਤਾ, ਪਰਗਟ ਸਿੰਘ ਭੋਡੀਪੁਰਾ, ਕਾਂਗਰਸ ਦੇ ਆਗੂ ਮਨਜੀਤ ਸਿੰਘ ਬਿੱਟੀ, ਬਲਵਿੰਦਰ ਸਿੰਘ ਰੋਡੇ, ਨਛੱਤਰ ਸਿੰਘ ਸਿੱਧੂ, ਸਰਪੰਚ ਅਜਾਇਬ ਸਿੰਘ ਹਮੀਰਗੜ੍ਹ, ਅਕਾਲੀ ਆਗੂ ਹਰਪਾਲ ਸਿੰਘ ਮਲੂਕਾ, ਸ਼ਵਰਨਜੀਤ ਸਿੰਘ ਸ਼ੰਮੀ, ਕਰਮਜੀਤ ਸਿੰਘ ਜੇਈ, ਅੰਮ੍ਰਿਤਪਾਲ ਸਿੰਘ ਜਲਾਲ, ਗੁਰਪ੍ਰੀਤ ਸਿੰਘ ਹਾਕਮ ਸਿੰਘ ਵਾਲਾ, ਬਸਪਾ ਆਗੂ ਕਰਮ ਸਿੰਘ ਰਾਜਗੜ੍ਹ, ਐਡਵੋਕੇਟ ਹੈਰੀ ਕੇਸਰ ਸਿੰਘ ਵਾਲਾ, ਸੁਖਵਿੰਦਰ ਚੀਦਾ, ਦਿਲਬਾਗ ਸਿੰਘ ਬੁਰਜ ਥਰੋੜ ਆਦਿ ਬੁਲਾਰਿਆਂ ਨੇ ਸੰਬੋਧਨ ਕਰਦਿਆ ਕਿਹਾ ਕਿ ਪੰਜਾਬ ਵਿਚ ਨਸੇ ਦੇ ਸੁਦਾਗਰਾਂ ਦਾ ਵੱਧ ਰਿਹਾ ਬੋਲਬਾਲਾ ਚਿੰਤਾ ਦਾ ਵਿਸ਼ਾ ਹੈ। ਉਨ੍ਹਾਂ ਕਿਹਾ ਕਿ ਜਦੋਂ ਪੰਜਾਬ ਵਿਚ ਆਪ ਨੇ ਸੱਤਾ ਸੰਭਾਲੀ ਹੈ ਉਸ ਸਮੇਂ ਤੋਂ ਦੇ ਹੀਰਿਆਂ ਵਰਗੇ ਪੰਜਾਬ ਦੇ ਨੌਜਵਾਨਾਂ ਤੇ ਕਤਲ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਚਿੱਟਾ ਖਤਮ ਕਰਨ ਦੇ ਦਾਅਵੇ ਕਰਨ ਵਾਲੀ ਆਪ ਸਰਕਾਰ ਦੇ ਕਾਰਜਕਾਲ ਦੌਰਾਨ ਨਸੇ ਟੋਫੀਆ ਵਾਂਗ ਵਿਚ ਵਿਕ ਰਹੇ ਅਤੇ ਨਸ਼ਿਆ ਖਿਲਾਫ ਬੋਲਣ ਵਾਲਿਆ ਦੇ ਸਰੇਆਮ ਕਤਲ ਹੋ ਰਹੇ ਹਨ। ਵੱਖ ਵੱਖ ਬੁਲਾਰਿਆ ਨੇ ਕਿਹਾ ਕਿ ਸਿੱਧੂ ਮੂਸੇਵਾਲਾ, ਪਰਵਿੰਦਰ ਸਿੰਘ ਝੋਟਾ ਅਤੇ ਕਬੱਡੀ ਖਿਡਾਰੀਆਂ ਆਦਿ ਨੌਜਵਾਨਾਂ ਦੇ ਕਤਲ ਆਪ ਸਰਕਾਰ ਦੇ ਮੱਥੇ ਤੇ ਕਲੰਕ ਹਨ ਜੋ ਸੂਬਾ ਸਰਕਾਰ ਦੇ ਕੱਫਨ ਵਿਚ ਕਿੱਲ ਸਾਬਿਤ ਹੋਣਗੇ। ਇਸ ਮੌਕੇ ਨਾਇਬ ਤਹਿਸੀਲਦਾਰ ਭਗਤਾ ਭਾਈ ਨੂੰ ਨਸਿਆਂ ਦੇ ਸੁਦਾਗਰਾਂ ਖਿਲਾਫ ਸਖਤ ਕਾਰਵਾਈ ਅਤੇ ਪਰਵਿੰਦਰ ਸਿੰਘ ਝੋਟੇ ਦੇ ਪਰਿਵਾਰ ਨੂੰ ਇਨਸਾਫ ਸਬੰਧੀ ਮੰਗ ਪੱਤਰ ਦਿੱਤਾ ਗਿਆ।

> ਇਸ ਮੌਕੇ ਬੂਟਾ ਸਿੰਘ ਸਿੱਧੂ ਸਾਬਕਾ ਪ੍ਰਧਾਨ, ਤਰਸੇਮ ਸਿੰਘ ਮਨੇਜਰ ਐਸਜੀਪੀਸੀ, ਅੰਗਰੇਜ ਸਿੰਘ ਸਿਰੀਏਵਾਲਾ, ਪਰਮਿੰਦਰ ਸਿੰਘ ਜਲਾਲ, ਮਨਕੀਰਤ ਸਿੰਘ ਖਾਲਸਾ, ਹਰਜਿੰਦਰ ਸਿੰਘ ਸਿਰੀਏਵਾਲਾ, ਜਸਕਰਨ ਸਿੰਘ ਮਲੂਕਾ, ਜੀਤ ਸਿੰਘ ਖੂਹ ਵਾਲਾ, ਇੰਦਰਜੀਤ ਸਿੰਘ ਖਾਲਸਾ, ਜਸਪ੍ਰੀਤ ਸਿੰਘ ਬੂਟਾ, ਕੇਵਲ ਸਿੰਘ ਗਿੱਲ, ਲੱਕੀ ਜਲਾਲ, ਮੇਲਾ ਕੋਠਾ ਗੁਰੂ, ਗੋਪੀ ਭਗਤਾ ਆਦਿ ਹਾਜਰ ਸਨ।

# ਹਲਦਵਾਨੀ ਵਿੱਚ ਲਿਬਰਟੀ ਦੇ ਨਵੇਂ ਐਕਸਕਲੂਸਿਵ ਸ਼ੋਅਰੂਮ ਦਾ ਸ਼ਾਨਦਾਰ ਉਦਘਾਟਨ

ਸਾਂਝੀ ਖ਼ਬਰ




ਸੁਖਵਿੰਦਰ ਸੋਹੀ।
ਨੀਲੋਖੇੜੀ,

ਭਾਰਤ ਦੀ ਪ੍ਰਮੁੱਖ ਫੁੱਟਵੇਅਰ ਕੰਪਨੀਆਂ ਵਿੱਚ ਸ਼ਾਮਲ ਲਿਬਰਟੀ ਸ਼ੂਜ਼ ਲਿਮਟਿਡ ਨੇ ਉੱਤਰਾਖੰਡ ਵਿੱਚ ਆਪਣੇ ਰਿਟੇਲ ਨੈੱਟਵਰਕ ਦਾ ਵਿਸਥਾਰ ਕਰਦਿਆਂ ਹਲਦਵਾਨੀ ਵਿੱਚ ਨਵੇਂ ਐਕਸਕਲੂਸਿਵ ਸ਼ੋਅਰੂਮ ਦੀ ਸ਼ੁਰੂਆਤ ਕੀਤੀ ਹੈ। 15 ਅਕਤੂਬਰ 2026 ਨੂੰ ਮੈਸਰਜ਼ ਜਾਇਸਵਾਲ ਟ੍ਰੇਡਿੰਗ ਵੱਲੋਂ ਗੁਰੂ ਗੋਬਿੰਦ ਸਿੰਘ ਟਾਵਰ, ਟਿਕੋਨੀਆ ਚੌਂਕ ਦੇ ਨੇੜੇ, ਗਰਾਊਂਡ ਫਲੋਰ 'ਤੇ ਇਹ ਸ਼ੋਅਰੂਮ ਖੋਲ੍ਹਿਆ ਗਿਆ।

ਇਸ ਮੌਕੇ ਕੰਪਨੀ ਦੇ ਐਗਜ਼ੀ-ਕਿਊਟਿਵ ਡਾਇਰੈਕਟਰ ਰਮਨ ਬਾਂਸਲ ਨੇ ਕਿਹਾ ਕਿ ਲਿਬਰਟੀ ਸਟਾਈਲ, ਆਰਾਮ, ਗੁਣਵੱਤਾ ਅਤੇ ਵਾਜਬ ਕੀਮਤ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਉੱਤਰਾਖੰਡ ਕੰਪਨੀ ਲਈ ਮਹੱਤਵਪੂਰਨ ਬਾਜ਼ਾਰ ਹੈ ਅਤੇ ਇੱਥੇ ਗਾਹਕਾਂ ਨੂੰ ਬਿਹਤਰ ਫੁੱਟਵੇਅਰ ਮੁਹੱਈਆ ਕਰਵਾਉਣਾ ਕੰਪਨੀ ਦੀ ਤਰਜੀਹ ਹੈ।

ਨਵੇਂ ਸ਼ੋਅਰੂਮ ਵਿੱਚ ਪੁਰਸ਼ਾਂ, ਔਰਤਾਂ ਅਤੇ ਬੱਚਿਆਂ ਲਈ ਫਾਰਮਲ, ਕੈਜ਼ੂਅਲ, ਸਪੋਰਟਸ, ਸਕੂਲ ਅਤੇ ਰੋਜ਼ਾਨਾ ਵਰਤੋਂ ਵਾਲੀਆਂ ਜੁੱਤੀਆਂ ਦੀ ਵਿਸ਼ਾਲ ਰੇਂਜ ਉਪਲਬਧ ਹੋਵੇਗੀ। ਇਸ ਦੇ ਨਾਲ ਹੀ ਲਿਬਰਟੀ ਦੇ ਵੱਖ-ਵੱਖ ਬ੍ਰਾਂਡਾਂ ਅਤੇ ਲਾਈਫਸਟਾਈਲ ਐਕਸੈਸ-ਰੀਜ਼ ਵਿੱਚ ਪਰਸ, ਵਾਲਿਟ, ਜੁਰਾਬਾਂ, ਸਕੂਲ ਬੈਗ ਅਤੇ ਟਰੈਵਲ ਬੈਗ ਵੀ ਮਿਲਣਗੇ।

ਕੰਪਨੀ ਦੇ ਹੈੱਡ ਰਿਟੇਲ ਐਂਡ ਚੈਨਲ ਰਾਮਨਾਥ ਵਰਮਾ ਨੇ ਕਿਹਾ ਕਿ ਹਲਦਵਾਨੀ ਕੁਮਾਊਂ ਖੇਤਰ ਦਾ ਮਹੱਤਵਪੂਰਨ ਵਪਾਰਕ ਕੇਂਦਰ ਹੈ। ਇੱਥੇ ਨਵਾਂ ਸ਼ੋਅਰੂਮ ਖੋਲ੍ਹਣਾ ਕੰਪਨੀ ਦੀ ਵਿਸਥਾਰ ਯੋਜਨਾ ਦਾ ਅਹਿਮ ਹਿੱਸਾ ਹੈ। ਉਨ੍ਹਾਂ ਦੱਸਿਆ ਕਿ ਕੰਪਨੀ ਆਧੁਨਿਕ ਡਿਜ਼ਾਈਨ, ਨਵੀਂ ਤਕਨਾਲੋਜੀ ਅਤੇ ਬਿਹਤਰ ਗਾਹਕ ਸੇਵਾ ਰਾਹੀਂ ਲੋਕਾਂ ਨੂੰ ਵਧੀਆ ਖਰੀਦਦਾਰੀ ਦਾ ਤਜਰਬਾ ਦੇਣ ਲਈ ਵਚਨਬੱਧ ਹੈ।

ਜ਼ਿਕਰਯੋਗ ਹੈ ਕਿ ਲਿਬਰਟੀ ਦੀ ਸਥਾਪਨਾ 1954 ਵਿੱਚ ਹਰਿਆਣਾ ਦੇ ਕਰਨਾਲ ਵਿੱਚ ਹੋਈ ਸੀ। ਕੰਪਨੀ ਦੀਆਂ ਉਤਪਾਦਨ ਇਕਾਈਆਂ ਕਰਨਾਲ, ਘਰੌਂਡਾ, ਦੇਹਰਾਦੂਨ ਅਤੇ ਰੁੜਕੀ ਸਮੇਤ ਵੱਖ-ਵੱਖ ਥਾਵਾਂ 'ਤੇ ਸਥਿਤ ਹਨ। ਕੰਪਨੀ ਅਨੁਸਾਰ ਇੱਥੇ ਰੋਜ਼ਾਨਾ 50 ਹਜ਼ਾਰ ਤੋਂ ਵੱਧ ਜੋੜੇ ਫੁੱਟਵੇਅਰ ਤਿਆਰ ਕੀਤੇ ਜਾਂਦੇ ਹਨ।

ਇਸ ਮੌਕੇ ਹੈੱਡ ਮਰਚੈਂਡਾਈਜ਼ਰ ਵਿਸ਼ਾਲ ਪੁੰਡੀਰ, ਏਐੱਸਐੱਮ ਰਾਜੇਸ਼ ਸਿੰਘ ਅਤੇ ਕੰਪਨੀ ਦੇ ਹੋਰ ਅਧਿਕਾਰੀ ਵੀ ਮੌਜੂਦ ਸਨ। ਜਾਇਸਵਾਲ ਟ੍ਰੇਡਿੰਗ ਨੇ ਭਰੋਸਾ ਪ੍ਰਗਟਾਇਆ ਕਿ ਇਹ ਸ਼ੋਅਰੂਮ ਹਲਦਵਾਨੀ ਅਤੇ ਆਸ-ਪਾਸ ਦੇ ਗਾਹਕਾਂ ਲਈ ਖਰੀਦਦਾਰੀ ਦਾ ਪ੍ਰਮੁੱਖ ਕੇਂਦਰ ਬਣੇਗਾ।




SINCE 1978
AMRIK DHABA
PURE VEG.
BREAKFAST, LUNCH, DINNER
ORDER ONLINE ON ZOMATO & SWIGGY
zomato
SWIGGY
FULLY AC
HEAD OFFICE : MEHNA CHOWK, BATHINDA. PHONE : 0164-5007071, 9814129629.

ਅੰਮ੍ਰਿਤ ਪਵਾਰ
62804 94562



ਸਾਂਝੀ ਖ਼ਬਰ
ਸਾਂਝੀ ਖ਼ਬਰ
ਸ਼ੁੱਕਰਵਾਰ, 16 ਅਕਤੂਬਰ 2026

# ਹੋਸ਼ਿਆਰਪੁਰ ਐਸ ਡੀ ਕਾਲਜ ਥੀਮ ਗੀਤ ਜ਼ਾਰੀ ਨੋ ਚਲਾਨ ਕਰੋ ਧਿਆਨ



ਸਨਾਤਨ ਧਰਮ ਕਾਲਜ, ਹੁਸ਼ਿਆਰਪੁਰ ਵਿਖੇ ਡਾ. ਹੇਮਾ ਸ਼ਰਮਾ, ਸ਼੍ਰੀਗੋਪਾਲ ਸ਼ਰਮਾ ਅਤੇ ਪ੍ਰਿੰਸੀਪਲ ਡਾ. ਅਜੈ ਕੁਮਾਰ ਦੀ ਅਗਵਾਈ ਵਿੱਚ ਟ੍ਰੈਫਿਕ ਨਿਯਮਾਂ ਪ੍ਰਤੀ ਜਾਗਰੂਕਤਾ ਫੈਲਾਉਣ ਲਈ "ਨੋ ਚਲਾਨ ਕਰੋ ਧਿਆਨ" ਗੀਤ ਰਿਲੀਜ਼ ਕਰਨ ਲਈ ਇੱਕ ਵਿਸ਼ੇਸ਼ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਪ੍ਰੋਗਰਾਮ ਦੇ ਮੁੱਖ ਮਹਿਮਾਨ ਰਿਟਾਇਰਡ ਐਡੀਸ਼ਨਲ ਡੀ.ਜੀ.ਪੀ ਸ਼੍ਰੀ ਆਰ.ਪੀ. ਮਿੱਤਲ, ਆਈਪੀਐਸ, ਅਤੇ ਵਿਸ਼ੇਸ਼ ਮਹਿਮਾਨ ਸਾਬਕਾ ਐਮ.ਪੀ. ਸ਼੍ਰੀ ਅਵਿਨਾਸ਼ ਰਾਏ ਖੰਨਾ ਸਨ। ਗੀਤ ਦੇ ਨਿਰਦੇਸ਼ਕ ਡਾ.ਅਸ਼ੋਕ ਪੁਰੀ ਵੀ ਆਏ। ਪ੍ਰਿੰਸੀਪਲ ਡਾ. ਅਜੈ ਕੁਮਾਰ ਨੇ ਸੜਕ ਸੁਰੱਖਿਆ ਦੀ ਮਹੱਤਤਾ 'ਤੇ ਚਾਨਣਾ ਪਾਇਆ। ਡਾ. ਅਸ਼ੋਕ ਪੁਰੀ ਨੇ ਟ੍ਰੈਫਿਕ ਨਿਯਮਾਂ 'ਤੇ ਆਧਾਰਿਤ ਇਸ ਗੀਤ 'ਤੇ ਚਾਨਣਾ ਪਾਇਆ।

ਮੁੱਖ ਬੁਲਾਰੇ ਸ਼੍ਰੀ ਆਰ.ਪੀ. ਮਿੱਤਲ ਨੇ ਵਿਦਿਆਰਥੀਆਂ ਨੂੰ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰ ਨਾਲ ਵਾਹਨ ਚਲਾਉਣ ਲਈ ਪ੍ਰੇਰਿਤ ਕੀਤਾ।ਸ਼੍ਰੀ ਅਵਿਨਾਸ਼ ਰਾਏ ਖੰਨਾ ਨੇ ਕਿਹਾ ਕਿ ਨੌਜਵਾਨ ਟਰੈਫਿਕ ਨਿਯਮ ਸਮਝਣ। ਗੀਤ ਦੇ ਕਲਾਕਾਰ ਸ਼੍ਰੀ ਪਿੰਦਾ ਮਖੌਲੀਆ, ਸ਼੍ਰੀ ਸੰਜੂ ਅਰੋੜਾ, ਸ਼੍ਰੀ ਅਜੈ ਸਹਿਦੇਵ ਅਤੇ ਸ਼੍ਰੀ ਮਹੇਸ਼ ਕੁਮਾਰ ਮੌਜੂਦ ਸਨ। ਸ਼੍ਰੀ ਪ੍ਰਸ਼ਾਂਤ ਸੇਠੀ ਨੇ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ ਵਿਪਨ ਕੁਮਾਰ ਮੰਚ ਸੰਚਾਲਨ ਕਰ ਗਏ। _ਅੰਮ੍ਰਿਤ ਪਵਾਰ।

# ਹਰਿੰਦਰ ਭੁੱਲਰ ਕਰੇ ਅੱਜ ਮਿਲੂ _ਕਰਮਾਂ ਦੀ ਸਜ਼ਾ

ਐੱਚ ਬੀ ਰਿਕਾਰਡਜ਼ ਦੇ ਸਾਰੇ ਪ੍ਰੋਜੈਕਟਾਂ ਦੀ ਗੱਲ ਤਾਂ ਇਹ ਸਿਰੇ ਦੇ ਮਨੋਰੰਜਕ ਹੁੰਦੇ ਹਨ । ਇੱਕ ਤੇ ਓਹਨਾਂ ਚ ਹਰਿੰਦਰ ਭੁੱਲਰ ਦੀ ਦਿੱਖ ਜਚਦੀ ਬਹੁਤ ਦੂਜਾ ਇਹ ਹਰਿੰਦਰ ਭੁੱਲਰ ਦੀ ਖਾਸੀਅਤ ਓਹ ਹਰ ਰੋਲ ਚ ਜਚਦਾ ਹੈ।ਅੱਜ 16 ਅਕਤੂਬਰ ਨੂੰ ਹਰਿੰਦਰ ਭੁੱਲਰ ਦੀ ਲਿਖੀ ਤੇ ਖੁਦ ਸੰਪਾਦਿਤ ਕੀਤੀ ਫ਼ਿਲਮ "ਕਰਮਾਂ ਦੀ ਸਜ਼ਾ" ਰਲੀਜ਼ ਹੋ ਰਹੀ ਹੈ।ਨਵਪ੍ਰੀਤ ਕੌਰ ਭੁੱਲਰ ਇਸ ਦੀ ਨਿਰਮਾਤਾ ਨੇ ਕਿਹਾ ਕਿ ਫ਼ਿਲਮ ਦਾ ਵਿਸ਼ਾ ਵਸਤੂ ਦਮਦਾਰ ਹੈ ਤੇ ਨਾਲ ਹੀ ਲੋਕਾਂ ਦਾ ਖਿਆਲ ਰੱਖਿਆ ਗਿਆ ਹੈ ਕਿ ਇੱਕ ਵੀ ਦ੍ਰਿਸ਼ ਅਜਿਹਾ ਨਾ ਹੋਏ ਜਿਸ ਨੂੰ ਅੱਗੇ ਪਿੱਛੇ ਓਹ ਕਰਨ ਬਲ ਕਿ ਨਿਰੰਤਰ ਦੇਖਦੇ ਜਾਣ।ਫਿਲਮ ਦੀ ਫੋਟੋਗ੍ਰਾਫੀ ਗੁਲਸ਼ਨ ਗਿੱਲ ਨੇ ਆਕਰਸ਼ਕ ਕੀਤੀ ਹੈ ਤੇ ਬਾਕੀ ਤਕਨੀਕੀ ਕੰਮ ਨਾਲ ਲੰਕੇਸ਼ ਕਮਲ ਨੇ ਇਸ ਨੂੰ ਸਜਾਇਆ ਹੈ।ਅੱਜ ਸ਼ਾਮ 6 ਵਜੇ ਦਰਸ਼ਕ ਦੇਖ ਸਕਣਗੇ ਯੂਟਿਊਬ ਦੇ ਐੱਚ ਬੀ ਰਿਕਾਰਡਜ ਚੈਨਲ ਤੇ ਹਰਿੰਦਰ ਭੁੱਲਰ ਦੀ ਸ਼ਾਨਦਾਰ ਫਿਲਮ "ਕਰਮਾਂ ਦੀ ਸਜ਼ਾ" ਤੇ ਹਾਂ ਕਿਤੇ ਯੂਟਿਊਬ ਤੇ ਹੀ ਹਰਿੰਦਰ ਭੁੱਲਰ ਦੀ ਕਲਿਪ "ਕਰਵਾਚੋਥ " ਦੇਖਿਓ ਹੱਸਦਾ ਹੋਇਆ ਚਿਹਰਾ ਹੋ ਜਾਏਗਾ ਗੱਲ ਗੱਲ ਤੇ ਰੋਣ ਵਾਲੇ ਪਤੀ ਦਾ ਤੇ ਰੋਂਦੂ ਘਰਵਾਲੀ ਦਾ ਜੈ ਹੋ।_ਅੰਮ੍ਰਿਤ ਪਵਾਰ।




# ਭਗਵੰਤ ਕੰਗ ਦੀ ਕੁੜੀਆਂ ਦੇ ਦੇਖਣਯੋਗ ਫ਼ਿਲਮ ਗੁਨਾਹਾਂ ਦੇ ਫੁੱਲ

ਭਗਵੰਤ ਸਿੰਘ ਕੰਗ ਪੰਜਾਬੀ ਸ਼ੋਰਟ ਫ਼ਿਲਮਾਂ ਦੇ ਅਸਲ ਵਿੱਚ ਆਪਾਂ ਜਨਮਦਾਤਾ ਕਹਾਂਗੇ ਕਿਉਂ ਕਿ ਇਹ ਸਿਲਸਿਲਾ ਓਹਨਾਂ ਸਟਾਰਟ ਕੀਤਾ ਜਦ ਕਿ ਹੁਣ ਤੇ ਸ਼ੋਰਟ ਫ਼ਿਲਮਾਂ ਫੈਸ਼ਨ ਹੋ ਗਿਆ ਹੈ।ਭਗਵੰਤ ਸਿੰਘ ਕੰਗ ਦੀ ਖ਼ੂਬ ਗੱਲ ਇਹ ਕਿ ਓਹ ਹਰ ਵਰਗ ਦੀ ਸੰਤੁਸ਼ਟੀ ਕਰੀ ਜਾਏ ਫਿਲਮ ਡਾਇਰੈਕਟ ਕਰਦੇ ਹਨ।ਓਹਨਾਂ ਦੀ ਫ਼ਿਲਮ "ਗੁਨਾਹਾਂ ਦੇ ਫੁੱਲ" ਦੀ ਫਿਰ ਚਰਚਾ ਹੈ ਕਿਉਂ ਕਿ ਯੂਟਿਊਬ ਤੇ ਇਸ ਨੂੰ ਦਰਸ਼ਕ ਹੁੰਗਾਰਾ ਦੇ ਰਹੇ ਹਨ।ਅਸਲ ਚ ਦੀਪਤੀ ਬਬੂਟਾ ਦੀ ਸਾਹਿੱਤਕ ਕਹਾਣੀ ਦੇ ਕੰਗ ਕਾਯਲ ਤੇ ਓਹਨਾਂ ਦੀਪਤੀ ਬਬੂਟਾ ਦੀ ਕਹਾਣੀ ਤੇ ਇਹ ਸ਼ਾਨਦਾਰ ਫਿਲਮ ਬਣਾਈ।ਕਥਾ ਲਈ ਪਟਕਥਾ ਤੇ ਨਿਰਦੇਸ਼ਨ ਭਗਵੰਤ ਨੇ ਬਰੀਕੀ ਨਾਲ ਇਹ ਫ਼ਿਲਮ ਸਦਾਬਹਾਰ ਬਣਾ ਦਿੱਤੀ ਹੈ। ਸਤਿਆ ਸਿੰਘ ਤੇ ਜਸਬੀਰ ਰਿਸ਼ੀ ਦਾ ਸਾਥ ਭਗਵੰਤ ਕੰਗ ਦੇ ਪ੍ਰਤਿਭਾ ਵਾਲੇ ਦਿਲ ਦਿਮਾਗ ਨੂੰ ਸਕੂਨ ਦਿੰਦਾ ਹੈ ਤੇ ਇਸ ਸਕੂਨ ਨੇ ਲਿਆਂਦੀ ਫ਼ਿਲਮ "ਗੁਨਾਹਾਂ ਦੇ ਫੁੱਲ" ।_ਅੰਮ੍ਰਿਤ ਪਵਾਰ।



# ਸਰਗੁਨ ਮਹਿਤਾ ਸਹਿਯੋਗੀ ਤੇ ਹਸਮੁੱਖ ਹੀਰੋਇਨ ਐੱਚ ਆਰ ਡੀ ਸਿੰਘ

ਐੱਚ ਆਰ ਡੀ ਸਿੰਘ ਪਾਲੀਵੁੱਡ ਦੇ ਟੈਲੇਂਟ ਭਰਪੂਰ ਨਾਮਵਰ ਐਕਟਰ ਹਨ ਤੇ ਓਹ ਹਿੰਦੀ ਫ਼ਿਲਮਾਂ ਦੇ ਵਿੱਚ ਐਕਟਿੰਗ ਦੇ ਇਲਾਵਾ ਬਾਲੀਵੁੱਡ ਦੇ ਕਈ ਗੀਤ ਕਰ ਚੁੱਕੇ ਨੇ ਜਦ ਕਿ ਪੰਜਾਬੀ ਵੀਡੀਓ ਗੀਤਾਂ ਨੇ ਓਹਨਾਂ ਦੇ ਚਿਹਰੇ ਦੀ ਪੁਖਤਾ ਪਛਾਣ ਬਣਾਈ ਹੈ।ਐੱਚ ਆਰ ਡੀ ਸਿੰਘ ਨੇ ਸਰਗੁਨ ਮਹਿਤਾ ਨਾਲ ਕੁੱਝ ਪ੍ਰੋਜੈਕਟ ਕੀਤੇ ਨੇ ਤੇ ਓਹਨਾਂ ਕਿਹਾ ਕਿ ਸਰਗੁਨ ਮਹਿਤਾ ਆਪਣੇ ਨਾਂਅ ਦੇ ਅਨੁਕੂਲ ਸਾਰੇ ਗੁਣ ਰੱਖਦੀ ਹੈ ਤੇ ਓਹ ਸੋਹਣੀ ਵੀ ਰੱਜ ਕਿ , ਟੈਲੇਂਟ ਰੱਜ ਕਿ ਤੇ ਖਾਸ ਗੱਲ ਇਹ ਸਰਗੁਨ ਮਹਿਤਾ ਦੀ ਖ਼ੂਬੀ ਕਿ ਓਹ ਹਰੇਕ ਕਲਾਕਾਰ ਨਾਲ ਸਹਿਯੋਗ ਕਰਦੀ ਹੈ ਤੇ ਹਸਮੁੱਖ ਸੁਭਾਅ ਨਾਲ ਸਭ ਦੀਆਂ ਨਜ਼ਰਾਂ ਵਿੱਚ ਪਿਆਰੀ ਹੀਰੋਇਨ ਹੈ।ਰਵੀ ਦੂਬੇ ਤੇ ਸਰਗੁਨ ਮਹਿਤਾ ਦੇ ਪ੍ਰੋਜੈਕਟ ਵੀ ਐੱਚ ਆਰ ਡੀ ਸਿੰਘ ਨੂੰ ਕਾਫੀ ਫਾਇਦਾ ਦੇ ਸਕਦੇ ਹਨ ਤੇ ਐੱਚ ਆਰ ਡੀ ਸਿੰਘ ਆ ਰਹੇ ਟਾਈਮ ਦੌਰਾਨ ਅੰਤਰ ਰਾਸ਼ਟਰੀ ਪ੍ਰੋਜੈਕਟ ਕਰਦੇ ਵੀ ਦਿਖਾਈ ਦੇਣਗੇ।_ਅੰਮ੍ਰਿਤ ਪਵਾਰ।



# ਸੁਰਜੀਤ ਭੁੱਲਰ ਤੇ ਸਰਗੀ ਮਾਨ ਦਾ ਦੋਗਾਣਾ _ਮੋਹਾਲੀ




ਸੁਰਜੀਤ ਭੁੱਲਰ ਤੇ ਸਰਗੀ ਮਾਨ ਦੀਆਂ ਆਵਾਜ਼ਾਂ ਹਿੱਟ ਦੋਗਾਣਾ ਆਵਾਜ਼ਾਂ ਨੇ ਤੇ ਇਹਨਾਂ ਨੂੰ ਹੁਣ ਲੋਕ "ਮੋਹਾਲੀ " ਟਰੈਕ ਨਾਲ ਸੁਣ ਅਨੰਦ ਮਾਣ ਰਹੇ ਹਨ।ਗੀਤਕਾਰ ਬਿੱਟੂ ਚੀਮਾ ਹੈ ਤੇ ਬਿੱਟੂ ਹਮੇਸ਼ਾ ਸੁਰਜੀਤ ਭੁੱਲਰ ਦੇ ਸਵਾਦ ਅਨੁਸਾਰ ਗੀਤ ਲਿਖ ਕਿ ਦਿੰਦਾ ਹੈ। ਨਵਾਂ ਪਣ ਲੱਭਦੇ ਨੇ ਭੁੱਲਰ ਤੇ ਇਸ ਤਰਾਂ ਮਿਊਜ਼ਿਕ ਓਹਨਾਂ ਨੇ ਹੁਕਮ ਦਾ ਲਿਆ ਹੈ। ਮਨੀ ਸੰਧੂ ਇਸ ਗੀਤ ਜਿਹੜਾ ਦੋਗਾਣਾ ਹੈ ਦੇ ਨਿਰਮਾਤਾ ਹਨ।ਸਾਲ ਤੀਹ ਹੋ ਚਲੇ ਕਈ ਕਲਾਕਾਰ ਆਏ ਗਏ ਪਰ ਕਿਰਪਾ ਵਾਹਿਗੁਰੂ ਦੀ ਸੁਰਜੀਤ ਭੁੱਲਰ ਦੋਗਾਣਾ ਕਿੰਗ ਨੇ ਤੇ ਸੋਲੋ ਸਟਾਰ ਹਨ।
ਜੋਬਨ ਹੰਜਰਾ ਨੇ ਵੀਡੀਓ ਦਿਲਕਸ਼ ਬਣਾ ਕਿ ਦਿੱਤਾ ਹੈ।ਹੁਕਮ, ਬਿੱਟੂ ਚੀਮਾ ਦਾ ਸੰਗੀਤ ਤਾਲਮੇਲ, ਜੋਬਨ ਦਾ ਵੀਡੀਓ ਤੇ ਮਾਡਲ ਗੌਰੀ ਵਿਰਦੀ "ਮੋਹਾਲੀ " ਇੱਕ ਸੁਪਰ ਗੀਤ ਸੁਪਰ ਐਲਬਮ ਸੁਰਜੀਤ ਭੁੱਲਰ ਦਾ ਹੈ , ਸਰਗੀ ਮਾਨ ਦਾ ਹੈ।_ਅੰਮ੍ਰਿਤ ਪਵਾਰ।

# ਆਰਵ ਪ੍ਰੋਡਕਸ਼ਨ ਕਰ ਰਹੀ ਦਿਨ ਰਾਤ ਇੱਕ ਗੁਰਦਾਸ ਮਾਨ ਲਾਈਵ




25 ਅਕਤੂਬਰ ਆਉਣ ਲਈ ਚੰਦ ਦਿਨਾਂ ਵਕਫਾ ਬਾਕੀ ਤੇ ਆਰਵ ਪ੍ਰੋਡਕਸ਼ਨ ਪੰਜਾਬੀਆਂ ਦੇ ਸਟਾਰ ਗੁਰਦਾਸ ਮਾਨ ਨੂੰ ਅੰਮ੍ਰਿਤਸਰ ਲਾਈਵ ਸ਼ੋ ਚ ਮਨੋਰਜਨ ਦੇਣਾ ਕਾਮਯਾਬੀ ਲਈ ਦਿਨ ਰਾਤ ਇੱਕ ਹੈ।ਸਾਰੇ ਪ੍ਰਬੰਧ ਚੋਟੀ ਦੇ ਹੋਣ, ਕੋਈ ਪ੍ਰੇਸ਼ਾਨ ਨਾ ਹੋਏ ਆਰਵ ਪ੍ਰੋਡਕਸ਼ਨ ਹੁਣ ਤੋਂ ਕੋਸ਼ਿਸ਼ਾਂ ਕਰ ਰਹੀ ਹੈ।ਖਾਲਸਾ ਕਾਲਜ ਆਫ ਇੰ◌ੀਨੀਅਰਿੰਗ ਤੇ ਟਕਣਾਲਜੀ ਜਿਹੜਾ ਸੀ ਬਲਾਕ ਅੰਮ੍ਰਿਤਸਰ ਸਥਿਤ ਹੈ ਵਿਖੇ ਇਹ ਲਾਈਵ ਹੋਏਗਾ।ਸ਼ਾਮ ਛੇ ਵਜੇ ਦਾ ਵਕਤ ਦਰਸ਼ਕਾਂ ਤੇ ਸਰੋਤਿਆਂ ਲਈ ਰੱਖਿਆ ਗਿਆ ਹੈ।ਆਰਵ ਪ੍ਰੋਡਕਸ਼ਨ ਨੇ ਕਿਹਾ ਕਿ ਅੰਮ੍ਰਿਤਸਰ ਦੇ ਮਨੋਰੰਜਨ ਇਤਿਹਾਸ ਵਿੱਚ ਗੁਰਦਾਸ ਮਾਨ ਲਾਈਵ ਪਹਿਲੀ ਵਾਰ ਵੱਡੀ ਪੱਧਰ ਤੇ ਹੈ ਤੇ ਭਾਰਤ ਦੀ ਲੋਕ ਪ੍ਰਿਯ ਟਿਕਟ ਬੁੱਕ ਕੰਪਨੀ ਬੁੱਕ ਮਾਈ ਸ਼ੋ ਤੇ ਭਾਰਤ ਭਰ ਤੋਂ ਦਰਸ਼ਕ ਸ਼ੋ ਲਈ ਟਿਕਟਾਂ ਕਰ ਰਹੇ ਨੇ ਤੇ ਸ਼ੁੱਭ ਕਾਮਨਾਵਾਂ ਭੇਜ ਰਹੇ ਹਨ।ਤਾਂ ਹੀ ਆਰਵ ਪ੍ਰੋਡਕਸ਼ਨ ਅੱਛੇ ਪ੍ਰਬੰਧਾਂ ਨਾਲ ਇਹ ਲਾਈਵ ਪਹੁੰਚੇ ਦਿਨ ਰਾਤ ਇੱਕ ਕਰਦੀ ਪਈ ਹੈ।_ਅੰਮ੍ਰਿਤ ਪਵਾਰ।

# ਕਲਾ ਸੱਭਿਆਚਾਰ ਖੇਡਾਂ ਨਾਲ ਜਵਾਨੀ ਜੋੜਨੀ_ਗੁਰਵਿੰਦਰ ਸਿੰਘ ਰੰਧਾਵਾ



ਪੇਸ਼ੇ ਤੋਂ ਡਾਕਟਰੀ ਤੇ ਕੀਤੀ ਪਰ ਮਨ ਵਿੱਚ ਵਲਵਲੇ ਪੰਜਾਬ ਦੇ ਰੰਗਲੇ ਇਤਿਹਾਸ ਨੂੰ ਜੀਵਤ ਰੱਖਣ ਲਈ ਉਪਰਾਲੇ ਕਰਨ ਦਾ ਤੇ ਗੁਰਵਿੰਦਰ ਸਿੰਘ ਰੰਧਾਵਾ ਅੱਜ ਆਪਣੇ ਇਸ ਮੰਤਵ ਨੂੰ ਪੂਰਾ ਕਰਨ ਲਈ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਦਾ ਸਾਥ ਭਰਪੂਰ ਦੇ ਕਿ ਮਹਿਤਾ ਚੌਂਕ ਹੀ ਨਹੀਂ ਜੰਡਿਆਲਾ ਗੁਰੂ ਹਲਕੇ ਤੇ ਪੰਜਾਬ ਦੇ ਹੋਣਹਾਰ ਰਾਜਨੀਤੀ ਦੇ ਮਾਹਿਰ ਨੇ।ਗੁਰਵਿੰਦਰ ਸਿੰਘ ਰੰਧਾਵਾ ਨੇ ਜਵਾਨੀ ਨੂੰ ਨਸ਼ਿਆਂ ਤੋਂ ਦੂਰ ਕਰਨੈ ਖੇਡਾਂ ਨੂੰ ਉਤਸ਼ਾਹਿਤ ਲਈ ਸਟੇਡੀਅਮ, ਕਲਾ ਤੇ ਸੱਭਿਆਚਾਰ ਲਈ ਰੰਗਲੇ ਮੇਲੇ ਸਰਗਰਮ ਹਨ।ਆਪਣੀ ਜੀਵਨ ਸਾਥਣ ਦੇ ਸਹਿਯੋਗ ਨੂੰ ਓਹ ਆਪਣੀ ਕਿਸਮਤ ਦੀ ਸੁਨਹਿਰੀ ਰੇਖਾ ਆਖਦੇ ਨੇ ਤੇ ਗੁਰਵਿੰਦਰ ਸਿੰਘ ਰੰਧਾਵਾ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਮਹਿਤਾ ਰਹੇ ਨੇ ਤੇ ਆ ਰਹੇ ਟਾਈਮ ਦੇ ਓਹ ਪੰਜਾਬ ਪੱਧਰ ਦੇ ਚੇਅਰਮੈਨ ਬਣ ਖੇਡ ਕਲਾ ਤੇ ਸੱਭਿਆਚਾਰ ਨੂੰ ਉੱਨਤ ਕਰਨਗੇ।ਓਹਨਾਂ ਕਿਹਾ ਕਿ ਨਿੱਜੀ ਤੌਰ ਤੇ ਪਰਮਿੰਦਰ ਸਿੰਘ ਝੋਟਾ ਦੇ ਕਤਲ ਦਾ ਓਹਨਾਂ ਨੂੰ ਬਹੁਤ ਦੁੱਖ ਹੈ ਤੇ ਸਾਡੀ ਸਰਕਾਰ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦਿਵਾਏਗੀ।ਇਸ ਲਈ ਓਹ ਖੇਡ ਕਲਚਰ ਉਨੱਤ ਕਰਨ ਲਈ ਸਰਗਰਮ ਹਨ।_ਅੰਮ੍ਰਿਤ ਪਵਾਰ।

# ਨਰਾਤੇ ਭਗਤੀ ਭਾਵ ਨਾਲ ਮਨਾ ਰਹੇ ਨੇ _ਦਮਨ ਮਜੀਠੀਆ



ਦਮਨ ਮਜੀਠੀਆ ਇੱਕਲੇ ਮਨੋਰੰਜਕ ਚਿਹਰਾ ਹੀ ਨਹੀਂ ਬਲ ਕਿ ਓਹ ਭਗਤੀ ਭਾਵ ਵਾਲਾ ਵਤੀਰਾ ਵੀ ਰੱਖਦੇ ਹਨ।ਦਮਨ ਮਜੀਠੀਆ ਅੱਜ ਕਲ ਨਵਰਾਤਰੇ ਨੇ ਤੇ ਇਹ ਟਾਈਮ ਓਹ ਈਸ਼ਵਰ ਨੂੰ ਯਾਦ ਕਰ ਬਤੀਤ ਕਰ ਰਹੇ ਹਨ।ਦਮਨ ਮਜੀਠੀਆ ਮਾਤਾ ਰਾਣੀ ਦੇ ਮੰਦਿਰ ਗਏ ਤੇ ਓਹਨਾਂ ਨੇ ਲੋਕਾਂ ਨੂੰ ਕਿਹਾ ਕਿ ਈਸ਼ਵਰ ਸਾਧਨਾ ਵੀ ਲਾਜ਼ਮੀ ਹੈ।ਪੰਜਾਬੀ ਦੇ ਨਾਲ ਬਾਲੀਵੁੱਡ ਲਈ ਵੀ ਐਕਟ ਕਰ ਰਹੇ ਦਮਨ ਮਜੀਠੀਆ ਅਨੁਸਾਰ ਕੰਮ ਚਲਦੇ ਰਹਿਣੇ ਤੇ ਨਰਾਤੇ, ਦੁਸਹਿਰੇ ਦੀਵਾਲੀ ਇਹ ਸਾਨੂੰ ਈਸ਼ਵਰ ਦਾ ਚੇਤਾ ਰੱਖ ਚਲੋ ਦਾ ਧਿਆਨ ਦਿਵਾਉਂਦਾ ਟਾਈਮ ਤੇ ਤਿਉਹਾਰ ਹਨ।ਦਮਨ ਮਜੀਠੀਆ ਵੈੱਬ ਸੀਰੀਜ਼ ਤੇ ਸ਼ੋਰਟ ਫ਼ਿਲਮਾਂ ਦੇ ਇਲਾਵਾ ਵੀਡੀਓ ਗੀਤ ਵੀ ਕਰ ਰਹੇ ਨੇ ਤੇ ਓਹਨਾਂ ਕਿਹਾ ਕਿ ਓਹ ਰਾਮ ਲੀਲਾ ਚਾਅ ਨਾਲ ਦੇਖਦੇ ਸਨ , ਅੱਜ ਕਲ ਰਾਮ ਲੀਲਾ ਦਾ ਚਲਨ ਘੱਟ ਹੈ ਪਰ ਮਰਯਾਦਾ ਤਾਂ ਕਾਇਮ ਹੈ।_ਅੰਮ੍ਰਿਤ ਪਵਾਰ।

# ਦੋਗਾਣਾ ਗਾਇਕੀ ਦੀ ਚਮਕਦੀ ਜੋੜੀ_ਆਰ ਐਸ ਰੰਧਾਵਾ /ਗਗਨ



ਗੀਤਕਾਰ ਬਲਜੀਤ ਮਚਰਾਵਾਂ ਨੇ ਕਿਹਾ ਕਿ ਆ ਰਿਹਾ ਟਾਈਮ ਦੋਗਾਣਾ ਗਾਇਕੀ ਵਿੱਚ ਆਰ ਐਸ ਰੰਧਾਵਾ ਤੇ ਗਗਨ ਮੈਡਮ ਦਾ ਹੈ।ਬਲਜੀਤ ਅਨੁਸਾਰ ਆਰ ਐਸ ਰੰਧਾਵਾ ਦੀ ਆਵਾਜ਼ ਵਿੱਚ ਮਿਠਾਸ ਹੈ ਤੇ ਗਗਨ ਦੀਆਂ ਅਦਾਵਾਂ ਬਹੁਤ ਹੀ ਦਿਲਕਸ਼ ਹਨ।ਬਲਜੀਤ ਮਚਰਾਵਾਂ ਇਹਨਾਂ ਲਈ ਗੀਤ ਖਾਸ ਲਿਖ ਰਹੇ ਤੇ ਜਲਦੀ ਹੀ ਇੱਕ ਈ ਪੀ ਓਹ ਆਰ ਐਸ ਰੰਧਾਵਾ ਤੇ ਮੈਡਮ ਗਗਨ ਦੀ ਲਿਆ ਰਹੇ ਹਨ।ਬਲਜੀਤ ਮਚਰਾਵਾਂ ਮੁਤਾਬਿਕ ਹੋ ਸਕਦਾ ਹੈ ਐਪਲ ਰਿਕਾਰਡ ਤੋਂ ਰੰਧਾਵਾ ਤੇ ਮੈਡਮ ਗਗਨ ਦੀ ਇਹ ਈ ਪੀ ਐਚ ਆਰ ਵੀਡੀਓ ਦੇ ਵਦੋਜ ਨਾਲ ਆਏ।_ਅੰਮ੍ਰਿਤ ਪਵਾਰ।